ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਵੀਰਵਾਰ, 6 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੨੨ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਈ. ਡੀ. ਨੇ ਚਿੱਟ ਫੰਡ ਘਪਲੇ 'ਚ ਸਾਬਕਾ ਵਿਧਾਇਕ ਨਾਲ ਜੁੜੇ ਟਿਕਾਣਿਆਂ 'ਤੇ ਮਾਰੇ ਛਾਪੇ

**ਭੁਵਨੇਸ਼ਵਰ, 5 ਅਗਸਤ (ਆਵਾਜ਼ਿ ਕੌਮ ਬਿਊਰੋ)**- ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਬਹੁ-ਰਾਜੀ ਚਿੱਟ ਫੰਡ ਘਪਲੇ ਦੇ ਸਿਲਸਿਲੇ 'ਚ ਆਂਧਰਾ ਪ੍ਰਦੇਸ਼ ਦੇ ਸਾਬਕਾ ਵਿਧਾਇਕ ਮੱਲਾ ਵਿਜੇ ਪ੍ਰਸਾਦ ਨਾਲ ਜੁੜੇ ਟਿਕਾਣਿਆਂ 'ਚ ਤਲਾਸ਼ੀ ਮੁਹਿੰਮ ਚਲਾਈ। ਇਕ ਅਧਿਕਾਰੀ ਨੇ ਦੱਸਿਆ ਕਿ ਈਡੀ ਦੇ ਭੁਵਨੇਸ਼ਵਰ ਖੇਤਰੀ ਦਫ਼ਤਰ ਦੁਆਰਾ ਕੀਤੀ ਜਾ ਰਹੀ ਮਨੀ ਲਾਂਡਰਿੰਗ ਜਾਂਚ ਦੇ ਹਿੱਸੇ ਵਜੋਂ ਵਿਸ਼ਾਖਾਪਟਨਮ ਅਤੇ ਹੈਦਰਾਬਾਦ 'ਚ 7 ਥਾਵਾਂ 'ਤੇ ਤਲਾਸ਼ੀ ਲਈ ਗਈ। ਅਧਿਕਾਰੀ ਨੇ ਕਿਹਾ ਕਿ ਇਹ ਮਾਮਲਾ ਲਗਭਗ 3,000 ਕਰੋੜ ਰੁਪਏ ਦੇ ਕਥਿਤ ਚਿੱਟ ਫੰਡ ਘਪਲੇ ਨਾਲ ਸਬੰਧਤ ਹੈ। ਅਧਿਕਾਰੀਆਂ ਨੇ ਕਿਹਾ ਕਿ ਵਿਸ਼ਾਖਾਪਟਨਮ ਵੈਸਟ ਦੇ ਸਾਬਕਾ ਵਿਧਾਇਕ ਵੈਲਫੇਅਰ ਬਿਲਡਿੰਗਜ਼ ਐਂਡ ਅਸਟੇਟਸ ਪ੍ਰਾਈਵੇਟ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸਨ ਅਤੇ ਉਨ੍ਹਾਂ ਦੀ ਕੰਪਨੀ ਨੇ ਕਥਿਤ ਤੌਰ 'ਤੇ 2009 ਅਤੇ 2014 ਦੇ ਵਿਚਕਾਰ ਓਡੀਸ਼ਾ ਅਤੇ ਹੋਰ ਰਾਜਾਂ 'ਚ ਨਿਵੇਸ਼ਕਾਂ ਤੋਂ ਵੱਖ-ਵੱਖ ਨਿਵੇਸ਼ ਯੋਜਨਾਵਾਂ ਦੇ ਤਹਿਤ ਉੱਚ ਰਿਟਰਨ ਦਾ ਵਾਅਦਾ ਕਰਕੇ ਫੰਡ ਇਕੱਠੇ ਕੀਤੇ ਸਨ, ਪਰ ਬਾਅਦ 'ਚ ਭੁਗਤਾਨ ਤੋਂ ਮੁਕਰ ਗਏ। ਸੀਬੀਆਈ ਨੇ ਪਹਿਲਾਂ ਕਥਿਤ ਧੋਖਾਧੜੀ ਦੇ ਸਬੰਧ 'ਚ ਕੰਪਨੀ ਵਿਰੁੱਧ ਕੇਸ ਦਰਜ ਕੀਤਾ ਸੀ। ਅਧਿਕਾਰੀਆਂ ਨੇ ਕਿਹਾ ਕਿ ਓਡੀਸ਼ਾ ਪੁਲਸ ਨੇ ਕਈ ਐੱਫਆਈਆਰ ਵੀ ਦਰਜ ਕੀਤੀਆਂ ਸਨ। ਉਨ੍ਹਾਂ ਕਿਹਾ ਕਿ ਪ੍ਰਸਾਦ ਨੂੰ 2021 'ਚ ਓਡੀਸ਼ਾ ਪੁਲਸ ਦੀ ਆਰਥਿਕ ਅਪਰਾਧ ਸ਼ਾਖਾ ਨੇ ਇਸ ਮਾਮਲੇ ਦੇ ਸਬੰਧ 'ਚ ਵਿਸ਼ਾਖਾਪਟਨਮ ਤੋਂ ਗ੍ਰਿਫ਼ਤਾਰ ਕੀਤਾ ਸੀ ਅਤੇ ਬਾਅਦ 'ਚ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ ਗਿਆ ਸੀ।

### ਕਾਕਰੋਚ ਪ੍ਰਦਰਸ਼ਨ 'ਚ ਆਈਐਸਆਈ ਵੱਲੋਂ ਰਚੀ ਜਾ ਰਹੀ ਸੀ

# ਪੈਟਰੋਲ ਬੰਬਾਂ ਨਾਲ ਧਮਾਕੇ ਦੀ ਸਾਜ਼ਿਸ਼ !

**ਅੰਮ੍ਰਿਤਸਰ, 5 ਅਗਸਤ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਦੋ ISI-ਸਮਰਥਿਤ ਅੱਤਵਾਦੀ ਮਾਡਿਊਲਾਂ ਦਾ ਪਰਦਾਫਾਸ਼ ਕੀਤਾ ਅਤੇ ਕੁੱਲ ਨੌਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ, ਜਿਨ੍ਹਾਂ ਵਿੱਚ ਚਾਰ ਨਾਬਾਲਗ ਅਤੇ ਪੰਜ ਬਾਲਗ ਸ਼ਾਮਲ ਹਨ। ਪੈਟਰੋਲ ਬੰਬ, ਮਾਡਿਊਲ ਦੇ ਜ਼ਿਆਦਾਤਰ ਮੈਂਬਰ ਨਾਬਾਲਗ ਹਨ। ਗਿਰੋਹ ਦੇ 8 ਮੈਂਬਰ ਜੰਤਰ-ਮੰਤਰ ਵਿਖੇ ਵਿਰੋਧ ਸਥਾਨ 'ਤੇ ਵੀ ਗਏ, ਜਿੱਥੇ ਉਨ੍ਹਾਂ ਨੂੰ ਕਥਿਤ ਤੌਰ 'ਤੇ ਸਥਾਨਕ ਲੌਜਿਸਟਿਕਲ ਸਹਾਇਤਾ ਪ੍ਰਾਪਤ ਹੋਈ, ਜਿਸ ਵਿੱਚ ਪੈਟਰੋਲ ਬੰਬ ਬਣਾਉਣ ਲਈ ਸਮੱਗਰੀ ਵੀ ਸ਼ਾਮਲ ਸੀ। ਪੁਲਿਸ ਦਾ ਦਾਅਵਾ ਹੈ ਕਿ ਇਹ ਸਹਾਇਤਾ ਪਾਕਿਸਤਾਨ ਵਿੱਚ ਸਥਿਤ ਇੱਕ ISI ਹੈਂਡਲਰ ਵੱਲੋਂ ਦਿੱਤੀ ਗਈ ਸੀ। ਅੰਮ੍ਰਿਤਸਰ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ, "ਦੋ ISI-ਸਮਰਥਿਤ ਅੱਤਵਾਦੀ ਮਾਡਿਊਲਾਂ ਦਾ ਪਰਦਾਫਾਸ਼ ਕੀਤਾ ਗਿਆ ਹੈ ਅਤੇ ਉਨ੍ਹਾਂ ਦੇ ਪੂਰੇ ਨੈੱਟਵਰਕ ਨੂੰ ਖਤਮ ਕਰ ਦਿੱਤਾ ਗਿਆ ਹੈ। ਕੁੱਲ ਨੌਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਚਾਰ ਨਾਬਾਲਗ ਸ਼ਾਮਲ ਹਨ। ਇੱਕ ਮਾਡਿਊਲ ਰੇਲਵੇ ਪਟੜੀਆਂ ਦੇ ਉੱਪਰ ਕੈਮਰੇ ਲਗਾ ਰਿਹਾ ਸੀ। ਕੈਮਰਾ ਫੀਡ ਸਰਹੱਦ ਪਾਰ ਭੇਜੀ ਜਾਣੀ ਸੀ। ਪੁਲਿਸ ਨੇ ਸਮੇਂ ਸਿਰ ਜਾਣਕਾਰੀ ਪ੍ਰਾਪਤ ਕੀਤੀ ਅਤੇ ਮੁਲਜ਼ਮਾਂ ਨੂੰ ਕੈਮਰਿਆਂ ਸਮੇਤ ਗ੍ਰਿਫ਼ਤਾਰ ਕੀਤਾ। ਕੈਮਰੇ ਅਤੇ ਹੋਰ ਖਰਚੇ ਹਵਾਲਾ ਰਾਹੀਂ ਪ੍ਰਬੰਧ ਕੀਤੇ ਗਏ ਸਨ।" ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਸੂਚਨਾ ਦੇ ਆਧਾਰ 'ਤੇ ਰਾਜਾਸਾਂਸੀ ਦੇ ਰਹਿਣ ਵਾਲੇ ਸੁਖਮਨ ਸਿੰਘ ਅਤੇ ਉਸਦੇ ਤਿੰਨ ਨਾਬਾਲਗ ਸਾਥੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਤੋਂ ਚਾਰ ਬੋਤਲ ਬੰਬ, ਦੋ ਪਿਸਤੌਲ, ਇੱਕ ਲਾਈਟਰ ਅਤੇ ਨੌਂ ਕਾਰਤੂਸ ਬਰਾਮਦ ਕੀਤੇ ਗਏ ਹਨ। ਸੁਖਮਨ ਨੇ ਮੰਨਿਆ ਕਿ ਉਹ ਪਾਕਿਸਤਾਨ ਸਥਿਤ ਇੱਕ ਆਈਐਸਆਈ ਹੈਂਡਲਰ ਦੇ ਸੰਪਰਕ ਵਿੱਚ ਸੀ ਅਤੇ ਉਸਨੂੰ ਜੰਤਰ-ਮੰਤਰ 'ਤੇ ਹਮਲਾ ਕਰਨ ਦਾ ਕੰਮ ਸੌਂਪਿਆ ਗਿਆ ਸੀ। ਉਹ ਅੱਠ ਸਾਥੀਆਂ ਨਾਲ ਉੱਥੇ ਗਿਆ ਸੀ ਪਰ ਸਾਜ਼ਿਸ਼ ਵਿੱਚ ਸਫਲ ਨਹੀਂ ਹੋ ਸਕਿਆ। ਉਹ ਪੰਜਾਬ ਵਿੱਚ ਪੁਲਿਸ ਇਮਾਰਤਾਂ ਦੀ ਰੇਕੀ ਕਰ ਰਹੇ ਸਨ ਅਤੇ ਉਨ੍ਹਾਂ ਨੂੰ ਪੁਲਿਸ ਮੁਲਾਜ਼ਮਾਂ ਦੀ ਰੇਕੀ ਕਰਨ ਲਈ ਵੀ ਕਿਹਾ ਗਿਆ ਸੀ। ਇੱਕ ਹੋਰ ਗਿਰੋਹ ਦੇ ਮੁਲਜ਼ਮਾਂ ਨੇ ਰੇਲਵੇ ਪਟੜੀਆਂ 'ਤੇ ਸੀਸੀਟੀਵੀ ਕੈਮਰੇ ਲਗਾਏ ਸਨ ਅਤੇ ਫੁਟੇਜ ਆਈਐਸਆਈ ਨੂੰ ਭੇਜੀ ਸੀ। ਇਨ੍ਹਾਂ ਮੁਲਜ਼ਮਾਂ ਦੀ ਪਛਾਣ ਅੰਮ੍ਰਿਤਸਰ ਦੇ ਮੋਹਕਮਪੁਰਾ ਦੇ ਰਹਿਣ ਵਾਲੇ ਵੰਸ਼ ਕੁਮਾਰ, ਰਾਜਾਸਾਂਸੀ ਦੇ ਝੰਜੋਟੀ ਪਿੰਡ ਦੇ ਰਹਿਣ ਵਾਲੇ ਹਰਮਨ ਸਿੰਘ ਅਤੇ ਸੁਖਦੇਵ ਸਿੰਘ, ਜੋਠ ਪਿੰਡ ਦੇ ਰਹਿਣ ਵਾਲੇ ਸੁਖਮਨ ਅਤੇ ਇੱਕ ਨਾਬਾਲਗ ਵਜੋਂ ਹੋਈ ਹੈ। ਸੀਪੀ ਅੰਮ੍ਰਿਤਸਰ ਨੇ ਦੱਸਿਆ ਕਿ ਦੂਜੇ ਮਾਡਿਊਲ ਨੂੰ ISI ਹੈਂਡਲਰਾਂ ਵੱਲੋਂ ਪੈਟਰੋਲ ਬੰਬ ਬਣਾਉਣ ਅਤੇ ਸੁੱਟਣ ਦੀ ਸਿਖਲਾਈ ਦਿੱਤੀ ਗਈ ਸੀ। ਸਿਖਲਾਈ ਦੌਰਾਨ, ਉਨ੍ਹਾਂ ਨੂੰ ਪੁਲਿਸ ਅਤੇ ਹੋਰ ਸੁਰੱਖਿਆ ਏਜੰਸੀਆਂ 'ਤੇ ਹਮਲਿਆਂ ਲਈ ਜਾਸੂਸੀ ਕਰਨ ਦੇ ਨਿਰਦੇਸ਼ ਵੀ ਦਿੱਤੇ ਗਏ ਸਨ। ਇਨ੍ਹਾਂ ਅੱਠ ਵਿਅਕਤੀਆਂ ਨੇ ਜੰਤਰ-ਮੰਤਰ 'ਤੇ ਚੱਲ ਰਹੇ ਵਿਰੋਧ ਪ੍ਰਦਰਸ਼ਨ ਵਿੱਚ ਵੀ ਹਿੱਸਾ ਲਿਆ ਸੀ। ਉਨ੍ਹਾਂ ਨੂੰ ਸਥਾਨਕ ਸਹਾਇਤਾ ਪ੍ਰਦਾਨ ਕੀਤੀ ਗਈ ਸੀ। ਉਨ੍ਹਾਂ ਨੂੰ ਪੈਟਰੋਲ ਬੰਬ ਅਤੇ ਹੋਰ ਸਮੱਗਰੀ ਵੀ ਪ੍ਰਦਾਨ ਕੀਤੀ ਗਈ ਸੀ, ਪਰ ਕਿਸੇ ਕਾਰਨ ਕਰਕੇ, ਉਹ ਆਪਣੀਆਂ ਯੋਜਨਾਵਾਂ ਨੂੰ ਪੂਰਾ ਕਰਨ ਵਿੱਚ ਅਸਮਰੱਥ ਸਨ। ਇਹ ਇੱਕ ਵੱਡੀ ਸਫਲਤਾ ਹੈ। ਇਸਤੋਂ ਇਲਾਵਾ, ਦੂਜੇ ਪੰਜ ਮੁਲਜ਼ਮਾਂ ਵਿੱਚ 19 ਸਾਲਾ ਵੰਸ਼, ਜੋ 10ਵੀਂ ਤੱਕ ਪੜ੍ਹਿਆ ਹੈ ਅਤੇ ਇਸ ਵੇਲੇ ਬੇਰੁਜ਼ਗਾਰ ਹੈ, 24 ਸਾਲਾ ਹਰਮਨ ਸਿੰਘ, ਜੋ ਚਾਹ ਦੀ ਦੁਕਾਨ 'ਤੇ ਕੰਮ ਕਰਦਾ ਹੈ ਅਤੇ ਪਹਿਲਾਂ ਤੋਂ ਅਸਲਾ ਐਕਟ ਦੇ ਮਾਮਲੇ ਵਿੱਚ ਨਾਮਜ਼ਦ ਹੈ, 30 ਸਾਲਾ ਸੁਖਦੇਵ, ਜੋ ਪੇਸ਼ੇ ਤੋਂ ਡਰਾਈਵਰ ਹੈ ਅਤੇ ਉਸ ਖ਼ਿਲਾਫ਼ ਵੀ ਅਸਲਾ ਐਕਟ ਦਾ ਮਾਮਲਾ ਦਰਜ ਹੈ, 20 ਸਾਲਾ ਬੇਰੁਜ਼ਗਾਰ ਅਨਮੋਲ ਸਿੰਘ ਅਤੇ 19 ਸਾਲਾ ਸੁਖਮਨ ਸਿੰਘ ਸ਼ਾਮਲ ਹਨ, ਜੋ ਖੇਤਾਂ ਵਿੱਚ ਟਰੈਕਟਰ ਚਲਾਉਣ ਦਾ ਕੰਮ ਕਰਦਾ ਹੈ।





## ਵਿਧਾਨ ਸਭਾ 'ਚ ਗਨੀਵ ਮਜੀਠੀਆ ਦਾ ਵੱਡਾ ਹਮਲਾ, ਪੁੱਛਿਆ- 'ਆਪ' ਦਾ ਗੁਪਤ ਸਲਾਹਕਾਰ ਕੌਣ, ਕੀ ਗੁਰੂ ਨਾਲ ਟੱਕਰ ਲਵੋਗੇ ?

**ਚੰਡੀਗੜ੍ਹ, 5 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੀ ਵਿਧਾਇਕ ਗਨੀਵ ਕੌਰ ਨੇ ਸਿਫ਼ਰ ਕਾਲ ਦੌਰਾਨ ਕਿਹਾ ਕਿ ਅਸੀਂ ਕੁਝ ਦਿਨ ਪਹਿਲਾਂ ਸ੍ਰੀ ਅਕਾਲ ਤਖ਼ਤ ਸਾਹਿਬ ਗਏ ਸੀ। ਉੱਥੇ, ਅਸੀਂ ਅਰਦਾਸ ਕੀਤੀ ਅਤੇ ਕਿਹਾ ਕਿ ਐਕਟ ਵਿਚ ਸੋਧ ਕੀਤੀ ਜਾਵੇਗੀ। ਸਪੀਕਰ ਸਾਹਿਬ, ਦੋ ਦਿਨ ਪਹਿਲਾਂ, ਤੁਸੀਂ ਕਿਹਾ ਸੀ ਕਿ ਸੰਗਤ ਗੁਰੂ ਤੋਂ ਉੱਪਰ ਹੈ। ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਜਵਾਬ ਦਿੱਤਾ ਕਿ ਇਹ ਮੇਰੀ ਰਾਏ ਨਹੀਂ ਹੈ; ਇਹ ਪੰਥ ਅਤੇ ਗੁਰੂ ਸਾਹਿਬ ਦੀ ਰਾਏ ਹੈ। ਗਨੀਵ ਕੌਰ ਨੇ ਜਵਾਬ ਦਿੱਤਾ ਕਿ ਪਰ ਸੰਗਤ ਉਹ ਹੈ ਜੋ ਪਰਮਾਤਮਾ ਦਾ ਨਾਮ ਲੈਂਦੀ ਹੈ। ਸੰਗਤ ਉਹ ਹੈ ਜੋ ਗੁਰਬਾਣੀ ਦਾ ਜਾਪ ਕਰਦੀ ਹੈ। ਅਸੈਂਬਲੀ ਵਿਚ ਬੈਠੇ ਲੋਕ ਗੁਰੂ ਦੀ ਸੰਗਤ ਨਹੀਂ ਹਨ। ਇੱਥੇ ਅਸੀਂ ਵਿਧਾਇਕ ਅਤੇ ਮੰਤਰੀ ਹਾਂ। ਗੁਰੂ ਦੀ ਸੰਗਤ ਅਕਾਲ ਤਖ਼ਤ 'ਤੇ ਸੀ। ਅਸੀਂ ਉੱਥੇ ਕਿਹਾ ਸੀ ਕਿ ਅਸੀਂ ਸੋਧਾਂ ਕਰਾਂਗੇ। ਕੀ ਅਸੀਂ ਹੁਣ ਆਪਣੇ ਵਾਅਦੇ ਤੋਂ ਮੁੱਕਰ ਗਏ ਹਾਂ ? ਅਕਾਲ ਤਖ਼ਤ ਸਾਹਿਬ ਨੇ ਇਕ ਕਮੇਟੀ ਬਣਾਈ, ਪਰ ਕਿਸੇ ਨੇ ਉਸ ਨਾਲ ਗੱਲ ਨਹੀਂ ਕੀਤੀ। ਸਰਕਾਰ ਨੇ ਡਿਪਟੀ ਕਮਿਸ਼ਨਰ ਨੂੰ ਉੱਥੇ ਭੇਜਿਆ ਅਤੇ ਨਿੱਝਰ ਸਾਹਿਬ ਵੀ ਉਨ੍ਹਾਂ ਦੇ ਨਾਲ ਸਨ। ਉੱਥੇ ਕਿਹਾ ਗਿਆ ਕਿ ਇਕ ਗੁਪਤ ਸਲਾਹਕਾਰ ਨਾਲ ਸਲਾਹ ਕੀਤੀ ਗਈ ਸੀ। ਉਹ ਸਲਾਹਕਾਰ ਕੌਣ ਹੈ ? ਗੁਰੂ ਤੋਂ ਉੱਪਰ ਕੋਈ ਸਲਾਹਕਾਰ ਨਹੀਂ ਹੈ। ਮੈਂ ਜਾਣਨਾ ਚਾਹੁੰਦੀ ਹਾਂ ਕਿ ਕੀ ਸਰਕਾਰ ਗੁਰੂ ਦਾ ਸਾਹਮਣਾ ਕਰੇਗੀ ? ਕੀ ਇਹ ਗੁਰੂ ਸਾਹਿਬ ਨੂੰ ਚੁਣੌਤੀ ਦੇਵੇਗੀ ? ਤੁਸੀਂ ਕਹਿੰਦੇ ਹੋ ਕਿ ਬੇਅਦਬੀ ਹੋਈ ਸੀ, ਤਾਂ ਅਜੇ ਤੱਕ ਕੋਈ ਕਾਰਵਾਈ ਕਿਉਂ ਨਹੀਂ ਕੀਤੀ ਗਈ ?÷ ਇਸ ਦਾ ਜਵਾਬ ਦਿੰਦੇ ਹੋਏ ਸਪੀਕਰ ਸੰਧਵਾ ਨੇ ਕਿਹਾ ਕਿ ਤੁਹਾਨੂੰ ਆਪਣੇ ਧਾਰਮਿਕ ਗਿਆਨ ਨੂੰ ਸੁਧਾਰਨਾ ਚਾਹੀਦਾ ਹੈ। ਕੋਈ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਚੁਣੌਤੀ ਦੇਣ ਦੀ ਹਿੰਮਤ ਨਹੀਂ ਕਰਦਾ। ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਧਰਮ ਦਾ ਮਾਣ ਹੈ, ਇਹ ਮਹਾਨ ਹੈ। ਤੁਹਾਨੂੰ ਧਾਰਮਿਕ ਰੀਤੀ-ਰਿਵਾਜਾਂ ਬਾਰੇ ਆਪਣੇ ਧਾਰਮਿਕ ਗਿਆਨ ਨੂੰ ਸੁਧਾਰਨਾ ਚਾਹੀਦਾ ਹੈ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸ਼ੋਸ਼ਲ ਮੀਡੀਆ ਤੇ ਪੋਸਟ ਸ਼ੇਅਰ ਕਰਦਿਆ ਲਿਖਿਆ ਕਿ 'ਹੁਣੇ ਪਤਾ ਲੱਗਾ ਹੈ ਕਿ ਆਮ ਆਦਮੀ ਪਾਰਟੀ ਦੇ ਮੰਤਰੀਆਂ ਅਤੇ ਵਿਧਾਇਕਾਂ ਨੇ ਮਜੀਠਾ ਤੋਂ ਅਕਾਲੀ ਵਿਧਾਇਕਾ ਗਨੀਵ ਕੌਰ ਮਜੀਠੀਆ ਨੂੰ ਧਮਕੀਆਂ ਦਿੱਤੀਆਂ ਅਤੇ ਉਹਨਾਂ 'ਤੇ ਅਪਮਾਨਜਨਕ ਟਿੱਪਣੀਆਂ ਕੀਤੀਆਂ। ਜਦੋਂ ਗਨੀਵ ਕੌਰ ਨੇ ਵਿਧਾਨ ਸਭਾ ਦੇ ਵੈਲ ਵਿੱਚ ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ 'ਆਪ' ਲੀਡਰਸ਼ਿਪ ਵਿਰੁੱਧ ਵਿਰੋਧ ਪ੍ਰਦਰਸ਼ਨ ਕੀਤਾ ਕਿਉਂਕਿ ਉਨ੍ਹਾਂ ਨੇ ਆਪਣੇ ਆਪ ਨੂੰ ਅਤੇ ਉਨ੍ਹਾਂ ਦੇ ਸਮਰਥਕਾਂ ਨੂੰ "ਸੰਗਤ" ਨਾਲ ਜੋੜਿਆ ਅਤੇ ਸੰਗਤ ਨੂੰ "ਗੁਰੂ" ਤੋਂ ਉੱਪਰ ਦੱਸਿਆ ਸੀ । ਸ਼੍ਰੋਮਣੀ ਅਕਾਲੀ ਦਲ ਸਾਰੇ ਦੋਸ਼ੀ 'ਆਪ' ਆਗੂਆਂ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ ਕਰਦਾ ਹੈ। ਅਜਿਹਾ ਨਾ ਕਰਨ 'ਤੇ ਅਸੀਂ ਇਸ ਮੁੱਦੇ ਨੂੰ ਲੋਕਾਂ ਦੀ ਅਦਾਲਤ ਵਿੱਚ ਲੈ ਜਾਵਾਂਗੇ ਅਤੇ ਵਿਧਾਨ ਸਭਾ ਵਿੱਚ ਔਰਤਾਂ ਦੇ ਸਤਿਕਾਰ 'ਤੇ ਹਮਲਾ ਕਰਨ ਵਾਲੀ ਇਸ ਔਰਤ ਵਿਰੋਧੀ ਸਰਕਾਰ ਦਾ ਪਰਦਾਫਾਸ਼ ਕਰਾਂਗੇ।'



## ਮੀਰੀ ਪੀਰੀ ਖ਼ਾਲਸਾ ਮਾਰਚ ਦਾ ਪਹਿਲਾ ਪੜਾਅ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਸੰਪੂਰਨ; ਦੂਜਾ ਪੜਾਅ 23 ਅਗਸਤ ਤੋਂ ਸ਼ੁਰੂ ਹੋਵੇਗਾ

**ਅੰਮ੍ਰਿਤਸਰ, 5 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਤੋਂ 24 ਜੁਲਾਈ ਨੂੰ ਪਹਿਲੇ ਪੜਾਅ ਦੇ ਤਹਿਤ ਆਰੰਭ ਹੋਇਆ 'ਮੀਰੀ ਪੀਰੀ ਖ਼ਾਲਸਾ ਮਾਰਚ' ਪੰਜਾਬ ਦੇ ਮਾਝਾ ਤੇ ਮਾਲਵਾ ਖੇਤਰ ਵਿੱਚ ਸਿੱਖੀ ਪ੍ਰਚਾਰ ਪ੍ਰਸਾਰ ਕਰਦਿਆਂ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਸਿੱਖ ਸੰਗਤ ਨੂੰ ਕੌਮੀ ਸਨੇਹੇ ਦਿੰਦਾ ਹੋਇਆ ਬੀਤੀ ਰਾਤ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਖ਼ਾਲਸਈ ਜਾਹੋ ਜਲਾਲ ਤੇ ਭਰਵੀਂ ਸੰਗਤ ਦੀ ਸ਼ਮੂਲੀਅਤ ਨਾਲ ਸੰਪੂਰਨ ਹੋਇਆ। ਖ਼ਾਲਸਾ ਮਾਰਚ ਦੇ ਦਮਦਮਾ ਸਾਹਿਬ ਪਹੁੰਚਣ ਉੱਤੇ ਸੰਗਤ ਵੱਲੋਂ ਆਤਿਸ਼ਬਾਜ਼ੀ ਕਰਕੇ ਸੁਆਗਤ ਕੀਤਾ ਗਿਆ। ਮੀਰੀ ਪੀਰੀ ਖ਼ਾਲਸਾ ਮਾਰਚ ਦੌਰਾਨ ਜਿੱਥੇ ਪੰਥ ਦੀਆਂ ਸਮੂਹ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲ ਪੰਥਾਂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਚੰਗਾ ਸਹਿਯੋਗ ਰਿਹਾ ਉੱਥੇ ਹੀ ਸਿੱਖ ਸੰਗਤ ਨੇ ਵੀ ਹਰ ਪਾਸੇ ਭਰਵੀਂ ਸ਼ਮੂਲੀਅਤ ਕਰਕੇ ਸੁਆਗਤ ਕੀਤਾ, ਜਿਸ ਲਈ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸਭ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ। ਉਨ੍ਹਾਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦਾ ਵਿਸ਼ੇਸ਼ ਧੰਨਵਾਦ ਕੀਤਾ ਜੋ ਖ਼ਾਲਸਾ ਮਾਰਚ ਵਿੱਚ ਲਗਾਤਾਰ ਹਰ ਰੋਜ਼ ਉਤਸ਼ਾਹ ਨਾਲ ਸ਼ਮੂਲੀਅਤ ਕਰਦੇ ਰਹੇ ਅਤੇ ਸਮੁੱਚੇ ਪ੍ਰਬੰਧ ਆਪ ਦੇਖਦੇ ਰਹੇ। ਉਨ੍ਹਾਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਟੇਕ ਸਿੰਘ ਦਾ ਵੀ ਖ਼ਾਲਸਾ ਮਾਰਚ ਦੌਰਾਨ ਹਾਜ਼ਰੀਆਂ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸੰਗਤ ਨੇ ਮੌਸਮ ਵਿੱਚ ਗਰਮੀ ਅਤੇ ਭਾਰੀ ਮੀਂਹ ਦੀ ਪਰਵਾਹ ਕੀਤੇ ਬਿਨਾਂ ਵੀ ਖ਼ਾਲਸਾ ਮਾਰਚ ਵਿੱਚ ਬਹੁਤ ਉਤਸ਼ਾਹ ਨਾਲ ਸ਼ਮੂਲੀਅਤ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪ੍ਰਤੀ ਆਪਣੀ ਸ਼ਰਧਾ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਪ੍ਰਤੀ ਆਪਣਾ ਸਤਿਕਾਰ ਭੇਟ ਕੀਤਾ ਹੈ, ਜੋ ਕਿ ਪ੍ਰੇਰਣਾਦਾਇਕ ਹੈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਮੀਰੀ ਪੀਰੀ ਖ਼ਾਲਸਾ ਮਾਰਚ ਪੰਜਾਬ ਦੇ ਵੱਖ-ਵੱਖ ਪਿੰਡਾਂ, ਨਗਰਾਂ ਅਤੇ ਸ਼ਹਿਰਾਂ ਦੇ ਵਿੱਚ ਗਿਆ, ਜਿਸ ਤਹਿਤ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ, ਪਿੰਡਾਂ ਵਿੱਚ ਨਸ਼ੇ ਦੇ ਸੌਦਾਗਰਾਂ ਦਾ ਬਾਈਕਾਟ ਕਰਨ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਜੁੜਣ, ਦੇਹਧਾਰੀ ਡੰਮਾਂ ਦਾ ਖਹਿੜਾ ਛੱਡਣ, ਆਪਸ ਵਿੱਚ ਏਕਤਾ ਤੇ ਪ੍ਰੇਮ ਨਾਲ ਰਹਿਣ ਦਾ ਸੰਦੇਸ਼ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਖ਼ਾਲਸਾ ਮਾਰਚ ਦੌਰਾਨ ਸਮੂਹ ਪੰਜਾਬੀਆਂ ਨੂੰ ਇਹ ਸਨੇਹਾ ਦਿੱਤਾ ਗਿਆ ਕਿ ਉਹ ਪੰਜਾਬ ਨੂੰ ਪੱਕੇ ਤੌਰ ਉੱਤੇ ਨਾ ਛੱਡਣ ਅਤੇ ਆਪਣੇ ਮੂਲ ਨਾਲ ਜੁੜੇ ਰਹਿਣ, ਇੱਥੋਂ ਦੀਆਂ ਜ਼ਮੀਨਾਂ ਨਾ ਵੇਚਣ ਬਲਕਿ ਇੱਥੇ ਹੀ ਹੋਰ ਤਕੜੇ ਹੋਣ। ਉਨ੍ਹਾਂ ਕਿਹਾ ਕਿ ਪੰਜਾਬੀ ਅਤੇ ਖ਼ਾਸਕਰ ਸਿੱਖ ਪਰਿਵਾਰਾਂ ਨੂੰ ਇਹ ਵੀ ਸੰਦੇਸ਼ ਦਿੱਤਾ ਗਿਆ ਹੈ ਕਿ ਉਹ ਘੱਟੋ-ਘੱਟ ਤਿੰਨ ਬੱਚੇ ਪੈਦਾ ਕਰਨ ਤਾਂ ਜੋ ਸਾਡੀਆਂ ਆਪਸ ਵਿੱਚ ਰਿਸ਼ਤੇਦਾਰੀਆਂ ਕਾਇਮ ਰਹਿਣ ਅਤੇ ਘਰਾਂ ਵਿੱਚ ਰਿਸ਼ਤਿਆਂ ਦੀ ਫੁਲਵਾੜੀ ਸਜੀ ਰਹੇ। ਉਨ੍ਹਾਂ ਕਿਹਾ ਕਿ ਖ਼ਾਲਸਾ ਪੰਥ ਨੂੰ ਸਿੱਖ ਸੰਸਥਾਵਾਂ ਕਮਜ਼ੋਰ ਕਰਨ ਦੀ ਮਨਸ਼ਾ ਰੱਖਣ ਦੇ ਨਾਲ-ਨਾਲ ਗੁਰੂ ਘਰਾਂ ਦੇ ਪ੍ਰਬੰਧਾਂ ਤੇ ਧਾਰਮਿਕ ਮਾਮਲਿਆਂ ਵਿੱਚ ਦਖ਼ਲ ਦੇਣ ਵਾਲੀਆਂ ਸ਼ਕਤੀਆਂ ਤੋਂ ਸੁਚੇਤ ਰਹਿਣ ਲਈ ਵੀ ਸੰਦੇਸ਼ ਦਿੱਤਾ ਗਿਆ ਹੈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਖ਼ਾਲਸਾ ਮਾਰਚ ਸਮੇਂ ਸਿੱਖ ਨੌਜਵਾਨਾਂ ਵੱਲੋਂ ਬਹੁਤ ਹੀ ਭਰਵਾਂ ਹੁੰਗਾਰਾ ਮਿਲਿਆ ਹੈ ਅਤੇ ਸਮੂਹ ਨੌਜਵਾਨ ਪੰਜਾਬ ਅਤੇ ਸਿੱਖੀ ਪ੍ਰਤੀ ਸੁਚੇਤ ਅਤੇ ਚਿੰਤਤ ਹਨ। ਉਨ੍ਹਾਂ ਕਿਹਾ ਕਿ ਇਹ ਮੀਰੀ ਪੀਰੀ ਖ਼ਾਲਸਾ ਮਾਰਚ ਸਿੱਖੀ ਪ੍ਰਚਾਰ ਪ੍ਰਸਾਰ ਲਈ ਇਹ ਅਹਿਮ ਮੀਲ ਪੱਥਰ ਸਾਬਤ ਹੋਇਆ ਹੈ ਅਤੇ 23 ਅਗਸਤ 2026 ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਲਈ ਦੂਜਾ ਪੜਾਅ ਆਰੰਭ ਹੋਵੇਗਾ। ਉਪਰੰਤ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਲਈ ਵੀ ਮੀਰੀ ਪੀਰੀ ਖ਼ਾਲਸਾ ਮਾਰਚ ਸਜਾਇਆ ਜਾਵੇਗਾ।



ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ।।

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

- ☛ ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ
- ☛ ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

---

ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

**ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ**



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

**1 ਨਵੰਬਰ 2026, ਦਿਨ ਐਤਵਾਰ ਨੂੰ**

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ | ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਸੰਪਰਕ ਨੰਬਰ 84278-66404

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV


ੴ ਸਤਿਗੁਰ ਪ੍ਰਸਾਦਿ
ਤਖ਼ਤ ਸ੍ਰੀ ਦਮਦਮਾ ਸਾਹਿਬ
ਤਲਵੰਡੀ ਸਾਬੋ (ਜ਼ਿਲ੍ਹਾ ਬਠਿੰਡਾ)
ਵਿਖੇ ਮਹਾਨ ਗੁਰਮਤਿ ਸਮਾਗਮ
ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ
ਅਤੇ
ਦਮਦਮੀ ਟਕਸਾਲ ਦੇ 320 ਸਾਲਾਂ
ਸਥਾਪਨਾ ਦਿਵਸ
ਆਵਾਜ਼ਿ ਕੌਮ AWAZE QAUM International Newspaper & WEB TV
ਦਸ਼ਦਮੀ ਟਕਸਾਲ ਜੱਥਾ ਭਿੰਡਰਾ ਮਹਿਤਾ ਵੱਲੋਂ ਮਨਾਇਆ ਜਾ ਰਿਹਾ ਹੈ
ਸਮਾਗਮ ਦਾ ਵੇਰਵਾ
1 ਅਗਸਤ ਤੋਂ 7 ਅਗਸਤ ਤੱਕ
ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈਂ।
7 ਅਗਸਤ ਦਿਨ ਸ਼ੁੱਕਰਵਾਰ
ਸਾਰਾ ਦਿਨ ਧਾਰਮਿਕ ਦੀਵਾਨ ਸਜ਼ਾਏ ਜਾਣਗੇ।
7 ਅਗਸਤ ਨੂੰ ਦਮਦਮੀ ਟਕਸਾਲ ਦੇ ਮੌਜੂਦਾ ਮੁਖੀ
ਸ਼੍ਰੀ ਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖ਼ਾਲਸਾ
ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ
ਕਥਾ ਵਿਚਾਰ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ।
ਆਪ ਸਾਰਿਆਂ ਸੰਗਤਾਂ ਨੂੰ ਹੱਥ ਜੋੜ ਕੇ ਨਿਮਰਤਾ ਸਹਿਤ ਬੇਨਤੀ ਕੀ
ਸਾਰੀ ਸੰਗਤ ਹੁਮ ਹੁਮਾ ਕੇ ਸਮਾਗਮਾਂ ਵਿੱਚ ਪਹੁੰਚ ਦੀ ਕਿਰਪਾ ਕਰਨੀ।
ਗੁਰੂ ਪੰਥ ਦਾ ਦਾਸ
ਸ਼੍ਰੀ ਮਾਨ ਸੰਤ ਬਾਬਾ ਹਰਨਾਮ ਸਿੰਘ ਸੀ ਖ਼ਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ

# ਪੰਥਕ ਏਕਤਾ ਨਾਲ ਹੀ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਸਾਰਥਕ ਸਫ਼ਲਤਾ ਸੰਭਵ: ਸਿੰਘ ਸਾਹਿਬ ਜਸਬੀਰ ਸਿੰਘ ਖਾਲਸਾ





## ਪੰਥਕ ਅਕਾਲੀ ਦਲ ਦੇ ਮਹੀਨਾਵਾਰ ਸੇਵਾ ਦਿਹਾੜੇ ਮੌਕੇ ਸਾਬਕਾ ਜਥੇਦਾਰ ਸਿੰਘ ਸਾਹਿਬ ਜਸਬੀਰ ਸਿੰਘ ਰੋਡੇ ਦਾ ਸੱਦਾ—ਅੰਮ੍ਰਿਤ ਛਕਣ, ਗੁਰਮਤਿ ਜੀਵਨ ਅਪਣਾਉਣ ਅਤੇ ਪੰਥਕ ਧਿਰਾਂ ਨੂੰ ਇੱਕਜੁੱਟ ਹੋਣ ਦੀ ਅਪੀਲ

**ਅੰਮ੍ਰਿਤਸਰ, 5 ਅਗਸਤ (ਆਵਾਜ਼ਿ ਕੌਮ ਬਿਊਰੋ)**-ਪੰਥਕ ਅਕਾਲੀ ਦਲ ਦੇ ਸਰਪਰਸਤ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਜਸਬੀਰ ਸਿੰਘ ਰੋਡੇ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਪੰਥਕ ਸੋਚ ਵਾਲੀਆਂ ਸਮੂਹ ਜਥੇਬੰਦੀਆਂ ਦੀ ਏਕਤਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਕਿਹਾ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਪੰਥਕ ਧਿਰਾਂ ਦੀ ਪ੍ਰਭਾਵਸ਼ਾਲੀ ਭੂਮਿਕਾ ਅਤੇ ਸਾਰਥਕ ਸਫ਼ਲਤਾ ਤਦ ਹੀ ਸੰਭਵ ਹੈ, ਜਦੋਂ ਸਮੁੱਚੀਆਂ ਪੰਥਕ ਜਥੇਬੰਦੀਆਂ ਆਪਸੀ ਮਤਭੇਦਾਂ ਨੂੰ ਪਾਸੇ ਰੱਖ ਕੇ ਇੱਕ ਸਾਂਝੇ ਮੰਚ ’ਤੇ ਇਕੱਠੀਆਂ ਹੋਣ। ਇਸ ਉਦੇਸ਼ ਲਈ ਵੱਖ-ਵੱਖ ਪੰਥਕ ਧਿਰਾਂ ਨਾਲ ਲਗਾਤਾਰ ਵਿਚਾਰ-ਵਟਾਂਦਰਾ ਅਤੇ ਏਕਤਾ ਦੇ ਯਤਨ ਜਾਰੀ ਹਨ। ਉਨ੍ਹਾਂ ਕਿਹਾ ਕਿ ਜਿਵੇਂ ਹੀ ਇਨ੍ਹਾਂ ਯਤਨਾਂ ਦਾ ਕੋਈ ਠੋਸ ਨਤੀਜਾ ਸਾਹਮਣੇ ਆਵੇਗਾ, ਉਸ ਤੋਂ ਸਮੁੱਚੀ ਸੰਗਤ ਅਤੇ ਕੌਮ ਨੂੰ ਜਾਣੂ ਕਰਵਾਇਆ ਜਾਵੇਗਾ। ਪੰਥਕ ਅਕਾਲੀ ਦਲ ਦੇ ਮਹੀਨਾਵਾਰ ਸੇਵਾ ਦਿਹਾੜੇ ਮੌਕੇ ਸੰਬੋਧਨ ਕਰਦਿਆਂ ਸਿੰਘ ਸਾਹਿਬ ਜਸਬੀਰ ਸਿੰਘ ਰੋਡੇ ਨੇ ਕਿਹਾ ਕਿ ਸ੍ਰੀ ਗੁਰੂ ਰਾਮਦਾਸ ਸਾਹਿਬ ਦੀ ਅਪਾਰ ਕਿਰਪਾ ਸਦਕਾ ਹੀ ਸੰਗਤਾਂ ਨੂੰ ਹਰ ਮਹੀਨੇ ਸੇਵਾ, ਸਿਮਰਨ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨ-ਦੀਦਾਰ ਦਾ ਸੁਭਾਗ ਪ੍ਰਾਪਤ ਹੁੰਦਾ ਹੈ। ਉਨ੍ਹਾਂ ਕਿਹਾ ਕਿ ਮਨੁੱਖ ਕਈ ਵਾਰ ਆਪਣੇ ਰੁਝੇਵਿਆਂ ਕਾਰਨ ਗੁਰੂ ਘਰ ਜਾਣ ਦਾ ਸਿਰਫ਼ ਵਿਚਾਰ ਹੀ ਕਰਦਾ ਰਹਿ ਜਾਂਦਾ ਹੈ, ਪਰ ਸਤਿਗੁਰੂ ਦੀ ਮਿਹਰ ਸਦਕਾ ਹੀ ਸੇਵਾ ਅਤੇ ਦਰਸ਼ਨਾਂ ਦਾ ਅਵਸਰ ਪ੍ਰਾਪਤ ਹੁੰਦਾ ਹੈ। ਸਾਬਕਾ ਜਥੇਦਾਰ ਸਿੰਘ ਸਾਹਿਬ ਜਸਬੀਰ ਸਿੰਘ ਰੋਡੇ ਨੇ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਜੱਥੇਬੰਦੀ ਦੇ ਵਿਸਥਾਰ ਲਈ ਵੱਖ-ਵੱਖ ਖੇਤਰਾਂ ਵਿੱਚ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ ਹਨ ਅਤੇ ਆਉਣ ਵਾਲੇ ਸਮਾਗਮ ਦੌਰਾਨ ਨਵੇਂ ਅਹੁਦੇਦਾਰਾਂ ਨੂੰ ਗੁਰੂ ਘਰ ਵਿਖੇ ਸਿਰੋਪਾਓ ਬਖ਼ਸ਼ ਕੇ ਸਨਮਾਨਿਤ ਕੀਤਾ ਜਾਵੇਗਾ। ਉਨ੍ਹਾਂ ਸਪੱਸ਼ਟ ਕੀਤਾ ਕਿ ਵਿਦੇਸ਼ਾਂ ਵਿੱਚ ਜੱਥੇਬੰਦੀ ਦਾ ਨਾਮ ਇੰਟਰਨੈਸ਼ਨਲ ਪੰਥਕ ਦਲ ਹੀ ਰਹੇਗਾ, ਜਦਕਿ ਪੰਜਾਬ ਦੀ ਇਕਾਈ ਦਾ ਨਾਮ ਸਰਬਸੰਮਤੀ ਨਾਲ ਪੰਥਕ ਅਕਾਲੀ ਦਲ ਰੱਖਿਆ ਗਿਆ ਹੈ। ਉਨ੍ਹਾਂ ਸਮੂਹ ਜ਼ਿਲ੍ਹਾ ਪ੍ਰਧਾਨਾਂ, ਅਹੁਦੇਦਾਰਾਂ ਅਤੇ ਇਕਾਈਆਂ ਨੂੰ ਅਪੀਲ ਕੀਤੀ ਕਿ ਆਪਣੇ ਲੈਟਰਹੈੱਡ, ਪਛਾਣ ਪੱਤਰਾਂ ਅਤੇ ਹੋਰ ਸਾਰੇ ਅਧਿਕਾਰਤ ਦਸਤਾਵੇਜ਼ਾਂ ’ਤੇ ਪੰਥਕ ਅਕਾਲੀ ਦਲ ਨਾਮ ਦੀ ਹੀ ਵਰਤੋਂ ਕੀਤੀ ਜਾਵੇ। ਸਿੰਘ ਸਾਹਿਬ ਜਸਬੀਰ ਸਿੰਘ ਰੋਡੇ ਨੇ ਕਿਹਾ ਕਿ ਪੰਥਕ ਅਕਾਲੀ ਦਲ ਨਾਲ ਸੰਬੰਧਤ ਪੰਜਾਬ ਕਿਸਾਨ ਬਚਾਓ ਮੋਰਚਾ ਵੱਲੋਂ ਕਿਸਾਨੀ, ਨਹਿਰੀ ਪਾਣੀ, ਸ਼ਹਿਰਾਂ ਵਿੱਚ ਸੀਵਰੇਜ ਦੀ ਸਮੱਸਿਆ, ਧਰਤੀ ਹੇਠਲੇ ਪਾਣੀ ਦੀ ਸੰਭਾਲ, ਵਪਾਰਕ ਰਸਤਿਆਂ ਦੀ ਬਹਾਲੀ ਅਤੇ ਖੇਤੀ ਆਧਾਰਿਤ ਉਦਯੋਗਾਂ ਦੇ ਵਿਕਾਸ ਵਰਗੇ ਅਹਿਮ ਲੋਕ-ਮੁੱਦੇ ਪੂਰੇ ਜ਼ੋਰ ਨਾਲ ਉਠਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਗੰਨੇ, ਝੋਨੇ ਅਤੇ ਮੱਕੀ ਵਰਗੀਆਂ ਫ਼ਸਲਾਂ ਤੋਂ ਤਿਆਰ ਹੋਣ ਵਾਲੇ ਉਤਪਾਦਾਂ ਨਾਲ ਸਬੰਧਤ ਲਘੂ ਉਦਯੋਗ ਸਥਾਪਤ ਕਰਨ ਲਈ ਕਿਸਾਨਾਂ ਨੂੰ ਪ੍ਰੋਤਸਾਹਿਤ ਕੀਤਾ ਜਾਣਾ ਚਾਹੀਦਾ ਹੈ ਅਤੇ ਲੋੜੀਂਦੀਆਂ ਸਹੂਲਤਾਂ ਤੇ ਲਾਇਸੈਂਸ ਦਿੱਤੇ ਜਾਣੇ ਚਾਹੀਦੇ ਹਨ, ਤਾਂ ਜੋ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋ ਸਕੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਅਤੇ ਹੋਰ ਅਹਿਮ ਲੋਕ-ਮੁੱਦਿਆਂ ਸਬੰਧੀ ਜਲਦੀ ਹੀ ਚੰਡੀਗੜ੍ਹ ਵਿੱਚ ਪੰਜਾਬ ਕਿਸਾਨ ਬਚਾਓ ਮੋਰਚਾ ਦੀ ਇੱਕ ਵਿਸ਼ੇਸ਼ ਮੀਟਿੰਗ ਬੁਲਾਈ ਜਾਵੇਗੀ, ਜਿਸ ਵਿੱਚ ਅਗਲੀ ਰਣਨੀਤੀ ਤੈਅ ਕੀਤੀ ਜਾਵੇਗੀ ਅਤੇ ਉਸ ਦੀ ਜਾਣਕਾਰੀ ਸਮੇਂ ਸਿਰ ਲੋਕਾਂ ਨਾਲ ਸਾਂਝੀ ਕੀਤੀ ਜਾਵੇਗੀ। ਸਾਬਕਾ ਜਥੇਦਾਰ ਸਿੰਘ ਸਾਹਿਬ ਜਸਬੀਰ ਸਿੰਘ ਰੋਡੇ ਨੇ ਸਮੂਹ ਸੰਗਤ ਨੂੰ ਅਪੀਲ ਕੀਤੀ ਕਿ ਹਰ ਰੋਜ਼ ਅੰਮ੍ਰਿਤ ਵੇਲੇ ਉੱਠ ਕੇ ਵਾਹਿਗੁਰੂ ਮੰਤਰ ਦਾ ਸਿਮਰਨ ਕਰਨ, ਨਿਤਨੇਮ ਦੇ ਨਾਲ ਸ੍ਰੀ ਜਪੁਜੀ ਸਾਹਿਬ ਦਾ ਪਾਠ ਕਰਨ ਅਤੇ ਜਿਨ੍ਹਾਂ ਨੇ ਅਜੇ ਤੱਕ ਖੰਡੇ-ਬਾਟੇ ਦਾ ਅੰਮ੍ਰਿਤ ਨਹੀਂ ਛਕਿਆ, ਉਹ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ। ਅੰਤ ਵਿੱਚ ਸਿੰਘ ਸਾਹਿਬ ਜਸਬੀਰ ਸਿੰਘ ਰੋਡੇ ਨੇ ਕਿਹਾ ਕਿ ਪੰਥਕ ਅਕਾਲੀ ਦਲ ਕੌਮੀ, ਧਾਰਮਿਕ ਅਤੇ ਸਮਾਜਿਕ ਸਰੋਕਾਰਾਂ ਲਈ ਪਹਿਲਾਂ ਵਾਂਗ ਦ੍ਰਿੜਤਾ ਨਾਲ ਕੰਮ ਕਰਦਾ ਰਹੇਗਾ। ਉਨ੍ਹਾਂ ਸਮੂਹ ਸੰਗਤ ਨੂੰ ਗੁਰੂ ਸਾਹਿਬ ਦੇ ਚਰਨਾਂ ਨਾਲ ਜੁੜੇ ਰਹਿਣ, ਪੰਥਕ ਏਕਤਾ ਨੂੰ ਮਜ਼ਬੂਤ ਕਰਨ ਅਤੇ ਕੌਮੀ ਹਿੱਤਾਂ ਲਈ ਇੱਕਜੁੱਟ ਹੋ ਕੇ ਕਾਰਜ ਕਰਨ ਦਾ ਸੱਦਾ ਦਿੱਤਾ। ਅੱਜ ਇਸ ਮੌਕੇ ਬਾਬਾ ਚਰਨਜੀਤ ਸਿੰਘ ਜੱਸੋਵਾਲ ਮੁੱਖ ਬੁਲਾਰਾ, ਮੈਂਬਰ ਸ਼੍ਰੋਮਣੀ ਕਮੇਟੀ ਅਤੇ ਬਾਬਾ ਸਵਰਨਜੀਤ ਸਿੰਘ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ ਦੁਆਬਾ, ਜਥੇ. ਦਲੀਪ ਸਿੰਘ ਚੱਕਲ, ਭਾਈ ਕ੍ਰਿਪਾ ਸਿੰਘ ਨੱਥੂਵਾਲਾ ਵੀ ਸ਼ਾਮਲ ਸਨ। ਅੰਤ ਵਿੱਚ ਸਿੰਘ ਸਾਹਿਬ ਗਿਆਨੀ ਜਸਵੀਰ ਸਿੰਘ ਰੋਡੇ ਨੇ ਸਮੂਹ ਸੰਗਤ ਨੂੰ ਬਾਣੀ ਤੇ ਬਾਣੇ ਦੇ ਧਾਰਨੀ ਹੋਣ ਤੇ ਸਮੂਹ ਨੌਜਵਾਨਾਂ ਨੂੰ ਨਿਤਨੇਮ ਦੇ ਨਾਲ ਨਾਲ ਘੱਟੋ ਘੱਟ ਇਕ ਜਪੁਜੀ ਸਾਹਿਬ ਜੀ ਦਾ ਪਾਠ ਰੋਜ਼ਾਨਾ ਜ਼ਰੂਰ ਕਰਨ ਦੀ ਅਪੀਲ ਕੀਤੀ।

# ਗੁਰੂ ਦੀ ਗੋਲਕ ਨੂੰ ਹਰ ਸਾਲ 1.6 ਕਰੋੜ ਰੁਪਏ ਦਾ ਨੁਕਸਾਨ

## ਸ਼੍ਰੋਮਣੀ ਕਮੇਟੀ ਦੇ ਸਪੱਸ਼ਟੀਕਰਨ ਨੇ ਕਿਸੇ ਸਵਾਲ ਦਾ ਜਵਾਬ ਨਹੀਂ ਦਿੱਤਾ, ਸਗੋਂ ਨਵੇਂ ਸਵਾਲ ਖੜ੍ਹੇ ਕਰ ਦਿੱਤੇ ਹਨ" — ਭਾਈ ਦਵਿੰਦਰ ਸਿੰਘ ਸੋਢੀ

**ਚੰਡੀਗੜ੍ਹ, 5 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਮੁੱਖ ਬੁਲਾਰੇ ਅਤੇ ਜਨਰਲ ਸਕੱਤਰ ਭਾਈ ਦਵਿੰਦਰ ਸਿੰਘ ਸੋਢੀ ਨੇ ਕਿਹਾ ਕਿ ਬੀਤੇ ਕੱਲ੍ਹ ਸ਼੍ਰੋਮਣੀ ਅਕਾਲੀ ਦਲ



(ਅੰਮ੍ਰਿਤਸਰ) ਦੇ ਸੀਨੀਅਰ ਮੀਤ ਪ੍ਰਧਾਨ ਅਤੇ ਮੁੱਖ ਬੁਲਾਰੇ ਭਾਈ ਕਰਨੈਲ ਸਿੰਘ ਪੀਰ ਮੁਹੰਮਦ ਨੇ ਜੋ ਪ੍ਰੈੱਸ ਕਾਨਫਰੰਸ ਕਰਕੇ ਤੱਥਾਂ ਸਮੇਤ ਸਬੂਤ ਪੇਸ਼ ਕੀਤੇ ਸਨ, ਉਸ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਇਹ ਸਪੱਸ਼ਟ ਕਰ ਦੇਣਾ ਚਾਹੀਦਾ ਹੈ ਕਿ ਉਹ ਸਤਿੰਦਰ ਸਿੰਘ ਕੋਹਲੀ ਅਤੇ ਇੱਕ ਨਿੱਜੀ ਚੈਨਲ ਕੋਲੋਂ ਪੈਸੇ ਕਦੋਂ ਜਮ੍ਹਾਂ ਕਰਵਾ ਰਹੇ ਹਨ ਜੋ ਉਨ੍ਹਾਂ ਵੱਲ ਬਕਾਇਆ ਚੱਲ ਰਹੇ ਹਨ, ਜਿਸ ਦੀ ਅਮਾਊਂਟ ਤਕਰੀਬਨ ਸਾਢੇ ਤੇਰਾਂ ਕਰੋੜ ਰੁਪਏ ਬਣਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਉਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਸਰਦਾਰ ਕੁਲਵੰਤ ਸਿੰਘ ਮੰਨਣ ਵੱਲੋਂ ਜਾਰੀ ਕੀਤੇ ਗਏ ਬਿਆਨ ਲਈ ਉਨ੍ਹਾਂ ਦੇ ਧੰਨਵਾਦੀ ਹਨ, ਕਿਉਂਕਿ ਉਸ ਵਿੱਚ ਲਿਖਤੀ ਰੂਪ ਵਿੱਚ ਉਹ ਗੱਲਾਂ ਮੰਨ ਲਈਆਂ ਗਈਆਂ ਹਨ, ਜਿਨ੍ਹਾਂ ਨੂੰ ਪਾਰਟੀ ਆਪਣੇ ਪੱਧਰ ਉੱਤੇ ਸਾਬਤ ਨਹੀਂ ਕਰ ਸਕਦੀ ਸੀ।

ਭਾਈ ਸੋਢੀ ਨੇ ਵਿਸ਼ੇਸ਼ ਤੌਰ 'ਤੇ ਮੰਗ ਕੀਤੀ ਕਿ ਸ਼੍ਰੋਮਣੀ ਕਮੇਟੀ ਉਹ ਇਕਰਾਰਨਾਮਾ ਅਤੇ ਦਸਤਾਵੇਜ਼ ਜਨਤਕ ਕਰੇ, ਜਿਸ ਅਧੀਨ ਜਨਰਲ ਹਾਊਸ ਜਾਂ ਅੰਤਰਿੰਗ ਕਮੇਟੀ (ਐਗਜ਼ੈਕਟਿਵ) ਵਿੱਚ ਮਤਾ ਲਿਆ ਕੇ ਪੁਰਾਣੇ ਸਮਝੌਤੇ ਨੂੰ ਰੱਦ ਕੀਤਾ ਗਿਆ ਸੀ ਜਾਂ ਇਸ ਨਵੇਂ ਪ੍ਰਬੰਧ ਨੂੰ ਪ੍ਰਵਾਨਗੀ ਦਿੱਤੀ ਗਈ ਸੀ।

ਪਹਿਲੀ ਸਵੀਕਾਰੋਕਤੀ: ਜੁਲਾਈ 2023 ਤੋਂ ਬਾਅਦ ਕੋਈ ਸਮਝੌਤਾ ਮੌਜੂਦ ਨਹੀਂ ਹੈ

"ਮੁੱਖ ਸਕੱਤਰ ਨੇ ਖ਼ੁਦ ਲਿਖਿਆ ਹੈ ਕਿ ਸਮਝੌਤਾ ਜੁਲਾਈ 2023 ਵਿੱਚ ਸਮਾਪਤ ਹੋ ਗਿਆ ਸੀ। ਫਿਰ ਪਿਛਲੇ ਤਿੰਨ ਸਾਲਾਂ ਤੋਂ ਇੱਕ ਨਿੱਜੀ ਚੈਨਲ ਸ੍ਰੀ ਦਰਬਾਰ ਸਾਹਿਬ ਤੋਂ ਗੁਰਬਾਣੀ ਦਾ ਪ੍ਰਸਾਰਣ ਕਿਸ ਕਾਨੂੰਨੀ ਦਸਤਾਵੇਜ਼ ਦੇ ਆਧਾਰ ਉੱਤੇ ਕਰ ਰਿਹਾ ਹੈ? ਨਾ ਕੋਈ ਸਮਝੌਤਾ ਹੈ, ਨਾ ਟੈਂਡਰ ਹੈ ਅਤੇ ਨਾ ਹੀ ਕੋਈ ਫ਼ੀਸ ਦਿੱਤੀ ਗਈ ਹੈ। ਸੰਗਤ ਦੀ ਸਭ ਤੋਂ ਪਵਿੱਤਰ ਧਰੋਹਰ ਇੱਕ ਚੈਨਲ ਦੇ ਹਵਾਲੇ ਬਿਨਾਂ ਕਿਸੇ ਦਸਤਾਵੇਜ਼ ਦੇ ਕਰ ਦਿੱਤੀ ਗਈ ਹੈ। ਕੀ ਇਹ ਸਪੱਸ਼ਟੀਕਰਨ ਹੈ ਜਾਂ ਇਕਬਾਲੀਆ ਬਿਆਨ?"

ਦੂਜੀ ਸਵੀਕਾਰੋਕਤੀ: ਸਾਰਾ ਹਿਸਾਬ ਉਨ੍ਹਾਂ ਦੇ ਆਪਣੇ ਬਿਆਨ ਵਿੱਚੋਂ ਹੀ ਨਿਕਲਦਾ ਹੈ

"ਮੁੱਖ ਸਕੱਤਰ ਦਾ ਕਹਿਣਾ ਹੈ ਕਿ ਵੱਖ-ਵੱਖ ਕੰਪਨੀਆਂ ਸੈੱਟਅੱਪ ਲਈ ਵੱਡੀ ਮਹੀਨਾਵਾਰ ਰਕਮ ਦੀ ਮੰਗ ਕਰ ਰਹੀਆਂ ਸਨ। ਅਸੀਂ ਉਹ ਅੰਕੜਾ ਸਾਹਮਣੇ ਰੱਖਦੇ ਹਾਂ। ਅੰਸ਼ਾਨੁਕ੍ਰਿਤੀ ਇੰਟਰਪ੍ਰਾਈਜ਼ਿਜ਼ ਨੇ ਪ੍ਰਤੀ ਮਹੀਨਾ 10 ਲੱਖ ਰੁਪਏ ਦੀ ਮੰਗ ਕੀਤੀ ਸੀ, ਭਾਵ ਇੱਕ ਸਾਲ ਲਈ 1.2 ਕਰੋੜ ਰੁਪਏ।"

"ਹੁਣ ਹਿਸਾਬ ਲਗਾਓ। ਸਾਲ 2023 ਤੱਕ ਗੋਲਕ ਵਿੱਚ ਹਰ ਸਾਲ 2 ਕਰੋੜ ਰੁਪਏ ਆਉਂਦੇ ਸਨ। ਸਾਲ 2023 ਤੋਂ ਬਾਅਦ ਇਹ ਰਕਮ ਸਿਫ਼ਰ ਹੋ ਗਈ। ਇਸ ਦੇ ਬਦਲੇ ਵਿੱਚ ਸ਼੍ਰੋਮਣੀ ਕਮੇਟੀ ਨੂੰ ਅਜਿਹੀ ਸੇਵਾ ਮਿਲ ਰਹੀ ਹੈ, ਜਿਸ ਦੀ ਕੀਮਤ ਉਸ ਦੇ ਆਪਣੇ ਬਿਆਨ ਅਨੁਸਾਰ 1.2 ਕਰੋੜ ਰੁਪਏ ਸਾਲਾਨਾ ਹੈ। ਕੀ ਇਹ ਸੌਦਾ ਗੋਲਕ ਦੇ ਹੱਕ ਵਿੱਚ ਹੈ ਜਾਂ ਚੈਨਲ ਦੇ ਹੱਕ ਵਿੱਚ? ਅਤੇ ਇਸ ਦੇ ਬਦਲੇ ਚੈਨਲ ਨੂੰ ਮਿਲੇ ਏਕਾਧਿਕਾਰ ਦੀ ਬਾਜ਼ਾਰੀ ਕੀਮਤ ਕਿੰਨੀ ਹੈ? ਸੰਗਤ ਨੂੰ ਇਹ ਵੀ ਦੱਸਿਆ ਜਾਣਾ ਚਾਹੀਦਾ ਹੈ।"

ਤੀਜਾ ਮੁੱਦਾ: ਕਦੇ ਵੀ ਕੋਈ ਜਨਤਕ ਸੱਦਾ ਜਾਰੀ ਨਹੀਂ ਕੀਤਾ ਗਿਆ

"ਮੁੱਖ ਸਕੱਤਰ ਕਹਿੰਦੇ ਹਨ ਕਿ ਵੱਖ-ਵੱਖ ਕੰਪਨੀਆਂ ਨਾਲ ਚਰਚਾ ਕੀਤੀ ਗਈ ਸੀ। ਸਵਾਲ ਇਹ ਹੈ ਕਿ ਉਹ ਕੰਪਨੀਆਂ ਕਿਹੜੀਆਂ ਸਨ? ਉਨ੍ਹਾਂ ਨਾਲ ਕਿਹੜੀਆਂ ਤਾਰੀਖ਼ਾਂ ਨੂੰ ਸੰਪਰਕ ਕੀਤਾ ਗਿਆ? ਇਸ਼ਤਿਹਾਰ ਕਿਹੜੇ ਅਖ਼ਬਾਰ ਵਿੱਚ ਛਪਿਆ? ਕਿਹੜੇ ਟੈਲੀਵਿਜ਼ਨ ਚੈਨਲਾਂ ਨੂੰ ਪ੍ਰਸਤਾਵ ਦੇਣ ਲਈ ਸੱਦਾ ਦਿੱਤਾ ਗਿਆ?"

"ਸੱਚਾਈ ਇਹ ਹੈ ਕਿ ਕਿਸੇ ਵੀ ਪੰਜਾਬੀ ਚੈਨਲ ਨੂੰ ਜਨਤਕ ਤੌਰ ਉੱਤੇ ਸੱਦਾ ਨਹੀਂ ਦਿੱਤਾ ਗਿਆ। ਜਿਨ੍ਹਾਂ ਕੰਪਨੀਆਂ ਨਾਲ ਸੰਪਰਕ ਕਰਨ ਦੀ ਗੱਲ ਕੀਤੀ ਜਾ ਰਹੀ ਹੈ, ਉਨ੍ਹਾਂ ਵਿੱਚੋਂ ਕਈ ਅੱਜ ਮੌਜੂਦ ਵੀ ਨਹੀਂ ਹਨ। ਜਿਸ ਅੰਸ਼ਾਨੁਕ੍ਰਿਤੀ ਇੰਟਰਪ੍ਰਾਈਜ਼ਿਜ਼ ਨੂੰ ਇਹ ਕੰਮ ਦਿੱਤਾ ਗਿਆ, ਉਸ ਬਾਰੇ ਕਿਹਾ ਜਾਂਦਾ ਹੈ ਕਿ ਉਸ ਦਾ ਸਬੰਧ ਬਾਦਲ ਪਰਿਵਾਰ ਦੇ ਇੱਕ ਪੁਰਾਣੇ ਸਹਿਯੋਗੀ ਨਾਲ ਹੈ।"

"ਸੰਗਤ ਨੂੰ ਇੱਕ ਹੋਰ ਗੱਲ ਜਾਣਨੀ ਚਾਹੀਦੀ ਹੈ। ਸਾਡੀ ਜਾਣਕਾਰੀ ਅਨੁਸਾਰ, ਸਾਲ 2023 ਵਿੱਚ ਜਿਨ੍ਹਾਂ ਕੰਪਨੀਆਂ ਨੂੰ ਗੱਲਬਾਤ ਲਈ ਸੱਦਾ ਦਿੱਤਾ ਗਿਆ ਸੀ, ਉਨ੍ਹਾਂ ਵਿੱਚੋਂ ਕਿਸੇ ਇੱਕ ਕੋਲ ਵੀ ਗੁਰਬਾਣੀ ਦੇ ਸਿੱਧੇ ਪ੍ਰਸਾਰਣ ਦਾ ਕੋਈ ਤਜਰਬਾ ਨਹੀਂ ਸੀ।"

"ਇਸ ਗੱਲ ਦੇ ਅਰਥ ਨੂੰ ਸਮਝੋ। ਜਿਸ ਤੁਲਨਾ ਦੇ ਆਧਾਰ ਉੱਤੇ ਇਸ ਪੂਰੇ ਪ੍ਰਬੰਧ ਨੂੰ ਜਾਇਜ਼ ਠਹਿਰਾਇਆ ਜਾ ਰਿਹਾ ਹੈ, ਉਹ ਤੁਲਨਾ ਅਸਲ ਵਿੱਚ ਕਦੇ ਸੀ ਹੀ ਨਹੀਂ। ਉਨ੍ਹਾਂ ਕੰਪਨੀਆਂ ਤੋਂ ਕੀਮਤਾਂ ਪੁੱਛੀਆਂ ਗਈਆਂ, ਜਿਹੜੀਆਂ ਇਹ ਕੰਮ ਕਰ ਹੀ ਨਹੀਂ ਸਕਦੀਆਂ ਸਨ, ਅਤੇ ਹੁਣ ਉਨ੍ਹਾਂ ਹੀ ਅੰਕੜਿਆਂ ਦਾ ਹਵਾਲਾ ਦੇ ਕੇ ਕਿਹਾ ਜਾ ਰਿਹਾ ਹੈ ਕਿ ਦੂਜਾ ਵਿਕਲਪ ਬਹੁਤ ਮਹਿੰਗਾ ਸੀ। ਇਹ ਕੋਈ ਤੁਲਨਾ ਨਹੀਂ ਹੈ, ਸਗੋਂ ਇੱਕ ਬਹਾਨਾ ਹੈ।"

"ਉਸ ਵੇਲੇ ਵੀ ਪੰਜਾਬ ਵਿੱਚ ਅਜਿਹੇ ਚੈਨਲ ਮੌਜੂਦ ਸਨ ਅਤੇ ਅੱਜ ਵੀ ਹਨ, ਜਿਨ੍ਹਾਂ ਕੋਲ ਧਾਰਮਿਕ ਪ੍ਰਸਾਰਣ ਦਾ ਲੰਬਾ ਤਜਰਬਾ, ਮਰਿਆਦਾ ਦੀ ਪੂਰੀ ਸਮਝ ਅਤੇ ਆਪਣਾ ਢਾਂਚਾ ਮੌਜੂਦ ਹੈ। ਉਨ੍ਹਾਂ ਵਿੱਚੋਂ ਇੱਕ ਨੂੰ ਵੀ ਕਿਉਂ ਨਹੀਂ ਪੁੱਛਿਆ ਗਿਆ? ਸ਼੍ਰੋਮਣੀ ਕਮੇਟੀ ਸੰਗਤ ਨੂੰ ਦੱਸੇ ਕਿ ਉਸ ਵੱਲੋਂ ਸੰਪਰਕ ਕੀਤੀਆਂ ਗਈਆਂ ਕੰਪਨੀਆਂ ਵਿੱਚੋਂ ਕਿਸ ਨੇ ਪਹਿਲਾਂ ਕਿਸੇ ਗੁਰਦੁਆਰਾ ਸਾਹਿਬ ਤੋਂ ਸਿੱਧਾ ਪ੍ਰਸਾਰਣ ਕੀਤਾ ਸੀ।"

ਚੌਥਾ ਮੁੱਦਾ: ਕਿਹੜਾ ਸੈੱਟਅੱਪ ਲਗਾਇਆ ਗਿਆ ਅਤੇ ਉਸ ਦੀ ਅਸਲ ਲਾਗਤ ਕਿੰਨੀ ਹੈ?

"ਬਿਆਨ ਵਿੱਚ ਕਿਹਾ ਗਿਆ ਹੈ ਕਿ ਪੀਟੀਸੀ ਨੇ ਆਪਣਾ ਸੈੱਟਅੱਪ ਲਗਾਇਆ ਹੈ। ਸਾਡੀ ਜਾਣਕਾਰੀ ਅਨੁਸਾਰ ਕੋਈ ਨਵਾਂ ਸਾਜ਼ੋ-ਸਾਮਾਨ ਨਹੀਂ ਲਗਾਇਆ ਗਿਆ ਅਤੇ ਅੱਜ ਵੀ ਸਾਰਾ ਸਾਮਾਨ ਕਿਰਾਏ ਉੱਤੇ ਲਿਆ ਜਾਂਦਾ ਹੈ। ਜੇ ਸਾਜ਼ੋ-ਸਾਮਾਨ ਕਿਰਾਏ ਦਾ ਹੈ, ਤਾਂ ਆਪਣੇ ਸੈੱਟਅੱਪ ਦੀ ਦਲੀਲ ਆਪਣੇ ਆਪ ਢਹਿ ਜਾਂਦੀ ਹੈ।"

"ਸਾਡੀ ਜਾਣਕਾਰੀ ਮੁਤਾਬਕ ਪੀਟੀਸੀ ਵੱਲੋਂ ਕਿਰਾਏ ਉੱਤੇ ਲਏ ਗਏ ਸਾਮਾਨ ਦਾ ਖ਼ਰਚ ਤਿੰਨ ਲੱਖ ਰੁਪਏ ਪ੍ਰਤੀ ਮਹੀਨਾ ਤੋਂ ਵੱਧ ਨਹੀਂ ਹੈ, ਭਾਵ ਲਗਭਗ 36 ਲੱਖ ਰੁਪਏ ਸਾਲਾਨਾ।"

"ਹੁਣ ਸਾਰਾ ਹਿਸਾਬ ਸੰਗਤ ਦੇ ਸਾਹਮਣੇ ਹੈ। ਗੋਲਕ ਨੇ ਸਾਲਾਨਾ ਦੋ ਕਰੋੜ ਰੁਪਏ ਦੀ ਆਮਦਨ ਛੱਡ ਦਿੱਤੀ। ਇਸ ਦੇ ਬਦਲੇ ਵਿੱਚ ਜਿਹੜੀ ਸੇਵਾ ਪ੍ਰਾਪਤ ਹੋ ਰਹੀ ਹੈ, ਉਸ ਦੀ ਅਸਲ ਲਾਗਤ ਲਗਭਗ 36 ਲੱਖ ਰੁਪਏ ਸਾਲਾਨਾ ਹੈ। ਇਸ ਦਾ ਅਰਥ ਹੈ ਕਿ ਗੁਰੂ ਦੀ ਗੋਲਕ ਨੂੰ ਹਰ ਸਾਲ 1.6 ਕਰੋੜ ਰੁਪਏ ਤੋਂ ਵੱਧ ਦਾ ਸਿੱਧਾ ਨੁਕਸਾਨ ਹੋ ਰਿਹਾ ਹੈ। ਤਿੰਨ ਸਾਲਾਂ ਵਿੱਚ ਇਹ ਰਕਮ ਪੰਜ ਕਰੋੜ ਰੁਪਏ ਤੋਂ ਵੱਧ ਬਣਦੀ ਹੈ।"

"ਇਹ ਤਾਂ ਸਿਰਫ਼ ਖ਼ਰਚੇ ਦਾ ਹਿਸਾਬ ਹੈ। ਇਸ ਦੇ ਬਦਲੇ ਵਿੱਚ ਚੈਨਲ ਨੂੰ ਮਿਲਣ ਵਾਲਾ ਏਕਾਧਿਕਾਰ, ਟੀਆਰਪੀ ਅਤੇ ਇਸ਼ਤਿਹਾਰਾਂ ਤੋਂ ਹੋਣ ਵਾਲੀ ਆਮਦਨ ਇਸ ਤੋਂ ਕਈ ਗੁਣਾ ਵੱਧ ਹੈ। 36 ਲੱਖ ਰੁਪਏ ਦਾ ਖ਼ਰਚ ਅਤੇ ਇਸ ਦੇ ਬਦਲੇ ਸ੍ਰੀ ਹਰਿਮੰਦਰ ਸਾਹਿਬ ਦੀ ਗੁਰਬਾਣੀ ਉੱਤੇ ਪੂਰਾ ਨਿਯੰਤਰਣ। ਕੀ ਇਹ ਸੇਵਾ ਹੈ ਜਾਂ ਸੌਦਾ?"

ਪੰਜਵਾਂ ਅਤੇ ਸਭ ਤੋਂ ਮਹੱਤਵਪੂਰਨ ਮੁੱਦਾ: ਸੇਵਾ ਦੇਣਾ ਅਤੇ ਏਕਾਧਿਕਾਰ ਹਾਸਲ ਕਰਨਾ ਦੋ ਵੱਖਰੀਆਂ ਗੱਲਾਂ ਹਨ

"ਮੰਨ ਲਓ ਕਿ ਪੀਟੀਸੀ ਮੁਫ਼ਤ ਸੇਵਾ ਦੇ ਰਿਹਾ ਹੈ। ਇਸ ਦਾ ਅਰਥ ਇਹ ਨਹੀਂ ਕਿ ਉਸ ਨੂੰ ਏਕਾਧਿਕਾਰ ਵੀ ਮਿਲ ਜਾਵੇ। ਕੈਮਰੇ ਲਗਾਉਣ ਵਾਲਾ ਵਿਅਕਤੀ ਪ੍ਰਸਾਰਣ ਦਾ ਮਾਲਕ ਨਹੀਂ ਬਣ ਜਾਂਦਾ।"

"ਅਸੀਂ ਸ਼੍ਰੋਮਣੀ ਕਮੇਟੀ ਨੂੰ ਖੁੱਲ੍ਹੀ ਚੁਣੌਤੀ ਦਿੰਦੇ ਹਾਂ ਕਿ ਜੇ ਮੁਫ਼ਤ ਸੇਵਾ ਹੀ ਮਾਪਦੰਡ ਹੈ, ਤਾਂ ਅੱਜ ਹੀ ਜਨਤਕ ਸੱਦਾ ਜਾਰੀ ਕੀਤਾ ਜਾਵੇ। ਕਈ ਪੰਜਾਬੀ ਚੈਨਲ ਆਪਣਾ ਸਾਜ਼ੋ-ਸਾਮਾਨ, ਆਪਣਾ ਅਮਲਾ ਅਤੇ ਸਾਰਾ ਖ਼ਰਚ ਆਪਣੇ ਸਿਰ ਲੈਣ ਲਈ ਤਿਆਰ ਹਨ। ਉਹ ਵੀ ਪੂਰੀ ਮਰਿਆਦਾ, ਬਿਨਾਂ ਇਸ਼ਤਿਹਾਰਾਂ ਅਤੇ ਬਿਨਾਂ ਟਿੱਕਰਾਂ ਦੇ। ਕੀ ਸ਼੍ਰੋਮਣੀ ਕਮੇਟੀ ਉਨ੍ਹਾਂ ਨੂੰ ਵੀ ਪ੍ਰਸਾਰਣ ਦਾ ਅਧਿਕਾਰ ਦੇਵੇਗੀ?"

ਛੇਵਾਂ ਮੁੱਦਾ: ਇੱਕ ਆਰਜ਼ੀ ਪ੍ਰਬੰਧ ਤਿੰਨ ਸਾਲਾਂ ਤੱਕ ਕਿਵੇਂ ਜਾਰੀ ਰਿਹਾ?

"ਮੁੱਖ ਸਕੱਤਰ ਖ਼ੁਦ ਲਿਖਦੇ ਹਨ ਕਿ ਜਥੇਦਾਰ ਸਾਹਿਬ ਦੇ ਪੱਤਰ ਦੇ ਆਧਾਰ ਉੱਤੇ ਪ੍ਰਸਾਰਣ ਜਾਰੀ ਰੱਖਣ ਦਾ ਫ਼ੈਸਲਾ ਕੀਤਾ ਗਿਆ ਸੀ। ਇਹ ਸਿਰਫ਼ ਇੱਕ ਅਸਥਾਈ ਪ੍ਰਬੰਧ ਸੀ, ਜਦੋਂ ਤੱਕ ਸ਼੍ਰੋਮਣੀ ਕਮੇਟੀ ਆਪਣਾ ਚੈਨਲ ਸ਼ੁਰੂ ਨਹੀਂ ਕਰ ਲੈਂਦੀ। ਤਿੰਨ ਸਾਲ ਬੀਤ ਗਏ। ਇਸ ਮਕਸਦ ਲਈ ਕਿੰਨੀ ਰਕਮ ਰੱਖੀ ਗਈ? ਕਿਹੜਾ ਮਤਾ ਪਾਸ ਕੀਤਾ ਗਿਆ? ਕੁਝ ਵੀ ਨਹੀਂ।"

ਸੱਤਵਾਂ ਮੁੱਦਾ: ਉਸ ਸਵਾਲ ਦਾ ਕੋਈ ਜਵਾਬ ਨਹੀਂ ਦਿੱਤਾ ਗਿਆ, ਜੋ ਸਭ ਤੋਂ ਅਹਿਮ ਸੀ

"ਸਾਡਾ ਮੁੱਖ ਸਵਾਲ ਇਹ ਸੀ ਕਿ ਜਦੋਂ ਹਜ਼ਾਰਾਂ ਚੈਨਲ ਸ਼੍ਰੋਮਣੀ ਕਮੇਟੀ ਦੀ ਯੂਟਿਊਬ ਅਤੇ ਫੇਸਬੁੱਕ ਫੀਡ ਨੂੰ ਬਿਨਾਂ ਕਿਸੇ ਰੁਕਾਵਟ ਦੇ ਸਾਂਝਾ ਕਰਦੇ ਹਨ, ਤਾਂ ਫਿਰ ਉਹੀ ਫੀਡ ਟੈਲੀਵਿਜ਼ਨ ਚੈਨਲਾਂ ਨੂੰ ਕਿਉਂ ਨਹੀਂ ਦਿੱਤੀ ਜਾਂਦੀ?"

ਅੱਠਵਾਂ ਮੁੱਦਾ: ਕੋਹਲੀ ਦੇ ਮਾਮਲੇ ਉੱਤੇ ਪੂਰੀ ਚੁੱਪ

"ਸਾਡਾ ਸਭ ਤੋਂ ਗੰਭੀਰ ਦੋਸ਼ ਇਹ ਸੀ ਕਿ ਸੀਏ ਸਤਿੰਦਰ ਕੋਹਲੀ ਤੋਂ 7.5 ਕਰੋੜ ਰੁਪਏ ਦੀ ਵਸੂਲੀ ਪਿਛਲੇ ਦਸ ਸਾਲਾਂ ਤੋਂ ਰੁਕੀ ਹੋਈ ਹੈ। ਮੁੱਖ ਸਕੱਤਰ ਦੇ ਪੂਰੇ ਬਿਆਨ ਵਿੱਚ ਇੱਕ ਵਾਰ ਵੀ ਉਨ੍ਹਾਂ ਦਾ ਨਾਮ ਨਹੀਂ ਲਿਆ ਗਿਆ। ਚੁੱਪੀ ਬਹੁਤ ਕੁਝ ਬਿਆਨ ਕਰਦੀ ਹੈ।"

ਸਾਡੀ ਮੰਗ ਅੱਜ ਵੀ ਉਹੀ ਹੈ-ਸ਼੍ਰੋਮਣੀ ਕਮੇਟੀ ਨੂੰ ਚਾਹੀਦਾ ਹੈ ਕਿ ਉਹ ਸਾਲ 2023 ਦੀ ਪੂਰੀ ਪ੍ਰਕਿਰਿਆ ਦੇ ਦਸਤਾਵੇਜ਼, ਸੰਪਰਕ ਕੀਤੀਆਂ ਗਈਆਂ ਕੰਪਨੀਆਂ ਦੇ ਨਾਮ, ਉਨ੍ਹਾਂ ਦੇ ਪ੍ਰਸਤਾਵ, ਗੁਰਬਾਣੀ ਪ੍ਰਸਾਰਣ ਦੇ ਖੇਤਰ ਵਿੱਚ ਉਨ੍ਹਾਂ ਦੇ ਤਜਰਬੇ, ਅੰਸ਼ਾਨੁਕ੍ਰਿਤੀ ਇੰਟਰਪ੍ਰਾਈਜ਼ਿਜ਼ ਨੂੰ ਦਿੱਤਾ ਗਿਆ ਕਾਰਜ ਆਦੇਸ਼, ਸਾਜ਼ੋ-ਸਾਮਾਨ ਦੀ ਸੂਚੀ, ਕਿਰਾਏ ਦੇ ਸਮਝੌਤੇ, ਮਾਲਕੀ ਦੇ ਸਬੂਤ, ਅਤੇ ਜੁਲਾਈ 2023 ਤੋਂ ਬਾਅਦ ਪ੍ਰਸਾਰਣ ਜਾਰੀ ਰੱਖਣ ਜਾਂ ਪੁਰਾਣਾ ਸਮਝੌਤਾ ਰੱਦ ਕਰਨ ਸੰਬੰਧੀ ਜਨਰਲ ਹਾਊਸ ਜਾਂ ਐਗਜ਼ੈਕਟਿਵ ਵਿੱਚ ਪਾਸ ਕੀਤੇ ਗਏ ਮਤੇ ਸੰਗਤ ਦੇ ਸਾਹਮਣੇ ਰੱਖੇ। "ਅਤੇ ਸਭ ਤੋਂ ਆਸਾਨ ਰਾਹ ਇਹ ਹੈ ਕਿ ਅੱਜ ਹੀ ਜਨਤਕ ਸੱਦਾ ਜਾਰੀ ਕਰ ਦਿੱਤਾ ਜਾਵੇ। ਜਿਹੜਾ ਵੀ ਚੈਨਲ ਮਰਿਆਦਾ ਦੀ ਪਾਲਣਾ ਕਰਨ ਦਾ ਲਿਖਤੀ ਭਰੋਸਾ ਦੇਵੇ, ਉਸ ਨੂੰ ਫੀਡ ਦੇ ਦਿੱਤੀ ਜਾਵੇ।

## ਗੁਰਬਾਣੀ ਪ੍ਰਸਾਰਣ ਸਬੰਧੀ ਬਿਆਨਬਾਜ਼ੀ ਕਰਕੇ ਸੰਗਤ ਨੂੰ ਗੁੰਮਰਾਹ ਨਾ ਕੀਤਾ ਜਾਵੇ- ਸ. ਮੰਨਣ

### ਕਿਹਾ; ਸ. ਪੀਰਮੁਹੰਮਦ ਅਤੇ ਇਕ ਵਿਧਾਇਕ ਵੱਲੋਂ ਲਗਾਏ ਇਲਜ਼ਾਮ ਬੇਬੁਨਿਆਦ ਅਤੇ ਅਧਾਰਹੀਣ



**ਅੰਮ੍ਰਿਤਸਰ, 4 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਸ. ਕਰਨੈਲ ਸਿੰਘ ਪੀਰਮੁਹੰਮਦ ਅਤੇ ਵਿਧਾਨ ਸਭਾ ਵਿਚ ਇਕ ਵਿਧਾਇਕ ਵੱਲੋਂ ਸ੍ਰੀ ਦਰਬਾਰ ਸਾਹਿਬ ਤੋਂ ਗੁਰਬਾਣੀ ਪ੍ਰਸਾਰਣ ਦੇ ਸਬੰਧ ਵਿਚ ਲਗਾਏ ਦੋਸ਼ਾਂ ਨੂੰ ਬੇਬੁਨਿਆਦ ਅਤੇ ਅਧਾਰਹੀਣ ਦੱਸਦਿਆਂ ਰੱਦ ਕੀਤਾ ਹੈ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਮੰਨਣ ਨੇ ਜਾਰੀ ਪ੍ਰੈੱਸ ਬਿਆਨ ਵਿਚ ਕਿਹਾ ਕਿ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਤੋਂ ਗੁਰਬਾਣੀ ਪ੍ਰਸਾਰਣ ਦਾ ਨਿੱਜੀ ਚੈਨਲ ਨਾਲ ਕੀਤਾ ਇਕਰਾਰਨਾਮਾ ਜੁਲਾਈ 2023 ਵਿਚ ਸਮਾਪਤ ਹੋ ਚੁੱਕਾ ਹੈ, ਜਿਸ ਅਨੁਸਾਰ ਉਨ੍ਹਾਂ ਵੱਲ ਹੁਣ ਸਾਲਾਨਾ ਲੈਣਦਾਰੀ ਨਹੀਂ ਹੈ। ਉਨ੍ਹਾਂ ਕਿਹਾ ਕਿ ਸ. ਕਰਨੈਲ ਸਿੰਘ ਪੀਰਮੁਹੰਮਦ ਨੂੰ ਆਪਣੇ ਬਿਆਨ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਪਾਸੋਂ ਜਾਣਕਾਰੀ ਪ੍ਰਾਪਤ ਕਰ ਲੈਣੀ ਚਾਹੀਦੀ ਸੀ। ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਗੁਰਬਾਣੀ ਪ੍ਰਸਾਰਣ ਦੇ ਮਾਮਲੇ ਵਿਚ ਇਕ ਨਿੱਜੀ ਚੈਨਲ ਵੱਲ ਸ਼੍ਰੋਮਣੀ ਕਮੇਟੀ ਦਾ ਬਕਾਇਆ ਹੋਣ ਬਾਰੇ ਗ਼ਲਤ ਪ੍ਰਚਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ 2023 ਵਿਚ ਆਪਣਾ ਯੂ-ਟਿਊਬ ਚੈਨਲ ਸ਼ੁਰੂ ਕਰਕੇ ਗੁਰਬਾਣੀ ਦਾ ਸਿੱਧਾ ਪ੍ਰਸਾਰਣ ਆਰੰਭ ਦਿੱਤਾ ਸੀ। ਇਸ ਨਾਲ ਪਹਿਲਾਂ ਪ੍ਰਸਾਰਣ ਕਰ ਰਹੇ ਚੈਨਲ ਨਾਲ ਇਕਰਾਰਨਾਮਾ ਖ਼ਤਮ ਹੋ ਗਿਆ ਸੀ। ਸ. ਮੰਨਣ ਨੇ ਆਖਿਆ ਕਿ ਪਹਿਲਾਂ ਨਿੱਜੀ ਚੈਨਲ ਨਾਲ ਇਕਰਾਰਨਾਮੇ ਤਹਿਤ ਸੈਟੇਲਾਈਟ ਚੈਨਲ ਦੇ ਨਾਲ-ਨਾਲ ਇੰਟਰਨੈੱਟ ਮਾਧਿਅਮ ਦੁਆਰਾ ਗੁਰਬਾਣੀ ਪ੍ਰਸਾਰਣ ਦੇ ਹੱਕ ਵੀ ਉਨ੍ਹਾਂ ਨੂੰ ਦਿੱਤੇ ਗਏ ਸਨ, ਜਦਕਿ 2023 ਵਿਚ ਇਹ ਸਾਰੇ ਹੱਕ-ਹਕੂਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਾਸ ਰਾਖਵੇਂ ਕਰ ਦਿੱਤੇ ਗਏ। ਜਦੋਂ ਇਹ ਪ੍ਰਸਾਰਣ ਵੈੱਬ ਰਾਹੀਂ ਸ਼੍ਰੋਮਣੀ ਕਮੇਟੀ ਵੱਲੋਂ ਆਪ ਸ਼ੁਰੂ ਕੀਤਾ ਗਿਆ, ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਦੇ ਪੱਤਰ ਦੀ ਰੌਸ਼ਨੀ ਵਿਚ ਸੰਗਤਾਂ ਦੀ ਮੰਗ ਅਤੇ ਭਾਵਨਾਵਾਂ ਅਨੁਸਾਰ ਨਿੱਜੀ ਸੈਟੇਲਾਈਟ ਚੈਨਲ 'ਤੇ ਗੁਰਬਾਣੀ ਪ੍ਰਸਾਰਣ ਜਾਰੀ ਰੱਖਣ ਦਾ ਫੈਸਲਾ ਹੋਇਆ ਸੀ। ਉਨ੍ਹਾਂ ਸਪੱਸ਼ਟ ਕੀਤਾ ਕਿ 2023 ਵਿਚ ਸ਼੍ਰੋਮਣੀ ਕਮੇਟੀ ਵੱਲੋਂ ਆਪਣਾ ਵੈੱਬ ਚੈਨਲ ਚਲਾਉਣ ਲਈ ਸੈਟਅੱਪ ਲਗਾਉਣ ਵਾਸਤੇ ਵੱਖ-ਵੱਖ ਕੰਪਨੀਆਂ ਨਾਲ ਚਰਚਾ ਹੋਈ ਸੀ, ਜਿਸ 'ਚ ਮਹੀਨਾਵਾਰ ਵੱਡੀ ਰਾਸ਼ੀ ਦਾ ਖਰਚ ਮੰਗਿਆ ਗਿਆ ਸੀ। ਪੀਟੀਸੀ ਚੈਨਲ ਵੱਲੋਂ ਆਪਣਾ ਸੈਟਅੱਪ ਲਗਾ ਕੇ ਸ਼੍ਰੋਮਣੀ ਕਮੇਟੀ ਦਾ ਵੈੱਬ ਚੈਨਲ ਬਿਨਾਂ ਕਿਸੇ ਖਰਚੇ ਦੇ ਚਲਾਉਣ ਦੀ ਪੇਸ਼ਕਸ਼ ਬਾਅਦ ਇਸ ਨੂੰ ਕੇਵਲ ਸੈਟੇਲਾਈਟ ਚੈਨਲ ਦੀਆਂ ਸੇਵਾਵਾਂ ਮਨਜ਼ੂਰ ਕੀਤੀਆਂ ਗਈਆਂ, ਜਦਕਿ ਸਾਰੇ ਹੱਕ-ਹਕੂਕ ਅਤੇ ਅਧਿਕਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਾਸ ਰਾਖਵੇਂ ਕੀਤੇ ਗਏ ਸਨ। 2023 ਤੋਂ ਪਹਿਲਾਂ ਦੇ ਇਕਰਾਰਨਾਮੇ ਅਨੁਸਾਰ ਨਿੱਜੀ ਚੈਨਲ ਵੱਲੋਂ ਸਾਰੀ ਰਾਸ਼ੀ ਜਮ੍ਹਾਂ ਹੈ ਅਤੇ ਕੋਈ ਬਕਾਇਆ ਨਹੀਂ ਬਚਦਾ, ਸਗੋਂ ਹੁਣ ਸੈਟਅੱਪ ਦੇ ਸਾਰੇ ਮਹੀਨਾਵਾਰ ਖਰਚੇ ਉਹ ਚੈਨਲ ਖ਼ਰਚ ਰਿਹਾ ਹੈ। ਸ. ਮੰਨਣ ਨੇ ਕਿਹਾ ਕਿ ਸਿੱਖ ਸੰਸਥਾ ਦੇ ਪ੍ਰਬੰਧਾਂ ਨੂੰ ਰਾਜਨੀਤੀ ਤਹਿਤ ਬਦਨਾਮ ਨਹੀਂ ਕੀਤਾ ਜਾਣਾ ਚਾਹੀਦਾ ਅਤੇ ਸੰਗਤਾਂ ਨੂੰ ਵੀ ਅਜਿਹੇ ਬੇਲੋੜੇ ਦੋਸ਼ਾਂ ਪ੍ਰਤੀ ਸੁਚੇਤ ਰਹਿਣਾ ਚਾਹੀਦਾ ਹੈ।

## ਗੁਰਬਾਣੀ ਪ੍ਰਸਾਰਣ ਦਾ ਰਾਹ ਸਭ ਲਈ ਖੁੱਲ੍ਹਾ

# ਪ੍ਰਸਾਰਣ ਕੱਲ੍ਹ ਅੰਮ੍ਰਿਤ ਵੇਲੇ ਤੋਂ ਹੀ ਸ਼ੁਰੂ ਹੋਣਾ ਚਾਹੀਦਾ ਹੈ —ਕਰਨੈਲ ਸਿੰਘ ਪੀਰ ਮੁਹੰਮਦ

**ਚੰਡੀਗੜ੍ਹ-: 5 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਬੁਲਾਰੇ ਸ ਅਰਸ਼ਦੀਪ ਸਿੰਘ ਕਲੇਰ ਵੱਲੋਂ ਅੱਜ ਦਿੱਤੇ ਗਏ ਇਸ ਸਪੱਸ਼ਟੀਕਰਨ ਦਾ ਅਸੀਂ ਸਵਾਗਤ ਕਰਦੇ ਹਾਂ ਕਿ ਸ੍ਰੀ ਦਰਬਾਰ ਸਾਹਿਬ ਤੋਂ ਗੁਰਬਾਣੀ ਦਾ ਸਿੱਧਾ ਪ੍ਰਸਾਰਣ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਯੂਟਿਊਬ ਅਤੇ ਫੇਸਬੁੱਕ ਮੰਚਾਂ ਉੱਤੇ ਉਪਲਬਧ ਹੈ ਅਤੇ ਜਿਹੜਾ ਵੀ ਚੈਨਲ ਗੁਰਮਰਿਆਦਾ ਦੀ ਪਾਲਣਾ ਕਰਦਾ ਹੈ, ਉਹ ਉੱਥੋਂ ਇਸ ਲਈ ਪ੍ਰਸਾਰਣ ਲਿੰਕ ਲੈ ਸਕਦਾ ਹੈ। ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਮੁੱਖ ਬੁਲਾਰੇ ਅਤੇ ਸੀਨੀਅਰ ਮੀਤ ਪ੍ਰਧਾਨ ਸ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਬੀਤੇ ਦਿਨ ਪ੍ਰੈਸ ਰਾਹੀਂ ਅਸੀਂ ਇਹੋ ਮੁੱਖ ਮੰਗ ਕੀਤੀ ਸੀ। ਸ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਐਡਵੋਕੇਟ ਕਲੇਰ ਦੇ ਇਸ ਬਿਆਨ ਨੇ ਉਸ ਵਿਵਾਦ ਨੂੰ ਖ਼ਤਮ ਕਰ ਦਿੱਤਾ ਹੈ, ਜਿਸ ਨੂੰ ਲੰਬੇ ਸਮੇਂ ਤੋਂ ਬੇਲੋੜੀ ਉਲਝਣ ਵਿੱਚ ਰੱਖਿਆ ਗਿਆ ਸੀ। ਅੱਜ ਤਿੰਨ ਗੱਲਾਂ ਪੂਰੀ ਤਰ੍ਹਾਂ ਸਪੱਸ਼ਟ ਹੋ ਗਈਆਂ ਹਨ। ਜਿੰਨਾਂ ਚੋਂ ਪਹਿਲੀ ਗੱਲ, ਗੁਰਬਾਣੀ ਦੇ ਪ੍ਰਸਾਰਣ ਉੱਤੇ ਕਿਸੇ ਇੱਕ ਚੈਨਲ ਦਾ ਕੋਈ ਵਿਸ਼ੇਸ਼ ਅਧਿਕਾਰ ਨਹੀਂ ਹੈ। ਦੂਜੀ ਗੱਲ, ਕਿਸੇ ਇੱਕ ਧਿਰ ਨੂੰ ਵਿਚੋਲੀਆ ਜਾਂ ਪਹਿਰੇਦਾਰ ਵਜੋਂ ਕੰਮ ਕਰਨ ਦਾ ਕੋਈ ਅਧਿਕਾਰ ਪ੍ਰਾਪਤ ਨਹੀਂ ਹੈ। ਤੀਜੀ ਗੱਲ, ਮਰਿਆਦਾ ਹੀ ਇੱਕੋ-ਇੱਕ ਸ਼ਰਤ ਹੈ ਅਤੇ ਕੋਈ ਵੀ ਜ਼ਿੰਮੇਵਾਰ ਪ੍ਰਸਾਰਕ



ਇਸ ਸੰਬੰਧ ਵਿੱਚ ਕਿਸੇ ਤਰ੍ਹਾਂ ਦੀ ਛੋਟ ਦੀ ਮੰਗ ਨਹੀਂ ਕਰੇਗਾ। ਸ੍ਰੀ ਦਰਬਾਰ ਸਾਹਿਬ ਤੋਂ ਹੋਣ ਵਾਲਾ ਗੁਰਬਾਣੀ ਪ੍ਰਸਾਰਣ ਸਮੁੱਚੀ ਸੰਗਤ ਦੀ ਸਾਂਝੀ ਧਰੋਹਰ ਹੈ। ਇਹ ਕਦੇ ਵੀ ਕਿਸੇ ਇੱਕ ਚੈਨਲ ਦੀ ਵਪਾਰਕ ਜਾਇਦਾਦ ਨਹੀਂ ਸੀ ਅਤੇ ਨਾ ਹੀ ਹੋ ਸਕਦੀ ਹੈ। ਕਿਸੇ ਨੂੰ ਵੀ ਗੁਰੂ ਸਾਹਿਬ ਦੇ ਸ਼ਬਦ ਅਤੇ ਗੁਰੂ ਦੇ ਸਿੱਖਾਂ ਦੇ ਵਿਚਕਾਰ ਕੰਧ ਖੜ੍ਹੀ ਕਰਨ ਦਾ ਅਧਿਕਾਰ ਨਹੀਂ ਦਿੱਤਾ ਜਾ ਸਕਦਾ। ਇਸ ਲਈ ਅਸੀਂ ਲਿਵਿੰਗ ਇੰਡੀਆ, ਸਪੋਕਸਮੈਨ ਟੀਵੀ, ਜ਼ੀ ਪੰਜਾਬੀ ਅਤੇ ਜੀ.ਟੀ.ਸੀ ਪੰਜਾਬੀ ਸਮੇਤ ਸਾਰੇ ਚੈਨਲਾਂ ਨੂੰ ਅਪੀਲ ਕਰਦੇ ਹਾਂ ਕਿ ਉਹ ਕੱਲ੍ਹ ਸਵੇਰ ਤੋਂ ਹੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧਿਕਾਰਤ ਲਿੰਕ ਤੋਂ ਗੁਰਬਾਣੀ ਦਾ ਪ੍ਰਸਾਰਣ ਸ਼ੁਰੂ ਕਰਨ। ਅਕਾਲੀ ਦਲ ਬਾਦਲ ਦੇ ਬੁਲਾਰੇ ਦੀ ਅਧਿਕਾਰਤ ਘੋਸ਼ਣਾ ਤੋਂ ਬਾਅਦ ਹੁਣ ਹੋਰ ਉਡੀਕ ਕਰਨ ਦਾ ਕੋਈ ਕਾਰਨ ਨਹੀਂ ਬਚਿਆ ਹੈ। ਸ ਪੀਰਮੁਹੰਮਦ ਨੇ ਕਿਹਾ ਕਿ ਅਸੀਂ ਸ਼੍ਰੋਮਣੀ ਕਮੇਟੀ ਨੂੰ ਵੀ ਬੇਨਤੀ ਕਰਦੇ ਹਾਂ ਕਿ ਉਹ ਇੱਕ ਸੰਖੇਪ ਲਿਖਤੀ ਹਦਾਇਤ ਜਾਰੀ ਕਰੇ, ਜਿਸ ਵਿੱਚ ਇਸ ਪ੍ਰਬੰਧ ਦੀ ਪੁਸ਼ਟੀ ਕੀਤੀ ਜਾਵੇ ਅਤੇ ਮਰਿਆਦਾ ਨਾਲ ਸਬੰਧਿਤ ਨਿਯਮ ਸਪੱਸ਼ਟ ਤੌਰ ਉੱਤੇ ਦਰਜ ਕੀਤੇ ਜਾਣ। ਇਸ ਨਾਲ ਸਾਰੇ ਪ੍ਰਸਾਰਕ ਇੱਕੋ ਜਿਹੇ ਮਾਪਦੰਡਾਂ ਅਨੁਸਾਰ ਕੰਮ ਕਰ ਸਕਣਗੇ ਅਤੇ ਭਵਿੱਖ ਵਿੱਚ ਕਿਸੇ ਵੀ ਤਰ੍ਹਾਂ ਦੇ ਵਿਵਾਦ ਦੀ ਸੰਭਾਵਨਾ ਖ਼ਤਮ ਹੋ ਜਾਵੇਗੀ। ਗੁਰਬਾਣੀ ਦਾ ਪ੍ਰਸਾਰਣ ਜਿੰਨਾ ਵਿਸ਼ਾਲ ਹੋਵੇਗਾ, ਓਨਾ ਹੀ ਗੁਰੂ ਸਾਹਿਬ ਦਾ ਸੰਦੇਸ਼ ਦੁਨੀਆ ਦੇ ਹਰ ਕੋਨੇ ਤੱਕ ਪਹੁੰਚੇਗਾ। ਪ੍ਰੈਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

### ਭਗਤ ਪੂਰਨ ਸਿੰਘ ਜੀ ਦੀ ਨਿਸ਼ਕਾਮ ਮਨੁੱਖਤਾ ਦੀ ਸੇਵਾ

# ਸਮੁੱਚੇ ਸਮਾਜ ਲਈ ਸਦੀਵੀ ਪ੍ਰੇਰਣਾ : ਮਾਤਾ ਬਲਵਿੰਦਰ ਕੌਰ




### ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਭਗਤ ਪੂਰਨ ਸਿੰਘ ਜੀ ਦੀ ਬਰਸੀ ਮੌਕੇ ਪਿੰਗਲਵਾੜਾ ਵਿਖੇ ਸ਼ਰਧਾਂਜਲੀ ਭੇਟ, ਸੇਵਾ ਭਾਵਨਾ ਨੂੰ ਕੀਤਾ ਨਮਨ

**ਅੰਮ੍ਰਿਤਸਰ, 5 ਅਗਸਤ (ਆਵਾਜ਼ਿ ਕੌਮ ਬਿਊਰੋ)-** ਅੱਜ ਆਲ ਇੰਡੀਆ ਪਿੰਗਲਵਾੜਾ ਸੋਸਾਇਟੀ ਵੱਲੋਂ ਸੰਸਥਾਪਕ ਭਗਤ ਪੂਰਨ ਸਿੰਘ ਜੀ ਦੀ ਬਰਸੀ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਈ ਗਈ। ਇਹ ਸ਼ਰਧਾਂਜਲੀ ਸਮਾਗਮ ਸੋਸਾਇਟੀ ਦੀ ਪ੍ਰਧਾਨ ਬੀਬੀ ਇੰਦਰਜੀਤ ਕੌਰ ਜੀ ਦੀ ਅਗਵਾਈ ਹੇਠ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਜਨਤਕ ਸ਼ਖਸੀਅਤਾਂ ਨੇ ਸ਼ਮੂਲੀਅਤ ਕਰਕੇ ਮਹਾਨ ਸੇਵਕ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

ਜੀ ਦੇ ਮਾਤਾ ਬੀਬੀ ਬਲਵਿੰਦਰ ਕੌਰ ਜੀ ਨੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸਮਾਗਮ ਵਿੱਚ ਹਾਜ਼ਰੀ ਭਰੀ ਅਤੇ ਭਗਤ ਪੂਰਨ ਸਿੰਘ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਉਨ੍ਹਾਂ ਦੀ ਨਿਸ਼ਕਾਮ ਮਨੁੱਖਤਾ ਦੀ ਸੇਵਾ ਨੂੰ ਸਿਜਦਾ ਕੀਤਾ। ਬੀਬੀ ਬਲਵਿੰਦਰ ਕੌਰ ਜੀ ਨੇ ਕਿਹਾ ਕਿ ਭਗਤ ਪੂਰਨ ਸਿੰਘ ਜੀ ਨੇ ਆਪਣਾ ਸਾਰਾ ਜੀਵਨ ਦੁਖੀ, ਲਾਚਾਰ, ਬੇਸਹਾਰਾ ਅਤੇ ਲੋੜਵੰਦ ਮਨੁੱਖਤਾ ਦੀ ਸੇਵਾ ਲਈ ਸਮਰਪਿਤ ਕਰ ਦਿੱਤਾ। ਉਨ੍ਹਾਂ ਦੀ ਸੇਵਾ, ਸਾਦਗੀ ਅਤੇ ਮਨੁੱਖਤਾ ਪ੍ਰਤੀ ਸਮਰਪਣ ਆਉਣ ਵਾਲੀਆਂ ਪੀੜ੍ਹੀਆਂ ਲਈ ਹਮੇਸ਼ਾਂ ਪ੍ਰੇਰਣਾ ਦਾ ਸਰੋਤ ਰਹੇਗਾ। ਉਨ੍ਹਾਂ ਕਿਹਾ ਕਿ ਸਮਾਜ ਨੂੰ ਭਗਤ ਪੂਰਨ ਸਿੰਘ ਜੀ ਦੇ ਦਰਸਾਏ ਸੇਵਾ ਮਾਰਗ 'ਤੇ ਚੱਲਣ ਦਾ ਸੰਕਲਪ ਲੈਣਾ ਚਾਹੀਦਾ ਹੈ। ਇਸ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਮੁੱਖ ਆਗੂ ਭਾਈ ਹਰਭਜਨ ਸਿੰਘ ਤੁੜ, ਇਸਤਰੀ ਵਿੰਗ ਦੇ ਪੰਜਾਬ ਪ੍ਰਧਾਨ ਬੀਬੀ ਹਰਪ੍ਰੀਤ ਕੌਰ, ਅੰਮ੍ਰਿਤਸਰ ਸ਼ਹਿਰੀ ਪ੍ਰਧਾਨ ਭਾਈ ਅਮਨਦੀਪ ਸਿੰਘ ਡੱਡੂਆਣਾ, ਮੀਡੀਆ ਇੰਚਾਰਜ ਭਾਈ ਸ਼ਮਸ਼ੇਰ ਸਿੰਘ ਪੱਧਰੀ ਅਤੇ ਭਾਈ ਗੁਰਪ੍ਰੀਤ ਸਿੰਘ ਕੰਮੋਕੇ ਵੀ ਹਾਜ਼ਰ ਸਨ। ਸਮੂਹ ਆਗੂਆਂ ਨੇ ਪਿੰਗਲਵਾੜਾ ਵੱਲੋਂ ਨਿਭਾਈ ਜਾ ਰਹੀ ਮਨੁੱਖਤਾ ਦੀ ਮਹਾਨ ਸੇਵਾ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਸੰਸਥਾਵਾਂ ਸਮਾਜ ਲਈ ਪ੍ਰੇਰਣਾ ਦਾ ਕੇਂਦਰ ਹਨ ਅਤੇ ਇਨ੍ਹਾਂ ਦੀ ਸੇਵਾ ਸਦਾ ਸਤਿਕਾਰ ਦੀ ਹੱਕਦਾਰ ਰਹੇਗੀ।



### ਦਿੱਲੀ ਕਮੇਟੀ ਵਲੋਂ ਡਾ. ਗੁਰਨਾਮ ਸਿੰਘ ਨੂੰ ਸ਼੍ਰੋਮਣੀ ਰਾਗੀ ਐਵਾਰਡ

# ਭਾਈ ਸਵਰਨ ਸਿੰਘ ਤੇ ਹਜ਼ੂਰੀ ਰਾਗੀਆਂ ਲਈ ਵੀ ਸਨਮਾਨ ਦਾ ਐਲਾਨ

ਨਵੀਂ ਦਿੱਲੀ, 5 ਅਗਸਤ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇਸ ਸਾਲ ਦਾ ਸ਼੍ਰੋਮਣੀ ਰਾਗੀ ਐਵਾਰਡ ਪ੍ਰਸਿੱਧ ਗੁਰਮਤਿ ਸੰਗੀਤ ਵਿਦਵਾਨ ਡਾ. ਗੁਰਨਾਮ ਸਿੰਘ ਨੂੰ ਦੇਣ ਦਾ ਐਲਾਨ ਕੀਤਾ ਹੈ। ਗੁਰੂ ਸਾਹਿਬਾਨ ਵੱਲੋਂ ਸਥਾਪਿਤ ਰਵਾਇਤੀ ਗੁਰਮਤਿ ਕੀਰਤਨ ਪਰੰਪਰਾ ਨੂੰ ਪ੍ਰਫੁੱਲਤ ਕਰਨ ਦੇ ਉਦੇਸ਼ ਨਾਲ ਦਿੱਤੇ ਜਾਣ ਵਾਲੇ ਇਸ ਸਨਮਾਨ ਦੇ ਨਾਲ 11 ਲੱਖ ਰੁਪਏ ਦੀ ਇਨਾਮੀ ਰਾਸ਼ੀ ਵੀ ਪ੍ਰਦਾਨ ਕੀਤੀ ਜਾਵੇਗੀ। ਡਾ. ਗੁਰਨਾਮ ਸਿੰਘ ਨੂੰ ਇਹ ਐਵਾਰਡ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਮੌਕੇ ਭੇਟ ਕੀਤਾ ਜਾਵੇਗਾ। ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਅਤੇ ਧਰਮ ਪ੍ਰਚਾਰ ਕਮੇਟੀ ਦੇ ਮੁਖੀ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਦੱਸਿਆ ਕਿ ਸ਼੍ਰੋਮਣੀ ਰਾਗੀ ਐਵਾਰਡ ਲਈ ਹਰ ਸਾਲ ਉੱਘੇ ਰਾਗੀ ਸਿੰਘਾਂ ਅਤੇ ਗੁਰਮਤਿ ਸੰਗੀਤ ਦੇ ਵਿਦਵਾਨਾਂ ਦਾ ਸੁਤੰਤਰ

ਆਵਾਜ਼ਿ ਕੌਮ AWAZE QAUM International Newspaper & WEB TV

ਪੈਨਲ ਬਣਾਇਆ ਜਾਂਦਾ ਹੈ, ਜੋ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਰਾਗਾਂ ਅਨੁਸਾਰ ਰਵਾਇਤੀ ਕੀਰਤਨ ਦੀ ਸੇਵਾ ਨਿਭਾਉਣ ਵਾਲੇ ਯੋਗ ਰਾਗੀ ਦੀ ਚੋਣ ਕਰਦਾ ਹੈ। ਪੈਨਲ ਦੀ ਸਿਫ਼ਾਰਸ਼ 'ਤੇ ਇਸ ਸਾਲ ਡਾ. ਗੁਰਨਾਮ ਸਿੰਘ ਦੇ ਨਾਮ ਨੂੰ ਮਨਜ਼ੂਰੀ ਦਿੱਤੀ ਗਈ ਹੈ, ਜਦਕਿ ਪਿਛਲੇ ਸਾਲ ਇਹ ਸਨਮਾਨ ਭਾਈ ਗੁਰਮੀਤ ਸਿੰਘ ਸ਼ਾਂਤ ਨੂੰ ਦਿੱਤਾ ਗਿਆ ਸੀ। ਕਮੇਟੀ ਆਗੂਆਂ ਨੇ ਦੱਸਿਆ ਕਿ ਲੰਬੇ ਸਮੇਂ ਤੋਂ ਤਬਲਾ ਵਾਦਕ ਵਜੋਂ ਗੁਰੂ ਘਰ ਦੀ ਸੇਵਾ ਨਿਭਾ ਰਹੇ ਭਾਈ ਸਵਰਨ ਸਿੰਘ ਨੂੰ ਵੀ ਕੀਰਤਨ ਸੇਵਾ ਸਨਮਾਨ ਨਾਲ ਨਿਵਾਜਿਆ ਜਾਵੇਗਾ। ਕਰੀਬ 74 ਸਾਲਾਂ ਦੀ ਨਿਰੰਤਰ ਕੀਰਤਨ ਸੇਵਾ ਦੇ ਸਨਮਾਨ ਵਜੋਂ ਉਨ੍ਹਾਂ ਨੂੰ 1.25 ਲੱਖ ਰੁਪਏ ਦੀ ਇਨਾਮੀ ਰਾਸ਼ੀ ਭੇਟ ਕੀਤੀ ਜਾਵੇਗੀ। ਇਸ ਮੌਕੇ ਦਿੱਲੀ ਕਮੇਟੀ ਨੇ ਇੱਕ ਹੋਰ ਮਹੱਤਵਪੂਰਨ ਫ਼ੈਸਲੇ ਦਾ ਵੀ ਐਲਾਨ ਕੀਤਾ। ਕਮੇਟੀ ਅਧੀਨ ਸੇਵਾ ਨਿਭਾ ਰਹੇ ਹਜ਼ੂਰੀ ਰਾਗੀ ਸਿੰਘਾਂ ਵਿੱਚੋਂ ਹਰ ਸਾਲ ਸਰਵੋਤਮ ਕੀਰਤਨੀਏ ਦੀ ਚੋਣ ਕਰਕੇ 1.25 ਲੱਖ ਰੁਪਏ ਦਾ ਵਿਸ਼ੇਸ਼ ਐਵਾਰਡ ਦਿੱਤਾ ਜਾਵੇਗਾ। ਪੰਜ ਮੈਂਬਰੀ ਕਮੇਟੀ ਰਾਗੀ ਸਿੰਘਾਂ ਦੀ ਸਮੁੱਚੀ ਕਾਰਗੁਜ਼ਾਰੀ, ਕੀਰਤਨ ਮਰਿਆਦਾ, ਅਨੁਸ਼ਾਸਨ ਅਤੇ ਸੇਵਾ ਨੂੰ ਆਧਾਰ ਬਣਾ ਕੇ ਚੋਣ ਕਰੇਗੀ ਅਤੇ ਇਹ ਸਨਮਾਨ ਹਰ ਸਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਮੌਕੇ ਪ੍ਰਦਾਨ ਕੀਤਾ ਜਾਵੇਗਾ। ਕਾਲਕਾ, ਕਾਹਲੋਂ ਅਤੇ ਕਰਮਸਰ ਨੇ ਕਿਹਾ ਕਿ ਇਨ੍ਹਾਂ ਸਨਮਾਨਾਂ ਦਾ ਮਕਸਦ ਗੁਰੂ ਘਰ ਦੇ ਰਾਗੀ ਸਿੰਘਾਂ, ਕੀਰਤਨੀਆਂ ਅਤੇ ਸੇਵਾਦਾਰਾਂ ਨੂੰ ਗੁਰਮਤਿ ਸੰਗੀਤ ਦੀ ਮਹਾਨ ਪਰੰਪਰਾ, ਉੱਚ ਆਚਰਣ ਅਤੇ ਸਮਰਪਿਤ ਸੇਵਾ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਨੌਜਵਾਨ ਕੀਰਤਨੀਆਂ ਨੂੰ ਵੀ ਉੱਚੀਆਂ ਪਰੰਪਰਾਵਾਂ ਅਨੁਸਾਰ ਸੇਵਾ ਕਰਨ ਅਤੇ ਗੁਰੂ ਘਰ ਦੀ ਮਰਿਆਦਾ ਨੂੰ ਕਾਇਮ ਰੱਖਣ ਲਈ ਉਤਸ਼ਾਹਿਤ ਕਰਨਗੇ।




### 11 ਲੱਖ ਰੁਪਏ ਦੇ ਸ਼੍ਰੋਮਣੀ ਰਾਗੀ ਐਵਾਰਡ ਦੇ ਨਾਲ ਕੀਰਤਨ ਸੇਵਾ ਸਨਮਾਨ ਅਤੇ ਹਜ਼ੂਰੀ ਰਾਗੀਆਂ ਲਈ ਸਾਲਾਨਾ ਐਵਾਰਡ ਦੀ ਵੀ ਸ਼ੁਰੂਆਤ

# ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਜੀਵਨ ਮਨੁੱਖਤਾ ਦੀ ਸੇਵਾ ਦਾ ਸਦੀਵੀ ਸੰਦੇਸ਼: ਇੰਦਰਜੀਤ ਸਿੰਘ

ਨਵੀਂ ਦਿੱਲੀ, 5 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪਾਵਨ ਪ੍ਰਕਾਸ਼ ਦਿਹਾੜੇ ਮੌਕੇ 13 ਆਸਾ ਵੈਲਫੇਅਰ ਟਰੱਸਟ ਦੇ ਪ੍ਰਧਾਨ ਇੰਦਰਜੀਤ ਸਿੰਘ ਵਿਕਾਸ ਪੁਰੀ ਨੇ ਸਮੂਹ ਸੰਗਤ ਨੂੰ ਵਧਾਈ ਦਿੰਦਿਆਂ ਕਿਹਾ ਕਿ ਅੱਠਵੇਂ ਪਾਤਸ਼ਾਹ ਦਾ ਜੀਵਨ ਦਇਆ, ਨਿਮਰਤਾ, ਸੇਵਾ ਅਤੇ ਮਨੁੱਖਤਾ ਦੀ ਬੇਮਿਸਾਲ ਮਿਸਾਲ ਹੈ। ਉਨ੍ਹਾਂ ਕਿਹਾ ਕਿ ਬਾਲ ਉਮਰ ਵਿੱਚ ਗੁਰਗੱਦੀ ਸੰਭਾਲਣ ਦੇ ਬਾਵਜੂਦ ਗੁਰੂ ਸਾਹਿਬ ਨੇ ਦਿੱਲੀ ਵਿੱਚ ਮਹਾਂਮਾਰੀ ਦੌਰਾਨ ਦੁਖੀ ਅਤੇ ਬਿਮਾਰ ਲੋਕਾਂ ਦੀ ਬਿਨਾਂ ਕਿਸੇ ਜਾਤ-ਪਾਤ ਜਾਂ ਧਰਮ ਦੇ ਭੇਦਭਾਵ ਤੋਂ ਸੇਵਾ ਕਰਕੇ ਸਮੁੱਚੀ ਮਨੁੱਖਤਾ ਨੂੰ ਇਨਸਾਨੀਅਤ ਦਾ ਰਾਹ ਦਿਖਾਇਆ। ਇਸੇ ਕਾਰਨ ਸੰਗਤ ਨੇ ਉਨ੍ਹਾਂ ਨੂੰ ਪਿਆਰ ਨਾਲ "ਬਾਲਾ ਪੀਰ" ਦਾ ਸਨਮਾਨ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਜੀ ਦੀ ਇਹ ਸੇਵਾ ਪਰੰਪਰਾ ਅੱਜ ਵੀ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਨਿਰੰਤਰ ਜਾਰੀ ਹੈ। ਕੋਵਿਡ-19 ਮਹਾਂਮਾਰੀ ਸਮੇਤ ਹਰ ਔਖੇ ਸਮੇਂ ਦੌਰਾਨ ਲੰਗਰ, ਰਾਸ਼ਨ, ਡਾਕਟਰੀ ਸਹਾਇਤਾ ਅਤੇ ਲੋੜਵੰਦਾਂ ਲਈ ਘੱਟ ਖ਼ਰਚ 'ਤੇ ਸੀਟੀ ਸਕੈਨ, ਐਮਆਰਆਈ ਅਤੇ ਹੋਰ ਜਾਂਚਾਂ ਦੀ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ। ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਦਿੱਲੀ ਆਉਣ ਵਾਲੇ ਲੋੜਵੰਦਾਂ ਅਤੇ ਮੁਸੀਬਤ ਵਿੱਚ ਫਸੇ ਲੋਕਾਂ ਦੀ ਨਿਰਸਵਾਰਥ ਸੇਵਾ ਵੀ ਗੁਰੂ ਸਾਹਿਬ ਦੇ ਉਪਦੇਸ਼ਾਂ ਨੂੰ ਜੀਵੰਤ ਰੂਪ ਵਿੱਚ ਅੱਗੇ ਵਧਾ ਰਹੀ ਹੈ। ਇੰਦਰਜੀਤ ਸਿੰਘ ਨੇ ਕਿਹਾ ਕਿ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਸੰਦੇਸ਼ ਅੱਜ ਵੀ ਉਤਨਾ ਹੀ ਪ੍ਰਸੰਗਿਕ ਹੈ ਕਿ ਮਨੁੱਖ ਨੂੰ ਮਨੁੱਖ ਸਮਝ ਕੇ ਬਿਨਾਂ ਕਿਸੇ ਵਿਤਕਰੇ ਦੇ ਉਸ ਦੀ ਸੇਵਾ ਕੀਤੀ ਜਾਵੇ। ਉਨ੍ਹਾਂ ਅਪੀਲ ਕੀਤੀ ਕਿ ਪ੍ਰਕਾਸ਼ ਦਿਹਾੜੇ ਦਾ ਅਸਲ ਸਤਿਕਾਰ ਇਹੀ ਹੈ ਕਿ ਅਸੀਂ ਭੁੱਖੇ ਨੂੰ ਭੋਜਨ, ਪਿਆਸੇ ਨੂੰ ਪਾਣੀ, ਬਿਮਾਰ ਨੂੰ ਸਹਾਇਤਾ ਅਤੇ ਦੁਖੀ ਨੂੰ ਹੌਸਲਾ ਦੇਣ ਦਾ ਸੰਕਲਪ ਕਰੀਏ। ਇਸ ਮੌਕੇ ਉਨ੍ਹਾਂ 13 ਆਸਾ ਵੈਲਫੇਅਰ ਟਰੱਸਟ ਵੱਲੋਂ ਸਮੂਹ ਸਾਧ ਸੰਗਤ ਨੂੰ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪਾਵਨ ਪ੍ਰਕਾਸ਼ ਦਿਹਾੜੇ ਦੀਆਂ ਬੇਅੰਤ ਵਧਾਈਆਂ ਵੀ ਦਿੱਤੀਆਂ।



ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਸੇਵਾ, ਨਿਮਰਤਾ ਅਤੇ ਮਨੁੱਖਤਾ ਦਾ ਸੰਦੇਸ਼ ਅੱਜ ਦੇ ਸਮੇਂ ਦੀ ਸਭ ਤੋਂ ਵੱਡੀ ਲੋੜ: ਬਲ ਮਲਕੀਤ ਸਿੰਘ

ਨਵੀਂ ਦਿੱਲੀ, 5 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਮਹਾਰਾਸ਼ਟਰ ਰਾਜ ਪੰਜਾਬੀ ਸਾਹਿਤ ਅਕਾਦਮੀ, ਮਹਾਰਾਸ਼ਟਰ ਸਰਕਾਰ ਦੇ ਚੇਅਰਮੈਨ ਸ. ਬਲ ਮਲਕੀਤ ਸਿੰਘ ਨੇ ਅੱਠਵੇਂ ਪਾਤਸ਼ਾਹ ਧੰਨ-ਧੰਨ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪਾਵਨ ਪ੍ਰਕਾਸ਼ ਪੁਰਬ ਮੌਕੇ ਸਮੂਹ ਸੰਗਤ ਨੂੰ ਲੱਖ-ਲੱਖ ਵਧਾਈ ਦਿੰਦਿਆਂ ਕਿਹਾ ਕਿ ਗੁਰੂ ਸਾਹਿਬ ਦਾ ਪਾਵਨ ਜੀਵਨ ਨਿਮਰਤਾ, ਦਇਆ, ਨਿਸ਼ਕਾਮ ਸੇਵਾ ਅਤੇ ਮਨੁੱਖਤਾ ਦੀ ਭਲਾਈ ਲਈ ਸਮਰਪਣ ਦਾ ਸਦੀਵੀ ਪ੍ਰੇਰਣਾ ਸਰੋਤ ਹੈ। ਉਨ੍ਹਾਂ ਕਿਹਾ ਕਿ ਛੋਟੀ ਉਮਰ ਵਿੱਚ ਗੁਰਗੱਦੀ ਸੰਭਾਲਣ ਦੇ ਬਾਵਜੂਦ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੇ ਆਪਣੇ ਜੀਵਨ ਅਤੇ ਕਾਰਜਾਂ ਰਾਹੀਂ ਇਹ ਸਾਬਤ ਕੀਤਾ ਕਿ ਪਰਮਾਤਮਾ ਦੀ ਭਗਤੀ ਅਤੇ ਮਨੁੱਖਤਾ ਦੀ ਨਿਸ਼ਕਾਮ ਸੇਵਾ ਹੀ ਜੀਵਨ ਦੀ ਸਭ ਤੋਂ ਵੱਡੀ ਕਮਾਈ ਹੈ। ਉਨ੍ਹਾਂ ਕਿਹਾ ਕਿ ਦਿੱਲੀ ਵਿੱਚ ਮਹਾਂਮਾਰੀ ਦੇ ਦੌਰਾਨ ਗੁਰੂ ਸਾਹਿਬ ਨੇ ਜਾਤ-ਪਾਤ, ਧਰਮ ਅਤੇ ਵਰਗ ਦੇ ਹਰ ਭੇਦ ਤੋਂ ਉੱਪਰ ਉੱਠ ਕੇ ਦੁਖੀ ਮਨੁੱਖਤਾ ਦੀ ਸੇਵਾ ਕੀਤੀ ਅਤੇ ਕਰੁਣਾ, ਦਇਆ ਤੇ ਪਰਉਪਕਾਰ ਦੀ ਅਦੁੱਤੀ ਮਿਸਾਲ ਕਾਇਮ ਕੀਤੀ। ਸ. ਬਲ ਮਲਕੀਤ ਸਿੰਘ ਨੇ ਕਿਹਾ ਕਿ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਨੂੰ ਪ੍ਰੇਮ, ਸਹਿਣਸ਼ੀਲਤਾ, ਭਾਈਚਾਰੇ ਅਤੇ ਪਰਉਪਕਾਰ ਦੇ ਮਾਰਗ 'ਤੇ ਚੱਲਣ ਦੀ ਪ੍ਰੇਰਣਾ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਜਦੋਂ ਸਮਾਜ ਨਫ਼ਰਤ, ਹਿੰਸਾ, ਸਵਾਰਥ ਅਤੇ ਆਪਸੀ ਵੰਡ ਵਰਗੀਆਂ ਗੰਭੀਰ ਚੁਣੌਤੀਆਂ ਨਾਲ ਜੂਝ ਰਿਹਾ ਹੈ, ਉਦੋਂ ਗੁਰੂ ਸਾਹਿਬ ਦਾ ਸੰਦੇਸ਼ ਪਹਿਲਾਂ ਨਾਲੋਂ ਵੀ ਵੱਧ ਪ੍ਰਸੰਗਿਕ ਬਣ ਗਿਆ ਹੈ। ਉਨ੍ਹਾਂ ਸਮੂਹ ਸੰਗਤ ਨੂੰ ਅਪੀਲ ਕੀਤੀ ਕਿ ਗੁਰੂ ਸਾਹਿਬ ਵੱਲੋਂ ਦਰਸਾਏ ਸੇਵਾ, ਸਿਮਰਨ, ਨਿਮਰਤਾ ਅਤੇ "ਸਰਬੱਤ ਦੇ ਭਲੇ" ਦੇ ਸਿਧਾਂਤ ਨੂੰ ਆਪਣੇ ਜੀਵਨ ਦਾ ਅਟੁੱਟ ਹਿੱਸਾ ਬਣਾਇਆ ਜਾਵੇ, ਤਾਂ ਜੋ ਮਨੁੱਖਤਾ, ਸਦਭਾਵਨਾ ਅਤੇ ਆਪਸੀ ਭਾਈਚਾਰੇ 'ਤੇ ਆਧਾਰਿਤ ਇੱਕ ਸੁਚੱਜੇ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ।



ਆਵਾਜ਼ਿ ਕੌਮ AWAZE QAUM International Newspaper & WEB TV

# ਹਰਦੀਪ ਸਿੰਘ ਸ਼ੇਰਾ, ਰਮਨਦੀਪ ਸਿੰਘ ਬੱਗਾ, ਜੱਗੀ ਜੌਹਲ ਸਮੇਤ ਹੋਰ ਮੁਲਜ਼ਮ ਵੀਡੀਓ ਕਾਨਫਰੰਸਿੰਗ ਰਾਹੀਂ ਅਦਾਲਤ ਵਿੱਚ ਪੇਸ਼, ਅਗਲੀ ਸੁਣਵਾਈ 21 ਅਗਸਤ ਨੂੰ

ਨਵੀਂ ਦਿੱਲੀ, 5 ਅਗਸਤ (ਮਨਪ੍ਰੀਤ ਸਿੰਘ ਖਾਲਸਾ): ਹਰਦੀਪ ਸਿੰਘ ਸ਼ੇਰਾ, ਰਮਨਦੀਪ ਸਿੰਘ ਬੱਗਾ, ਜਗਤਾਰ ਸਿੰਘ "ਜੱਗੀ" ਜੌਹਲ ਅਤੇ ਅਮਨਿੰਦਰ ਸਿੰਘ ਸਮੇਤ ਯੂਏਪੀਏ ਅਤੇ ਕਥਿਤ "ਟਾਰਗੇਟ ਕਿਲਿੰਗ" ਜਾਂ ਕਤਲ ਦੀਆਂ ਕੋਸ਼ਿਸ਼ਾਂ ਨਾਲ ਸਬੰਧਤ ਅੱਠ ਮਾਮਲਿਆਂ ਦੀ ਸੁਣਵਾਈ ਕੇਂਦਰੀ ਦਿੱਲੀ ਸਥਿਤ ਰਾਉਜ਼ ਐਵੇਨਿਊ ਅਦਾਲਤ ਕੰਪਲੈਕਸ ਵਿੱਚ ਕੌਮੀ ਜਾਂਚ ਏਜੰਸੀ (ਐਨਆਈਏ) ਦੀ ਵਿਸ਼ੇਸ਼ ਅਦਾਲਤ ਅੰਦਰ ਹੋਈ। ਪੰਥਕ ਵਕੀਲ ਭਾਈ ਜਸਪਾਲ ਸਿੰਘ ਮੰਝਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰਦੀਪ ਸਿੰਘ ਸ਼ੇਰਾ, ਰਮਨਦੀਪ ਸਿੰਘ ਬੱਗਾ, ਜਗਤਾਰ ਸਿੰਘ "ਜੱਗੀ" ਜੌਹਲ ਅਤੇ ਅਮਨਿੰਦਰ ਸਿੰਘ ਨੂੰ ਦਿੱਲੀ ਦੀਆਂ ਵੱਖ-ਵੱਖ ਜੇਲ੍ਹਾਂ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਜ਼ਮਾਨਤ 'ਤੇ ਬਾਹਰ ਚੱਲ ਰਹੇ ਹੋਰ ਮੁਲਜ਼ਮਾਂ, ਜਿਨ੍ਹਾਂ ਵਿੱਚ ਪਹਾੜ ਸਿੰਘ, ਮਲੂਕ ਤੋਮਰ, ਪਰਵੇਜ਼, ਅਰਸ਼ਦ ਅਲੀ, ਜਾਵੇਦ ਅਤੇ ਹੋਰ ਸ਼ਾਮਲ ਹਨ, ਨੇ ਵੀ ਆਪਣੀ-ਆਪਣੀ ਸਥਿਤੀ ਅਨੁਸਾਰ ਘਰਾਂ ਜਾਂ ਜੇਲ੍ਹਾਂ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਹਾਜ਼ਰੀ ਭਰੀ। ਭਾਈ ਮੰਝਪੁਰ ਨੇ ਦੱਸਿਆ ਕਿ ਇਹ ਸਾਰੇ ਮਾਮਲੇ ਪਹਿਲਾਂ ਪਟਿਆਲਾ ਹਾਊਸ ਅਦਾਲਤ ਵਿੱਚ ਚੱਲ ਰਹੇ ਸਨ, ਪਰ ਹੁਣ ਇਨ੍ਹਾਂ ਨੂੰ ਰਾਉਜ਼ ਐਵੇਨਿਊ ਅਦਾਲਤ ਕੰਪਲੈਕਸ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅੱਜ ਦੀ ਸੁਣਵਾਈ ਦੌਰਾਨ ਕਿਸੇ ਵੀ ਮਾਮਲੇ ਵਿੱਚ ਕੋਈ ਅਹਿਮ ਕਾਰਵਾਈ ਨਹੀਂ ਹੋ ਸਕੀ, ਜਿਸ ਕਾਰਨ ਵਿਸ਼ੇਸ਼ ਅਦਾਲਤ ਨੇ ਸਾਰੇ ਅੱਠ ਮਾਮਲਿਆਂ ਦੀ ਅਗਲੀ ਸੁਣਵਾਈ ਲਈ 21 ਅਗਸਤ ਦੀ ਤਰੀਕ ਮੁਕਰਰ ਕਰ ਦਿੱਤੀ। ਇਸ ਮੌਕੇ ਭਾਈ ਜਸਪਾਲ ਸਿੰਘ ਮੰਝਪੁਰ ਦੇ ਨਾਲ ਸੀਨੀਅਰ ਵਕੀਲ ਭਾਈ ਪਰਮਜੀਤ ਸਿੰਘ ਵੀ ਅਦਾਲਤ ਵਿੱਚ ਹਾਜ਼ਰ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਕੈਨੇਡੀਅਨ ਸਿੱਖ ਭਾਈ ਮਨਜਿੰਦਰ ਸਿੰਘ ਖਾਲਸਾ ਦੇ

# ਡਿਜ਼ਿਟਲ ਵੇਰਵੇ ਹਾਸਲ ਕਰਨ ਲਈ ਭਾਰਤੀ ਏਜੰਸੀਆਂ ਸਰਗਰਮ: ਟੀਮ ਸ਼ਹੀਦ ਨਿੱਝਰ




**ਨਵੀਂ ਦਿੱਲੀ, 5 ਅਗਸਤ (ਮਨਪ੍ਰੀਤ ਸਿੰਘ ਖਾਲਸਾ):-** ਸ਼ਹੀਦ ਜਥੇਦਾਰ ਭਾਈ ਹਰਦੀਪ ਸਿੰਘ ਨਿੱਝਰ ਦੇ ਨਜ਼ਦੀਕੀ ਸਾਥੀ ਅਤੇ "ਟੀਮ ਸ਼ਹੀਦ ਨਿੱਝਰ" ਦੇ ਸਰਗਰਮ ਮੈਂਬਰ ਭਾਈ ਮਨਜਿੰਦਰ ਸਿੰਘ ਖਾਲਸਾ ਨੂੰ ਨਿਸ਼ਾਨਾ ਬਣਾਉਣ ਸਬੰਧੀ ਚਿੰਤਾਵਾਂ ਉਸ ਵੇਲੇ ਹੋਰ ਗੰਭੀਰ ਹੋ ਗਈਆਂ ਜਦੋਂ ਸਪੈਸ਼ਲ ਸੈੱਲ ਵੱਲੋਂ ਸੋਸ਼ਲ ਮੀਡੀਆ ਪਲੇਟਫਾਰਮ ਐਕਸ ਨੂੰ ਭੇਜੇ ਗਏ ਇੱਕ ਪੱਤਰ ਵਿੱਚ ਭਾਈ ਮਨਜਿੰਦਰ ਸਿੰਘ ਖਾਲਸਾ ਦੇ ਖਾਤੇ ਨਾਲ ਸੰਬੰਧਤ ਜਾਣਕਾਰੀ ਅਤੇ ਹੋਰ ਵੇਰਵੇ ਮੰਗੇ ਜਾਣ ਦਾ ਦਸਤਾਵੇਜ਼ ਸਾਹਮਣੇ ਆਇਆ। ਇਹ ਦੋਸ਼ ਲਗਾਦਿਆਂ ਟੀਮ ਸ਼ਹੀਦ ਨਿੱਝਰ ਨੇ ਕਿਹਾ ਕਿ ਕਿਸੇ ਵੀ ਵਿਦੇਸ਼ੀ ਸਰਕਾਰ ਵਲੋਂ ਕਿਸੇ ਕੈਨੇਡਾ-ਅਧਾਰਿਤ ਸਿੱਖ ਕਾਰਕੁਨ ਦੀ ਨਿੱਜੀ ਜਾਣਕਾਰੀ ਇਕੱਠੀ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ ਤਾਂ ਇਸ ਦੇ ਪਿੱਛੇ ਦੀ ਮਨਸ਼ਾ ਅਤੇ ਮਕਸਦ ਦੀ ਕੈਨੇਡੀਅਨ ਅਧਿਕਾਰੀਆਂ ਵੱਲੋਂ ਡੂੰਘਾਈ ਨਾਲ ਜਾਂਚ ਹੋਣੀ ਚਾਹੀਦੀ ਹੈ। ਟੀਮ ਨੇ ਕਿਹਾ ਕਿ ਕੈਨੇਡਾ ਦੀਆਂ ਸੁਰੱਖਿਆ ਏਜੰਸੀਆਂ ਪਹਿਲਾਂ ਹੀ ਕਈ ਸਿੱਖ ਕਾਰਕੁਨਾਂ ਨੂੰ ਸੰਭਾਵਿਤ ਖ਼ਤਰਿਆਂ ਸਬੰਧੀ ਚੇਤਾਵਨੀਆਂ ਜਾਰੀ ਕਰ ਚੁੱਕੀਆਂ ਹਨ ਅਤੇ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਤੋਂ ਬਾਅਦ ਉੱਠੇ ਵਿਦੇਸ਼ੀ ਦਖ਼ਲਅੰਦਾਜ਼ੀ ਦੇ ਦੋਸ਼ਾਂ ਦੇ ਮੱਦੇਨਜ਼ਰ ਇਹ ਤਾਜ਼ਾ ਘਟਨਾਕ੍ਰਮ ਹੋਰ ਵੀ ਗੰਭੀਰ ਹੋ ਜਾਂਦਾ ਹੈ। ਟੀਮ ਨੇ ਕਿਹਾ ਕਿ ਜੇਕਰ ਕਿਸੇ ਵਿਦੇਸ਼ੀ ਏਜੰਸੀ ਵੱਲੋਂ ਕੈਨੇਡਾ ਵਿੱਚ ਸ਼ਾਂਤਮਈ ਰਾਜਨੀਤਿਕ ਸਰਗਰਮੀਆਂ ਨਾਲ ਜੁੜੇ ਵਿਅਕਤੀਆਂ ਦੀ ਨਿੱਜੀ ਜਾਣਕਾਰੀ ਹਾਸਲ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਤਾਂ ਇਹ ਮਾਮਲਾ ਸਿਰਫ਼ ਪਰਦੇਦਾਰੀ ਦਾ ਨਹੀਂ, ਸਗੋਂ ਕੈਨੇਡਾ ਦੀ ਪ੍ਰਭੂਸੱਤਾ, ਲੋਕਤੰਤਰੀ ਅਧਿਕਾਰਾਂ ਅਤੇ ਨਾਗਰਿਕਾਂ ਦੀ ਸੁਰੱਖਿਆ ਨਾਲ ਵੀ ਜੁੜਿਆ ਹੋਇਆ ਹੈ। ਇਸ ਲਈ ਇਸ ਦੀ ਨਿਰਪੱਖ, ਪਾਰਦਰਸ਼ੀ ਅਤੇ ਉੱਚ ਪੱਧਰੀ ਜਾਂਚ ਕਰਵਾਈ ਜਾਣੀ ਚਾਹੀਦੀ ਹੈ। ਟੀਮ ਸ਼ਹੀਦ ਨਿੱਝਰ ਨੇ ਕੈਨੇਡਾ ਦੀ ਸੰਘੀ ਸਰਕਾਰ ਨੂੰ ਅਪੀਲ ਕੀਤੀ ਕਿ ਭਾਈ ਮਨਜਿੰਦਰ ਸਿੰਘ ਖਾਲਸਾ ਸਮੇਤ ਸਾਰੇ ਸ਼ਾਂਤਮਈ ਸਿੱਖ ਕਾਰਕੁਨਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ ਅਤੇ ਜੇਕਰ ਇਸ ਮਾਮਲੇ ਵਿੱਚ ਕਿਸੇ ਵੀ ਤਰ੍ਹਾਂ ਦੀ ਸਰਹੱਦ ਪਾਰ ਦਖ਼ਲਅੰਦਾਜ਼ੀ ਜਾਂ ਦਬਾਅ ਦੇ ਭਰੋਸੇਯੋਗ ਸਬੂਤ ਮਿਲਦੇ ਹਨ ਤਾਂ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇ। ਟੀਮ ਨੇ ਕਿਹਾ ਕਿ ਭਾਈ ਨਿੱਝਰ ਕਤਲ ਮਾਮਲੇ ਤੋਂ ਬਾਅਦ ਅਜਿਹੀ ਹਰ ਨਵੀਂ ਜਾਣਕਾਰੀ ਨੂੰ ਬਹੁਤ ਗੰਭੀਰਤਾ ਨਾਲ ਲੈਣ ਦੀ ਲੋੜ ਹੈ ਤਾਂ ਜੋ ਕੈਨੇਡਾ ਦੀ ਧਰਤੀ 'ਤੇ ਕਿਸੇ ਵੀ ਵਿਅਕਤੀ ਦੇ ਲੋਕਤੰਤਰੀ ਅਤੇ ਸ਼ਾਂਤਮਈ ਅਧਿਕਾਰਾਂ ਨਾਲ ਸਮਝੌਤਾ ਨਾ ਹੋ ਸਕੇ।

**ਭਾਈ ਨਿੱਝਰ ਕਤਲ ਤੋਂ ਬਾਅਦ ਨਵਾਂ ਘਟਨਾਕ੍ਰਮ ਅਤਿ ਗੰਭੀਰ; ਕੈਨੇਡਾ ਸਰਕਾਰ ਤੋਂ ਤੁਰੰਤ ਉੱਚ ਪੱਧਰੀ ਜਾਂਚ ਦੀ ਮੰਗ**

ਗੁਰੂ ਨਗਰੀ ਅੰਮ੍ਰਿਤਸਰ ਦੇ ਜ਼ਿਲਾ ਹਸਪਤਾਲ ਨੂੰ ਨਾ ਕਰੋ ਦਰਕਿਨਾਰ

# ਪੰਜਾਬ ਦੇ ਇਤਿਹਾਸਕ ਸ਼ਹਿਰ ਅੰਮ੍ਰਿਤਸਰ ਨਾਲ ਕੀਤਾ ਜਾ ਰਿਹਾ ਹੈ ਮਤਰੇਈ ਮਾਂ ਵਾਲਾ ਸਲੂਕ :- ਪੰਡਿਤ ਰਾਕੇਸ਼ ਸ਼ਰਮਾ



ਚੌਕ ਮਹਿਤਾ, 5 ਅਗਸਤ( ਬਾਬਾ ਸੁਖਵੰਤ ਸਿੰਘ ਚੰਨਣਕੇ) ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇੰਪਲਾਈਜ ਵੈਲਫ਼ੇਅਰ ਐਸੋਸੀਏਸ਼ਨ ਆਫ ਪੰਜਾਬ ਦੇ ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾਂ ਨੇ ਦੱਸਿਆ ਕਿ, ਕਿਵੇਂ ਗੁਰੂ ਨਗਰੀ ਅੰਮ੍ਰਿਤਸਰ ਦੇ ਨਾਲ ਵਿੱਤਕਰਾ ਕੀਤਾ ਜਾ ਰਿਹਾ ਹੈ, ਗੁਰੂਆਂ ਦੀ ਨਗਰੀ ਦੇ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਕਿਸੇ ਵੀ ਸੰਸਥਾ ਦਾ ਮੁੱਖ ਆਧਾਰ ਉਸਦਾ ਦਫ਼ਤਰ ਹੁੰਦਾ ਹੈ ਅਤੇ ਅੰਮ੍ਰਿਤਸਰ ਵਿਖੇ ਜ਼ਿਲ੍ਹਾ ਪੱਧਰ ਦੇ ਹਸਪਤਾਲ ਵਿੱਚ ਉਸਦਾ ਆਪਣਾ ਦਫ਼ਤਰੀ ਸਟਾਫ਼ ਹੀ ਨਹੀਂ ਹੈ। ਪੰਜਾਬ ਵਿੱਚ ਆਮ ਆਦਮੀ ਦੀ ਸਰਕਾਰ ਤੋਂ ਬਹੁਤ ਉਮੀਦਾਂ ਸਨ ਕਿ, ਉਹ ਗੁਰੂ ਨਗਰੀ ਅੰਮ੍ਰਿਤਸਰ ਦੇ ਪ੍ਰਤੀ ਵਧੀਆ ਕੰਮ ਕਰਦਿਆਂ ਹੋਇਆਂ ਇਸ ਲਈ ਢੁਕਵੇਂ ਪ੍ਰਬੰਧ, ਕਦਮ ਚੁੱਕੇਗੀ। ਜਿਥੇ ਅੱਜ ਤੱਕ ਬਾਕੀ ਸਰਕਾਰਾਂ ਨੇ ਜ਼ਿਲਾ ਪੱਧਰ ਦੇ ਸਿਵਲ ਹਸਪਤਾਲ ਦੀ ਇਸ ਪੱਖੋਂ ਕਦੇ ਸਾਰ ਨਹੀਂ ਲਈ ਸੀ, ਉਵੇਂ ਹੀ ਬਦਲਾਅ ਦਾ ਦਾਅਵਾ ਕਰਨ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਇਸ ਜ਼ਿਲਾ ਪੱਧਰ ਦੇ ਸਿਵਲ ਹਸਪਤਾਲ ਲਈ ਕੁੱਝ ਸਾਰਥਿਕ ਕਰਦੀ ਨਜ਼ਰ ਨਹੀਂ ਆ ਰਹੀ ਹੈ।

ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਦਫ਼ਤਰ ਵਿੱਚ ਕੰਮ ਕਰਨ ਲਈ ਕਲੈਰੀਕਲ ਸਟਾਫ/ਕਾਮਿਆਂ ਦੀਆਂ ਪੋਸਟਾਂ ਨੂੰ ਅੱਜ ਤੱਕ ਮੰਨਜ਼ੂਰੀ ਜ਼ਾਰੀ ਨਹੀਂ ਕੀਤੀ ਗਈ ਹੈ। ਜਦਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਸੱਤਾ ਵਿੱਚ ਆਏ ਚਾਰ ਸਾਲ ਤੋਂ ਵੱਧ ਸਮਾਂ ਬੀਤ ਚੁੱਕਾ ਹੈ ਲੇਕਿਨ ਗੁਰੂ ਨਗਰੀ ਦੇ ਇਸ ਜ਼ਿਲਾ ਹਸਪਤਾਲ ਲਈ ਦਫ਼ਤਰੀ ਸਟਾਫ਼ ਦੀਆਂ ਪੋਸਟਾਂ ਸੈਕਸ਼ਨ ਨਹੀਂ ਕੀਤੀਆਂ ਹਨ ਅਤੇ ਨਾ ਹੀ ਕੋਈ ਕਲਰਕ, ਸੀਨੀਅਰ ਸਹਾਇਕ ਆਰਜ਼ੀ ਡਿਊਟੀ ਤੇ ਇਸ ਹਸਪਤਾਲ ਵਿਖੇ ਬਿਠਾਏ/ ਲਗਾਏ ਗਏ ਹਨ।

ਜਦਕਿ ਸਰਕਾਰੀ ਨਿਯਮਾਂ ਦੇ ਅਨੁਸਾਰ ਹਸਪਤਾਲ ਦੇ ਦਫ਼ਤਰੀ ਕੰਮਾਂ ਲਈ ਦਫ਼ਤਰੀ ਸਟਾਫ਼ ਦਾ ਤੈਨਾਤ ਹੋਣਾ ਬਹੁਤ ਜ਼ਰੂਰੀ ਹੈ। ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾਂ ਨੇ ਦੱਸਿਆ ਕਿ, ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਬਾਕੀ ਸਭ ਕੰਮ ਤਾਂ ਛੱਡੋ ਇਥੇ ਦਫ਼ਤਰੀ ਕੰਮਾਂ ਲਈ, ਚਿੱਠੀ ਪੱਤਰਾਂ ਨੂੰ ਡਾਇਰੀ ਡਿਸਪੈਚ ਕਰਨ ਲਈ ਕੋਈ ਸਰਕਾਰੀ ਕਲਰਕ ਤੈਨਾਤ ਨਹੀਂ ਹੈ। ਤੁਸੀਂ ਆਪ ਹੀ ਸੋਚੋ ਕਿ ਜਿਥੇ ਡਾਇਰੀ ਡਿਸਪੈਚ ਕਰਨ ਦੇ ਲਈ ਕਲਰਕ ਤੈਨਾਤ ਨਹੀਂ ਹੈ, ਉਥੇ ਬਾਕੀ ਕੰਮ ਕਿਸਦੇ ਆਸਰੇ ਤੇ ਹੁੰਦੇ ਹੋਣਗੇ?

ਉਨ੍ਹਾਂ ਦੱਸਿਆ ਕਿ, ਮਨੁੱਖੀ ਅਧਿਕਾਰ ਕਮਿਸ਼ਨ ਪੰਜਾਬ ਵੱਲੋਂ ਹਸਪਤਾਲ ਦਾ ਦੌਰਾ ਕੀਤਾ ਗਿਆ ਸੀ ਤੇ ਇਸ ਪ੍ਰਤੀ ਕੜਾ ਨੋਟਿਸ ਲਿਆ ਗਿਆ ਸੀ। ਹੋਰ ਤਾਂ ਹੋਰ ਹੁਣ ਸਬੰਧਤ ਅਫਸਰਾਂ ਨਾਲ ਵੀ ਇਸ ਸਬੰਧੀ ਗੱਲਬਾਤ ਕਰੀਏ ਤਾਂ ਉਹ ਵੀ ਕਹਿੰਦੇ ਹਨ ਕਿ, ਬਾਰਾਂ ਸਾਲ ਤੋਂ ਵੱਧ ਸਮਾਂ ਬੀਤ ਗਿਆ ਹੈ, ਦਫ਼ਤਰੀ ਅਮਲੇ ਦੀ ਤੈਨਾਤੀ ਨੂੰ ਲੈ ਕੇ ਚਿੱਠੀਆਂ ਪੱਤਰ ਲਿਖਦੇ ਲਿਖਦੇ। ਅੱਜ ਤੱਕ ਕਦੇ ਕੋਈ ਸੁਣਵਾਈ ਨਹੀਂ ਹੋਈ ਹੈ। ਕੀ ਗੱਲ ਸਿਹਤ ਵਿਭਾਗ ਪੰਜਾਬ ਦੇ ਅਫਸਰਾਂ ਦੇ ਦਫ਼ਤਰ ਦਫ਼ਤਰੀ ਸਟਾਫ਼ ਤੋਂ ਬਗੈਰ ਹੀ ਚੱਲਦੇ ਹਨ, ਤਾਂ ਫਿਰ ਗੁਰੂ ਨਗਰੀ ਅੰਮ੍ਰਿਤਸਰ ਦੇ ਜ਼ਿਲਾ ਹਸਪਤਾਲ ਨਾਲ ਵਿੱਤਕਰਾ ਕਿਉਂ ਕੀਤਾ ਜਾ ਰਿਹਾ ਹੈ। ਕਲਰਕਾਂ ਦੀ ਘਾਟ ਕਾਰਨ ਬਹੁਤ ਸਾਰੇ ਮੁੱਦੇ, ਮੰਗਾਂ ਪ੍ਰਤੀ ਸਮੇਂ ਸਿਰ ਉਚ ਅਧਿਕਾਰੀਆਂ ਨੂੰ ਸੂਚਿਤ ਨਹੀਂ ਕੀਤਾ ਜਾਂਦਾ ਹੈ। ਸੀ ਆਰ ਐਮ ਤੇ ਐਕਸਰੇ ਮਸ਼ੀਨਾਂ ਖਰਾਬ ਹੁੰਦੀਆਂ ਹਨ ਤਾਂ ਪੱਤਰ ਵਿਹਾਰ ਨਾ ਹੋਣ ਕਾਰਨ ਉਨਾਂ ਰਿਪੇਅਰ ਦਾ ਕੰਮ ਮਹੀਨਿਆਂ ਬੱਧੀ ਲਟਕਿਆ ਰਹਿੰਦਾ ਹੈ। ਜਿਸਦਾ ਨਤੀਜਾ ਗੁਰੂ ਨਗਰੀ ਅੰਮ੍ਰਿਤਸਰ ਦੇ ਵਸਨੀਕ ਭੁਗਤ ਦੇ ਹਨ।

ਉਨ੍ਹਾਂ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਮਾਨ ਜੀ ਨੂੰ ਅਪੀਲ/ ਮੰਗ ਕੀਤੀ ਹੈ ਕਿ ਮਾਨਯੋਗ ਮੁੱਖ ਮੰਤਰੀ ਸਾਹਿਬ ਜੀ, ਗੁਰੂ ਨਗਰੀ ਅੰਮ੍ਰਿਤਸਰ ਦੇ ਜ਼ਿਲਾ ਹਸਪਤਾਲ ਦੀ ਵੀ ਸਾਰ ਲੈ ਲਵੋ। ਇਸਦੇ ਨਾਲ ਮਤਰੇਈ ਮਾਂ ਵਾਲਾ ਸਲੂਕ ਨਾ ਕਰੋ। ਇਸ ਗੰਭੀਰ ਮਸਲੇ ਤੇ ਤੁਰੰਤ ਕਾਰਵਾਈ ਕਰਦਿਆਂ ਹੋਇਆਂ ਇਸ ਜ਼ਿਲਾ ਹਸਪਤਾਲ ਦੇ ਲਈ ਕਲਰਕ, ਸੀਨੀਅਰ ਸਹਾਇਕ ਤੈਨਾਤ ਕਰ ਦਿਉ। ਜਦੋਂ ਤੱਕ ਇਸ 200 ਬੈਡ ਦੇ ਜ਼ਿਲਾ ਹਸਪਤਾਲ ਲਈ ਇਹ ਪੋਸਟਾਂ ਸੈਕਸ਼ਨ ਨਹੀਂ ਹੁੰਦੀਆਂ ਉਦੋਂ ਤੱਕ ਪੰਜਾਬ ਰਾਜ ਵਿੱਚੋਂ ਆਰਜ਼ੀ ਤੌਰ ਤੇ, ਡੈਪੂਟੇਸ਼ਨ ਤੇ ਚਾਰ ਕਲਰਕ ਤੇ ਦੋ ਸੀਨੀਅਰ ਸਹਾਇਕ ਸਿਵਲ ਹਸਪਤਾਲ ਅੰਮ੍ਰਿਤਸਰ ਵਿਖੇ ਤੈਨਾਤ ਕਰਨ ਦੀ ਕਿਰਪਾਲਤਾ ਕਰੋ ਤਾਂ ਜੋ ਹਸਪਤਾਲ ਦਾ ਦਫ਼ਤਰੀ ਕੰਮ ਹਸਪਤਾਲ ਵਿੱਚ ਹੋ ਸਕੇ ਅਤੇ ਆਮ ਜਨਤਾ ਦੀ ਖੱਜਲ ਖੁਆਰੀ ਨਾ ਹੋਵੇ।

ਇਸ ਸਬੰਧੀ ਹਸਪਤਾਲ ਦੇ ਸੀਨੀਅਰ ਮੈਡੀਕਲ ਅਫ਼ਸਰ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ, ਇਸ ਸਬੰਧੀ ਉਚ ਅਧਿਕਾਰੀਆਂ ਨੂੰ ਬਹੁਤ ਵਾਰ ਲਿਖਿਆ ਹੈ ਲੇਕਿਨ ਕੋਈ ਸੁਣਵਾਈ ਨਹੀਂ ਹੋਈ। ਇੱਕ ਕਲਰਕ ਤੇ ਇਕ ਸੀਨੀਅਰ ਸਹਾਇਕ ਜੋ ਕਿ ਸਿਰਫ਼ ਇਸ ਹਸਪਤਾਲ ਦੇ ਸਟਾਫ ਦੀਆਂ ਤਨਖਾਹਾਂ ਦੇ ਬਿੱਲ ਬਣਾਉਂਦੇ ਹਨ, ਮਹਿਜ ਚਾਰ ਦਿਨਾਂ ਵਿੱਚ ਤਨਖਾਹ ਬਿੱਲਾਂ ਦਾ ਕੰਮ ਖ਼ਤਮ ਹੋ ਜਾਂਦਾ ਹੈ ਤੇ ਉਹ ਵੀ ਇਸ ਹਸਪਤਾਲ ਵਿੱਚ ਬੈਠਦੇ ਨਹੀਂ ਹਨ। ਜਿਸ ਕਾਰਨ ਹਸਪਤਾਲ ਵਿੱਚ ਕੰਮ ਕਰਨ ਵਾਲੇ ਸਟਾਫ ਨੂੰ ਬਹੁਤ ਮੁਸ਼ਿਕਲਾਂ ਆਉਂਦੀਆਂ ਹਨ। ਸਰਕਾਰ ਨੂੰ ਇਸ ਪ੍ਰਤੀ ਕੜੇ ਆਦੇਸ਼ ਜ਼ਾਰੀ ਕਰਨੇ ਚਾਹੀਦੇ ਹਨ।

**ਮੁੱਖ ਮੰਤਰੀ ਸਾਹਿਬ ਤੋਂ ਤੁਰੰਤ ਦਖਲ ਦੇਣ ਲਈ ਮੰਗ**

## ਹਰਦੀਪ ਸਿੰਘ ਸ਼ੇਰਾ, ਰਮਨਦੀਪ ਸਿੰਘ ਬੱਗਾ, ਜੱਗੀ ਜੌਹਲ ਸਮੇਤ ਹੋਰ ਮੁਲਜ਼ਮ ਵੀਡੀਓ ਕਾਨਫਰੰਸਿੰਗ ਰਾਹੀਂ ਅਦਾਲਤ ਵਿੱਚ ਪੇਸ਼, ਅਗਲੀ ਸੁਣਵਾਈ 21 ਅਗਸਤ ਨੂੰ





**ਨਵੀਂ ਦਿੱਲੀ, 5 ਅਗਸਤ (ਮਨਪ੍ਰੀਤ ਸਿੰਘ ਖਾਲਸਾ)**-ਹਰਦੀਪ ਸਿੰਘ ਸ਼ੇਰਾ, ਰਮਨਦੀਪ ਸਿੰਘ ਬੱਗਾ, ਜਗਤਾਰ ਸਿੰਘ "ਜੱਗੀ" ਜੌਹਲ ਅਤੇ ਅਮਨਿੰਦਰ ਸਿੰਘ ਸਮੇਤ ਯੂਏਪੀਏ ਅਤੇ ਕਥਿਤ "ਟਾਰਗੇਟ ਕਿਲਿੰਗ" ਜਾਂ ਕਤਲ ਦੀਆਂ ਕੋਸ਼ਿਸ਼ਾਂ ਨਾਲ ਸਬੰਧਤ ਅੱਠ ਮਾਮਲਿਆਂ ਦੀ ਸੁਣਵਾਈ ਕੇਂਦਰੀ ਦਿੱਲੀ ਸਥਿਤ ਰਾਉਜ਼ ਐਵੇਨਿਊ ਅਦਾਲਤ ਕੰਪਲੈਕਸ ਵਿੱਚ ਕੌਮੀ ਜਾਂਚ ਏਜੰਸੀ (ਐਨਆਈਏ) ਦੀ ਵਿਸ਼ੇਸ਼ ਅਦਾਲਤ ਅੰਦਰ ਹੋਈ। ਪੰਥਕ ਵਕੀਲ ਭਾਈ ਜਸਪਾਲ ਸਿੰਘ ਮੰਝਪੁਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰਦੀਪ ਸਿੰਘ ਸ਼ੇਰਾ, ਰਮਨਦੀਪ ਸਿੰਘ ਬੱਗਾ, ਜਗਤਾਰ ਸਿੰਘ "ਜੱਗੀ" ਜੌਹਲ ਅਤੇ ਅਮਨਿੰਦਰ ਸਿੰਘ ਨੂੰ ਦਿੱਲੀ ਦੀਆਂ ਵੱਖ-ਵੱਖ ਜੇਲ੍ਹਾਂ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਅਦਾਲਤ ਵਿੱਚ ਪੇਸ਼ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਜ਼ਮਾਨਤ 'ਤੇ ਬਾਹਰ ਚੱਲ ਰਹੇ ਹੋਰ ਮੁਲਜ਼ਮਾਂ, ਜਿਨ੍ਹਾਂ ਵਿੱਚ ਪਹਾੜ ਸਿੰਘ, ਮਲੂਕ ਤੋਮਰ, ਪਰਵੇਜ਼, ਅਰਸ਼ਦ ਅਲੀ, ਜਾਵੇਦ ਅਤੇ ਹੋਰ ਸ਼ਾਮਲ ਹਨ, ਨੇ ਵੀ ਆਪਣੀ-ਆਪਣੀ ਸਥਿਤੀ ਅਨੁਸਾਰ ਘਰਾਂ ਜਾਂ ਜੇਲ੍ਹਾਂ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਹਾਜ਼ਰੀ ਭਰੀ। ਭਾਈ ਮੰਝਪੁਰ ਨੇ ਦੱਸਿਆ ਕਿ ਇਹ ਸਾਰੇ ਮਾਮਲੇ ਪਹਿਲਾਂ ਪਟਿਆਲਾ ਹਾਊਸ ਅਦਾਲਤ ਵਿੱਚ ਚੱਲ ਰਹੇ ਸਨ, ਪਰ ਹੁਣ ਇਨ੍ਹਾਂ ਨੂੰ ਰਾਉਜ਼ ਐਵੇਨਿਊ ਅਦਾਲਤ ਕੰਪਲੈਕਸ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅੱਜ ਦੀ ਸੁਣਵਾਈ ਦੌਰਾਨ ਕਿਸੇ ਵੀ ਮਾਮਲੇ ਵਿੱਚ ਕੋਈ ਅਹਿਮ ਕਾਰਵਾਈ ਨਹੀਂ ਹੋ ਸਕੀ, ਜਿਸ ਕਾਰਨ ਵਿਸ਼ੇਸ਼ ਅਦਾਲਤ ਨੇ ਸਾਰੇ ਅੱਠ ਮਾਮਲਿਆਂ ਦੀ ਅਗਲੀ ਸੁਣਵਾਈ ਲਈ 21 ਅਗਸਤ ਦੀ ਤਰੀਕ ਮੁਕਰਰ ਕਰ ਦਿੱਤੀ। ਇਸ ਮੌਕੇ ਭਾਈ ਜਸਪਾਲ ਸਿੰਘ ਮੰਝਪੁਰ ਦੇ ਨਾਲ ਸੀਨੀਅਰ ਵਕੀਲ ਭਾਈ ਪਰਮਜੀਤ ਸਿੰਘ ਵੀ ਅਦਾਲਤ ਵਿੱਚ ਹਾਜ਼ਰ ਰਹੇ।

## ਹਲਕਾ ਸੈਂਟਰਲ ਰਿਹਾਇਸ਼ੀ ਇਲਾਕੇ ਵਿੱਚ ਹੋ ਰਹੀਆਂ ਨਜਾਇਜ ਹੋਟਲ ਦੀਆਂ ਉਸਾਰੀਆਂ: ਬਿੱਲਾ ਆਰੇ ਵਾਲਾ



**ਚੌਕ ਮਹਿਤਾ, 5 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਮਾਜ ਸੇਵਕ ਬਲਬੀਰ ਸਿੰਘ ਬਿੱਲਾ ਆਰੇ ਵਾਲੇ ਨੇ ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਹਲਕਾ ਸੈਂਟਰਲ ਜੋਨ ਆਲੂ ਵਾਲਾ ਕੱਟੜਾ ਵਿਖੇ ਰਾਮ ਗਲੀ ਵਿੱਚ ਰਿਹਾਇਸ਼ੀ ਇਲਾਕੇ ਵਿੱਚ ਨਜਾਇਜ ਹੋਟਲਾਂ ਦੀਆਂ ਉਸਾਰੀਆਂ ਹੋ ਰਹੀਆਂ ਹਨ ਜਿਨ੍ਹਾਂ ਬਾਰੇ ਇਲਾਕੇ ਨਿਵਾਸੀਆਂ ਵਲੋਂ ਜੋਨ ਦੇ ਐਮ ਟੀ ਪੀ ਅਤੇ ਏ ਟੀ ਪੀ ਨੂੰ ਕਈ ਵਾਰ ਸ਼ਿਕਾਇਤਾ ਦਿੱਤੀਆਂ ਗਈਆਂ ਪ੍ਰੰਤੂ ਬ੍ਰਾਂਚ ਦੇ ਅਧਿਕਾਰੀਆਂ ਵਲੋ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ ਬਿੱਲੇ ਆਰੇ ਵਾਲੇ ਨੇ ਕਿਹਾ ਕਿ ਨਜਾਇਜ ਹੋਟਲ ਦੀਆਂ ਉਸਾਰੀਆਂ ਨੂੰ ਬੰਦ ਕਰਵਾਇਆ ਜਾਵੇ ਬਣਦੀ ਕਾਰਵਾਈ ਕੀਤੀ ਜਾਵੇ ਜੇਕਰ ਕੋਈ ਦੁਰਘਟਨਾ ਵਾਪਰਦੀ ਹੈ ਜਾ ਜਾਨੀ ਮਾਲੀ ਨੁਕਸਾਨ ਹੋ ਸਕਦਾ ਹੈ ਸੈਂਟਰਲ ਜੋਨ ਵਿਖੇ ਬਿਨਾਂ ਨਕਸ਼ਾਂ ਪਾਸ ਕਰਵਾਏ ਧੜੱਲੇ ਨਾਲ ਕਮਰਸ਼ੀਅਲ ਬਿਲਡਿੰਗਾਂ ਨਜਾਇਜ ਹੋਟਲਾਂ ਅਤੇ ਨਜਾਇਜ ਦੁਕਾਨਾਂ ਦੀ ਉਸਾਰੀ ਚਿੱਟੇ ਦਿਨ ਕੀਤੀ ਜਾ ਰਹੀ ਹੈ ਸ਼ਹਿਰ ਦੀਆਂ ਤੰਗ ਗਲੀਆਂ ਵਿੱਚ ਨਜਾਇਜ ਹੋਟਲਾਂ ਦੀਆਂ ਉਸਾਰੀਆਂ ਕਰਵਾਇਆ ਜਾ ਰਹੀਆਂ ਹਨ ਇਸ ਬਾਰੇ ਜਦੋਂ ਏ ਟੀ ਪੀ ਵਰਿੰਦਰ ਮੋਹਨ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਬਿੱਲੇ ਆਰੇ ਵਾਲੇ ਵਲੋ ਕੀਤੀ ਸ਼ਿਕਾਇਤ ਤੇ ਕਾਰਵਾਈ ਕਰ ਦਿੱਤੀ ਗਈ ਹੈ ਅਤੇ ਹੋਟਲ ਨੂੰ ਸੀਲ ਕਰ ਦਿੱਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਤਖ਼ਤ ਸ੍ਰੀ ਦਮਦਮਾ ਸਾਹਿਬ ਪੁੱਜਣ ’ਤੇ ਵੱਡੀ ਗਿਣਤੀ ਸੰਗਤਾਂ ਨੇ ਕੀਤਾ ਖਾਲਸਾ ਮਾਰਚ ਦਾ ਸਵਾਗਤ

# ਸਿੱਖ ਸੰਸਥਾਵਾਂ ਅਤੇ ਪੰਥਕ ਏਕਤਾ ਨੂੰ ਕਮਜ਼ੋਰ ਕਰਨ ਦੀਆਂ ਸਾਜ਼ਿਸ਼ਾਂ ਕਦੇ ਕਾਮਯਾਬ ਨਹੀਂ ਹੋਣਗੀਆਂ- ਗਿਆਨੀ ਕੁਲਦੀਪ ਸਿੰਘ ਗੜਗੱਜ

### ਖਾਲਸਾ ਮਾਰਚ ਦੌਰਾਨ ਸਹਿਯੋਗ ਕਰਨ ਵਾਲੀਆਂ ਜਥੇਬੰਦੀਆਂ ਤੇ ਸੰਗਤਾਂ ਦਾ ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕੀਤਾ ਧੰਨਵਾਦ










ਤਲਵੰਡੀ ਸਾਬੋ, 5 ਅਗਸਤ (ਗੁਰਜੰਟ ਸਿੰਘ ਨਥੇਹਾ)- ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਵੱਲੋਂ ਬਖ਼ਸ਼ੇ ਮੀਰੀ-ਪੀਰੀ ਦੇ ਮਹਾਨ ਸਿਧਾਂਤ, ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਅਤੇ ਪੰਥਕ ਪਰੰਪਰਾਵਾਂ ਪ੍ਰਤੀ ਸਮਰਪਣ ਦਾ ਸੰਦੇਸ਼ ਘਰ-ਘਰ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਆਰੰਭ ਹੋਇਆ ਮੀਰੀ-ਪੀਰੀ ਖ਼ਾਲਸਾ ਮਾਰਚ ਬੀਤੀ ਦੇਰ ਰਾਤ ਤਖ਼ਤ ਸ੍ਰੀ ਦਮਦਮਾ ਸਾਹਿਬ, ਤਲਵੰਡੀ ਸਾਬੋ ਦੀ ਪਾਵਨ ਧਰਤੀ ’ਤੇ ਵਿਸ਼ਾਲ ਇਕੱਠ ਅਤੇ ਚੜ੍ਹਦੀ ਕਲਾ ਦੇ ਮਾਹੌਲ ਵਿੱਚ ਸੰਪੂਰਨ ਹੋਇਆ। ਇਸ ਖਾਲਸਾ ਮਾਰਚ ਦੌਰਾਨ ਵੱਖ-ਵੱਖ ਪੜਾਵਾਂ ’ਤੇ ਸੰਗਤਾਂ ਦੇ ਵੱਡੇ ਇਕੱਠ ਨੇ ਸਪੱਸ਼ਟ ਸੰਦੇਸ਼ ਦਿੱਤਾ ਕਿ ਸਿੱਖ ਕੌਮ ਆਪਣੀਆਂ ਪੰਥਕ ਪਰੰਪਰਾਵਾਂ, ਗੁਰੂ ਸਾਹਿਬ ਵੱਲੋਂ ਬਖ਼ਸ਼ੇ ਮੀਰੀ-ਪੀਰੀ ਦੇ ਫ਼ਲਸਫ਼ੇ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਹਮੇਸ਼ਾ ਇੱਕਜੁੱਟ ਰਹੇਗੀ ਅਤੇ ਹਰ ਚੁਣੌਤੀ ਦਾ ਸਾਹਮਣਾ ਚੜ੍ਹਦੀ ਕਲਾ ਨਾਲ ਕਰੇਗੀ। ਖਾਲਸਾ ਮਾਰਚ ਦੀ ਸਮਾਪਤੀ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸੀਨੀਅਰ ਅਕਾਲੀ ਆਗੂ ਸ. ਬਲਵਿੰਦਰ ਸਿੰਘ ਭੂੰਦੜ, ਸ. ਤਜਿੰਦਰ ਸਿੰਘ ਮਿੱਡੂਖੇੜਾ ਸਮੇਤ ਪ੍ਰਮੁੱਖ ਸਖਸ਼ੀਅਤਾਂ ਹਾਜ਼ਰ ਸਨ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੁਆਰਾ ਬਖਸਿਆ ਮੀਰੀ ਪੀਰੀ ਦਾ ਸਿਧਾਂਤ ਅਟੱਲ ਹੈ। ਇਤਿਹਾਸ ਇਸ ਗੱਲ ਦਾ ਗਵਾਹ ਹੈ ਕਿ ਸਿੱਖ ਕੌਮ ਨੇ ਹਰ ਔਖੇ ਸਮੇਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਨੂੰ ਸਿਰ ਮੱਥੇ ਪ੍ਰਵਾਨ ਕੀਤਾ ਹੈ। ਅਨੇਕਾਂ ਜ਼ੁਲਮਾਂ, ਹਮਲਿਆਂ ਅਤੇ ਸਾਜ਼ਿਸ਼ਾਂ ਦੇ ਬਾਵਜੂਦ ਸਿੱਖਾਂ ਦਾ ਆਪਣੇ ਤਖ਼ਤਾਂ, ਗੁਰੂ ਘਰ ਅਤੇ ਪੰਥਕ ਪਰੰਪਰਾਵਾਂ ਨਾਲ ਨਾਤਾ ਕਦੇ ਵੀ ਕਮਜ਼ੋਰ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਕੋਈ ਵੀ ਤਾਕਤ ਸਿੱਖ ਨੂੰ ਉਸ ਦੀ ਵਿਰਾਸਤ, ਉਸ ਦੇ ਸਿਧਾਂਤਾਂ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਪ੍ਰਤੀ ਉਸ ਦੇ ਸਮਰਪਣ ਤੋਂ ਵੱਖ ਨਹੀਂ ਕਰ

## ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਅਤੇ ਪੰਥਕ ਪਰੰਪਰਾਵਾਂ ਪ੍ਰਤੀ ਸਮਰਪਣ ਦਾ ਸੰਦੇਸ਼ ਦਿੰਦਾ ਮੀਰੀ ਪੀਰੀ ਖਾਲਸਾ ਮਾਰਚ ਹੋਇਆ ਸੰਪੂਰਨ

ਸਕਦੀ। ਉਨ੍ਹਾਂ ਕਿਹਾ ਕਿ ਅੱਜ ਵੀ ਕੁਝ ਪੰਥ ਵਿਰੋਧੀ ਤਾਕਤਾਂ ਸਿੱਖ ਸੰਸਥਾਵਾਂ ਦੀ ਮਰਯਾਦਾ, ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਅਤੇ ਪੰਥਕ ਏਕਤਾ ਨੂੰ ਕਮਜ਼ੋਰ ਕਰਨ ਲਈ ਵੱਖ-ਵੱਖ ਢੰਗਾਂ ਨਾਲ ਹਮਲੇ ਕਰ ਰਹੀਆਂ ਹਨ। ਕਦੇ ਸਿੱਖ ਸੰਸਥਾਵਾਂ ਬਾਰੇ ਭਰਮ ਫੈਲਾਇਆ ਜਾਂਦਾ ਹੈ, ਕਦੇ ਪੰਥਕ ਫ਼ੈਸਲਿਆਂ ਨੂੰ ਵਿਵਾਦਿਤ ਬਣਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ ਅਤੇ ਕਦੇ ਸੰਗਤਾਂ ਵਿੱਚ ਫੁੱਟ ਪਾਉਣ ਦੇ ਯਤਨ ਹੁੰਦੇ ਹਨ। ਅਜਿਹੀਆਂ ਕੋਸ਼ਿਸ਼ਾਂ ਦਾ ਇਕੋ ਉਦੇਸ਼ ਸਿੱਖ ਕੌਮ ਦੀ ਸਾਂਝੀ ਤਾਕਤ ਨੂੰ ਕਮਜ਼ੋਰ ਕਰਨਾ ਹੈ। ਉਨ੍ਹਾਂ ਸੰਗਤਾਂ ਨੂੰ ਅਜਿਹੀਆਂ ਤਾਕਤਾਂ ਤੋਂ ਸੁਚੇਤ ਰਹਿਣ ਲਈ ਪ੍ਰੇਰਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋਏ ਮੀਰੀ ਪੀਰੀ ਖਾਲਸਾ ਮਾਰਚ ਨੂੰ ਪਿਛਲੇ 12 ਦਿਨਾਂ ਦੌਰਾਨ ਮਾਝੇ ਅਤੇ ਮਾਲਵੇ ਦੇ ਅਨੇਕਾਂ ਪਿੰਡਾਂ ਤੇ ਸ਼ਹਿਰਾਂ ਵਿੱਚ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਨਤਮਸਤਕ ਹੋ ਕੇ ਇਹ ਸਾਬਤ ਕਰ ਦਿੱਤਾ ਕਿ ਪੰਜਾਬ ਅੱਜ ਵੀ ਗੁਰੂ ਸਾਹਿਬ ਦੇ ਸਿਧਾਂਤਾਂ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਨਾਲ ਅਟੁੱਟ ਤੌਰ ’ਤੇ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਖਾਲਸਾ ਮਾਰਚ ਵਿੱਚ ਸ਼ਾਮਲ ਵੱਡੀ ਗਿਣਤੀ ਸੰਗਤਾਂ ਨੇ ਉਨ੍ਹਾਂ ਲੋਕਾਂ ਨੂੰ ਵੀ ਜਵਾਬ ਦਿੱਤਾ ਹੈ ਜੋ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਿਧਾਂਤ ਤੇ ਸਿੱਖ ਸੰਸਥਾਵਾਂ ’ਤੇ ਸਵਾਲ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਸਿੱਖ ਧਰਮ ਦੀ ਮਰਯਾਦਾ ਅਤੇ ਪੰਥਕ ਫ਼ੈਸਲੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਹੀ ਤੈਅ ਹੁੰਦੇ ਹਨ, ਨਾ ਕਿ ਸਿਆਸੀ ਮੰਚਾਂ ਜਾਂ ਵਿਅਕਤੀਗਤ ਵਿਚਾਰਾਂ ਦੇ ਆਧਾਰ ’ਤੇ। ਉਨ੍ਹਾਂ ਖਾਲਸਾ ਮਾਰਚ ਦੌਰਾਨ ਸਹਿਯੋਗ ਕਰਨ ਵਾਲੀਆਂ ਜਥੇਬੰਦੀਆਂ ਤੇ ਸੰਗਤਾਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ। ਖਾਲਸਾ ਮਾਰਚ ਦੀ ਸਮਾਪਤੀ ਸਮੇਂ ਹਾਥੀ ਘੋੜਿਆਂ ਸਮੇਤ ਸਾ.ਮਲ ਨਿਹੰਗ ਸਿੰਘ ਸੰਗਤਾਂ ਅੰਦਰ ਜੋਸ਼ ਪੈਦਾ ਕਰ ਰਹੇ ਸਨ। ਇਸ ਮੌਕੇ ਸੀਨੀਅਰ ਅਕਾਲੀ ਆਗੂ ਸ. ਬਲਵਿੰਦਰ ਸਿੰਘ ਭੂੰਦੜ, ਸ. ਤਜਿੰਦਰ ਸਿੰਘ ਮਿੱਡੂਖੇੜਾ, ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਅੰਤ੍ਰਿੰਗ ਮੈਂਬਰ ਸ. ਗੁਰਪ੍ਰੀਤ ਸਿੰਘ ਝੱਬਰ, ਮੈਂਬਰ ਸ. ਨਵਤੇਜ ਸਿੰਘ ਕਾਉਣੀ, ਸ. ਅਵਤਾਰ ਸਿੰਘ ਵਣਵਾਲਾ, ਭਾਈ ਅਜੈਬ ਸਿੰਘ ਅਭਿਆਸੀ, ਬਾਬਾ ਬੂਟਾ ਸਿੰਘ, ਸ. ਅਮਰੀਕ ਸਿੰਘ ਕੋਟ ਸ਼ਮੀਰ, ਬੀਬੀ ਜੋਗਿੰਦਰ ਕੌਰ, ਸ. ਜਗਸੀਰ ਸਿੰਘ ਮਾਂਗੇਆਣਾ, ਜਥੇਦਾਰ ਸੁਰਜੀਤ ਸਿੰਘ ਰਾਏਪੁਰ, ਬਾਬਾ ਗੁਰਮੀਤ ਸਿੰਘ ਤ੍ਰਿਲੋਕੇਵਾਲਾ, ਅਕਾਲੀ ਆਗੂ ਡਾ. ਦਲਜੀਤ ਸਿੰਘ ਗੁਰੂ, ਸ. ਜਗਸੀਰ ਸਿੰਘ ਕਲਿਆਣ, ਸ. ਗੁਰਚਰਨ ਸਿੰਘ, ਸ. ਬਲਕਾਰ ਸਿੰਘ ਗੋਨਿਆਣਾ, ਸ. ਗੁਰਿੰਦਰਜੀਤ ਸਿੰਘ ਭੁੱਚੋ, ਸ. ਇਕਬਾਲ ਸਿੰਘ ਬਬਲੀ ਢਿੱਲੋਂ, ਬਾਬਾ ਮੇਜਰ ਸਿੰਘ ਸੋਢੀ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਵਧੀਕ ਸਕੱਤਰ ਬਿਜੈ ਸਿੰਘ, ਮੀਤ ਸਕੱਤਰ ਸ. ਗੁਰਮੀਤ ਸਿੰਘ ਮੁਕਤਸਰੀ, ਇੰਚਾਰਜ ਸ. ਗੁਰਪ੍ਰੀਤ ਸਿੰਘ ਰੋਡੇ, ਸ. ਅਵਤਾਰ ਸਿੰਘ, ਸ. ਭੋਲਾ ਸਿੰਘ, ਜਥੇਦਾਰ ਸਾਹਿਬ ਦੇ ਨਿੱਜੀ ਸਹਾਇਕ ਗਿਆਨੀ ਬਲਦੇਵ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਸ. ਯੁਵਰਾਜ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਮੈਨੇਜਰ ਸ. ਨਰਿੰਦਰਜੀਤ ਸਿੰਘ ਭਵਾਨੀਗੜ੍ਹ, ਸ. ਸੰਦੀਪ ਸਿੰਘ ਕਲੋਤਾ, ਬਾਬਾ ਸਤਨਾਮ ਸਿੰਘ ਖਾਪੜਖੇੜੀ, ਬਾਬਾ ਹਰਜਿੰਦਰ ਸਿੰਘ ਮੁਕਤਸਰ ਸਾਹਿਬ, ਬਾਬਾ ਪ੍ਰਗਟ ਸਿੰਘ ਮਜੀਠਾ ਰੋਡ, ਬਾਬਾ ਕਸ਼ਮੀਰ ਸਿੰਘ, ਬਾਬਾ ਕੁਲਵਿੰਦਰ ਸਿੰਘ, ਸ. ਸੁਖਵਿੰਦਰ ਸਿੰਘ, ਸੁਪਰਵਾਈਜ਼ਰ ਸ. ਜਸਬੀਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਭਾਈ ਜਸਵੰਤ ਸਿੰਘ ਖਾਲੜਾ ਨੂੰ ‘ ਫ਼ਖ਼ਰ-ਏ-ਕੌਮ’ ਅਵਾਰਡ ਦਿੱਤਾ ਜਾਵੇ : ਦਵਿੰਦਰ ਸਿੰਘ ਸੋਢੀ

## ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਕਮੇਟੀ ਅਮਰ ਸ਼ਹੀਦ ਦੀਆਂ ਮਹਾਨ ਕੁਰਬਾਨੀਆਂ ਦਾ ਸਰਵਉੱਚ ਸਨਮਾਨ ਕਰਨ : ਸੋਢੀ

### ☛ ਭਾਈ ਖਾਲੜਾ ਸਿੱਖ ਕੌਮ ਦੇ ਫ਼ਖ਼ਰ-ਏ-ਕੌਮ’ ਨੇ —ਨਾ ਕਿ ਪ੍ਰਕਾਸ਼ ਸਿੰਘ ਬਾਦਲ :- ਸੋਢੀ ☛ 1990 ਦੇ ਦਹਾਕੇ ਵਿੱਚ ਮਨੁੱਖੀ ਹੱਕਾਂ ਦੀ ਆਵਾਜ਼ ਬੁਲੰਦ ਕਰਨ ਵਾਲੇ ਸ਼ਹੀਦ ਖਾਲੜਾ ਨੇ ਦੁਨੀਆ ਸਾਹਮਣੇ ਨੰਗਾ ਕੀਤਾ ਸੀ ਜਬਰ ਦਾ ਚਿਹਰਾ

**ਚੰਡੀਗੜ੍ਹ, 5 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰਸਰਜੀਤ ਦੇ ਬੁਲਾਰੇ ਅਤੇ ਜਨਰਲ ਸਕੱਤਰ ਦਵਿੰਦਰ ਸਿੰਘ ਸੋਢੀ ਨੇ ਅਮਰ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੀ ਅਦੁੱਤੀ ਘਾਲਣਾ ਅਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਦਿੱਤੀ ਮਹਾਨ ਸ਼ਹਾਦਤ ਨੂੰ ਮੁੱਖ ਰੱਖਦਿਆਂ ਉਨ੍ਹਾਂ ਨੂੰ ’ਫ਼ਖ਼ਰ-ਏ-ਕੌਮ’ ਅਵਾਰਡ ਨਾਲ ਨਵਾਜਣ ਦੀ ਪੁਰਜ਼ੋਰ ਮੰਗ ਕੀਤੀ ਹੈ। ਇਹ ਮੰਗ ਭਾਈ ਸੋਢੀ ਵਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਾਸੋਂ ਇੱਕ ਵਿਸ਼ੇਸ਼ ਅਪੀਲ ਰਾਹੀਂ ਕੀਤੀ ਗਈ ਹੈ।

ਮੀਡੀਆ ਦੇ ਨਾਂ ਬਿਆਨ ਜਾਰੀ ਕਰਦਿਆਂ ਭਾਈ ਦਵਿੰਦਰ ਸਿੰਘ ਸੋਢੀ ਨੇ ਕਿਹਾ ਕਿ ਪੰਜਾਬ ਅੰਦਰ ਬੇਗੁਨਾਹ ਸਿੱਖ ਨੌਜਵਾਨਾਂ ਦੇ ਖ਼ੂਨ ਦੀ ਹੋਲੀ ਖੇਡੀ ਗਈ ਅਤੇ ਇਹ ਭਿਆਨਕ ਦੌਰ 1995 ਤੱਕ ਨਿਰੰਤਰ ਜਾਰੀ ਰਿਹਾ। ਅਜਿਹੇ ਅਤਿ-ਡਰੌਣੇ ਅਤੇ ਖ਼ੌਫ਼ਨਾਕ ਮਾਹੌਲ ਵਿੱਚ ਭਾਈ ਜਸਵੰਤ ਸਿੰਘ ਖਾਲੜਾ ਨੇ ਆਪਣੀ ਜਾਨ ਦੀ ਪ੍ਰਵਾਹ ਕੀਤੇ ਬਿਨਾਂ ਮਨੁੱਖੀ ਹੱਕਾਂ ਦੀ ਲੜਾਈ ਲਈ ਬੀੜਾ ਚੁੱਕਿਆ।

ਭਾਈ ਸੋਢੀ ਨੇ ਦੱਸਿਆ ਕਿ ਸ਼ਹੀਦ ਖਾਲੜਾ ਨੇ ਮਨੁੱਖੀ ਅਧਿਕਾਰ ਕਾਰਕੁਨ ਵਜੋਂ ਜਸਪਾਲ ਸਿੰਘ ਢਿੱਲੋਂ ਅਮਰੀਕ ਸਿੰਘ ਮੁਕਤਸਰ, ਰਾਮ ਨਾਰਾਇਣ ਕੁਮਾਰ ਅਤੇ ਹੋਰ ਪ੍ਰਮੁੱਖ ਮਨੁੱਖੀ ਅਧਿਕਾਰ ਸੰਗਠਨਾਂ ਦੇ ਸਾਥੀਆਂ ਨਾਲ ਮਿਲ ਕੇ ਮਾਝੇ ਦੇ ਦੂਰ-ਦੁਰਾਡੇ ਖੇਤਰਾਂ ਵਿੱਚ ਜਾ ਕੇ ਅਣਪਛਾਤੀਆਂ ਲਾਸ਼ਾਂ ਅਤੇ ਗੈਰ-ਕਾਨੂੰਨੀ ਸਸਕਾਰਾਂ ਦੇ ਤੱਥ ਇਕੱਠੇ ਕੀਤੇ ਅਤੇ ਸਰਕਾਰੀ ਜਬਰ ਦੀ ਦਾਸਤਾਨ ਨੂੰ ਦੁਨੀਆ ਦੇ ਸਾਹਮਣੇ ਬੇਨਕਾਬ ਕੀਤਾ। ਭਾਈ ਸੋਢੀ ਨੇ ਦੱਸਿਆ ਓਹਨਾਂ ਨੇ ਖੁਦ ਜਸਟਿਸ ਅਜੀਤ ਸਿੰਘ ਬੈਂਸ ਵਾਲੀ ਹਿਊਮਨ ਰਾਈਟਸ ਆਰਗੇਨਾਈਜ਼ੇਸ਼ਨ ਨਾਲ ਜੁੜ ਕੇ ਜਸਟਿਸ ਬੈਂਸ, ਜਸਪਾਲ ਸਿੰਘ



ਢਿੱਲੋਂ, ਬੀਬੀ ਸੁਖਜੀਤ ਕੌਰ, ਸਰਦਾਰ ਅਮਰੀਕ ਸਿੰਘ ਮੁਕਤਸਰ, ਐਡਵੋਕੇਟ ਹਰਸ਼ਿੰਦਰ ਸਿੰਘ, ਰਾਮ ਨਾਰਾਇਣ ਕੁਮਾਰ ਆਦਿ ਨਾਲ ਰਲ ਕੇ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਮਾਰੇ ਗਏ ਸਿੱਖ ਨੌਜਵਾਨਾਂ ਦੇ ਪਿੰਡਾਂ ਵਿੱਚ ਜਾ ਕੇ ਤੱਥ ਇਕੱਠੇ ਕਰਨ ਦੀ ਸੇਵਾ ਨਿਭਾਈ। ਉਸ ਸਮੇਂ ਐਡਵੋਕੇਟ ਖਾਲੜਾ ਨੂੰ ਕਈ ਵਾਰ ਮਿਲਣ ਦਾ ਸੁਭਾਗ ਪ੍ਰਾਪਤ ਹੋਇਆ।

ਉਸ ਸਮੇਂ ਜਸਟਿਸ ਕੁਲਦੀਪ ਸਿੰਘ ਦੀ ਅਗਵਾਈ ਵਿੱਚ ਇੱਕ ਕਮਿਸ਼ਨ ਗੁਰਦੁਆਰਾ ਸਾਹਿਬ ਚੰਡੀਗੜ੍ਹ ਸੈਕਟਰ 34 ਵਿਖੇ ਬਿਠਾ ਕੇ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਮਾਰੇ ਗਏ ਸਿੱਖ ਨੌਜਵਾਨਾਂ ਦੇ ਕਾਤਲ ਦੋਸ਼ੀ ਪੁਲਿਸ ਅਫ਼ਸਰਾਂ ਵਿਰੁੱਧ ਇੱਕ ਰਿਪੋਰਟ ਤਿਆਰ ਕੀਤੀ ਗਈ, ਜਿਸ ਨੂੰ ਸਰਕਾਰ ਨੇ ਮੰਨਣ ਤੋਂ ਅਣਗੌਲਿਆ ਕਰ ਦਿੱਤਾ।

ਜ਼ਿਕਰਯੋਗ ਹੈ ਕਿ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪਿਛੋਕੜ ਵਾਲੇ ਭਾਈ ਦਵਿੰਦਰ ਸਿੰਘ ਸੋਢੀ, ਜੋ ਕਿ ਫੈਡਰੇਸ਼ਨ ਦੇ ਸਾਬਕਾ ਪ੍ਰਧਾਨ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਨਾਲ ਸਕੱਤਰ ਜਨਰਲ ਵਜੋਂ ਲੰਮਾ ਸਮਾਂ ਕੌਮ ਦੀ ਸੇਵਾ ਨਿਭਾਉਂਦੇ ਰਹੇ ਹਨ, ਨੇ ਹਮੇਸ਼ਾ ਪੰਥਕ ਦਰਦ ਨੂੰ ਪ੍ਰਮੁੱਖਤਾ ਦਿੱਤੀ ਹੈ। ਭਾਈ ਸੋਢੀ ਅਤੇ ਉਨ੍ਹਾਂ ਦੀ ਟੀਮ ਨੇ ਹੀ 1984 ਦੇ ਸਿੱਖ ਕਤਲੇਆਮ ਨਾਲ ਜੁੜੇ ਭਿਆਨਕ ਹੋਂਦ ਚਿੱਲੜ ਸਾਕੇ ਦੀ ਦਾਸਤਾਨ ਨੂੰ ਲੱਭ ਕੇ ਦੁਨੀਆ ਦੇ ਸਾਹਮਣੇ ਲਿਆਂਦਾ ਸੀ ਅਤੇ ਉਹ ਨਿਰੰਤਰ ਪੰਥਕ ਖੇਤਰ ਵਿੱਚ ਡਟ ਕੇ ਪਹਿਰਾ ਦੇ ਰਹੇ ਹਨ।

ਭਾਈ ਸੋਢੀ ਨੇ ਆਖਿਆ ਕਿ ਭਾਈ ਜਸਵੰਤ ਸਿੰਘ ਖਾਲੜਾ ਵਰਗੇ ਮਹਾਨ ਯੋਧੇ ਨੇ ਮਨੁੱਖੀ ਅਧਿਕਾਰਾਂ ਦੀ ਸਰਵਉੱਚ ਸ਼ਹਾਦਤ ਦਿੱਤੀ ਹੈ। ਇਸ ਲਈ ਸਿੱਖ ਕੌਮ ਦੀ ਸਰਵਉੱਚ ਸੰਸਥਾ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਹ ਫ਼ਰਜ਼ ਬਣਦਾ ਹੈ ਕਿ ਉਹ ਸ਼ਹੀਦ ਖਾਲੜਾ ਦੀ ਘਾਲਣਾ ਨੂੰ ਸਤਿਕਾਰ ਦਿੰਦਿਆਂ ਉਨ੍ਹਾਂ ਨੂੰ ’ਫ਼ਖ਼ਰ-ਏ-ਕੌਮ’ ਅਵਾਰਡ ਨਾਲ ਸਨਮਾਨਿਤ ਕਰਨ, ਤਾਂ ਜੋ ਆਉਣ ਵਾਲੀਆਂ ਨਸਲਾਂ ਨੂੰ ਮਨੁੱਖੀ ਹੱਕਾਂ ਅਤੇ ਸੱਚ ਦੀ ਲੜਾਈ ਲੜਨ ਦੀ ਪ੍ਰੇਰਨਾ ਮਿਲ ਸਕੇ।

### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਰਾਸ਼ਟਰੀ ਸਿੱਖਿਆ ਨੀਤੀ-2020 ਦੇ

# ਛੇ ਸਾਲ ਪੂਰੇ ਹੋਣ ’ਤੇ ਵਿਸ਼ੇਸ਼ ਸਮਾਗਮ ਆਯੋਜਿਤ



ਤਲਵੰਡੀ ਸਾਬੋ, 05 ਅਗਸਤ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਐਜੂਕੇਸ਼ਨ ਵੱਲੋਂ ਰਾਸ਼ਟਰੀ ਸਿੱਖਿਆ ਨੀਤੀ-2020 ਦੇ ਛੇ ਸਾਲ ਪੂਰੇ ਹੋਣ ਦੇ ਉਪਲੇਖ ਵਿੱਚ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਪਰੋ. ਵਾਈਸ ਚਾਂਸਲਰ (ਡਾ.) ਜਗਤਾਰ ਸਿੰਘ ਧੀਮਾਨ ਨੇ ਮੁੱਖ ਮਹਿਮਾਨ ਅਤੇ ਮੁੱਖ ਵਕੱਤਾ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਨਵੀਂ ਸਿੱਖਿਆ ਨੀਤੀ ਦੇ ਪਰਿਵਰਤਨਕਾਰੀ ਪ੍ਰਭਾਵ ਅਤੇ ਭਾਰਤੀ ਉੱਚ ਸਿੱਖਿਆ ਦੇ ਬਦਲਦੇ ਸਰੂਪ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਸਮਾਗਮ ਵਿੱਚ ਯੂਨੀਵਰਸਿਟੀ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਮੁੱਖ ਵਕਤਾ ਪ੍ਰੋ-ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਐੱਨ.ਈ.ਪੀ.-2020 ਨੇ ਭਾਰਤੀ ਉੱਚ ਸਿੱਖਿਆ ਵਿੱਚ ਗੁਣਾਤਮਕ ਬਦਲਾਅ ਲਿਆ ਕੇ ਯੋਗਤਾ-ਆਧਾਰਿਤ, ਨਤੀਜਾ-ਕੇਂਦਰਿਤ ਅਤੇ ਬਹੁ-ਵਿਸ਼ਾਗਤ ਸਿੱਖਿਆ ਨੂੰ ਨਵੀਂ ਦਿਸ਼ਾ ਦਿੱਤੀ ਹੈ। ਉਨ੍ਹਾਂ ਕਿਹਾ ਕਿ ਮਲਟੀਪਲ ਐਂਟਰੀ-ਐਗਜ਼ਿਟ ਪ੍ਰਣਾਲੀ, ਅਕਾਦਮਿਕ ਬੈਂਕ ਆਫ਼ ਕਰੈਡਿਟਸ, ਆਊਟਕਮ-ਬੇਸਡ ਐਜੂਕੇਸ਼ਨ, ਖੋਜ-ਅਧਾਰਿਤ ਚਾਰ ਸਾਲਾ ਅੰਡਰਗ੍ਰੈਜੂਏਟ ਪ੍ਰੋਗਰਾਮ, ਵੋਕੇਸ਼ਨਲ ਸਿੱਖਿਆ ਅਤੇ ਡਿਜ਼ੀਟਲ ਲਰਨਿੰਗ ਵਰਗੀਆਂ ਪਹਿਲ-ਕਦਮੀਆਂ ਵਿਦਿਆਰਥੀਆਂ ਲਈ ਨਵੇਂ ਮੌਕੇ ਪੈਦਾ ਕਰ ਰਹੀਆਂ ਹਨ। ਉਹਨਾਂ ਲੰਘੇ ਦਿਨੀਂ ਗੁਰੂ ਪੂਰਨਿਮਾ ਦੇ ਤਿਉਹਾਰ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਅਧਿਆਪਕਾਂ ਨੂੰ ਸਮਾਜ ਅਤੇ ਰਾਸ਼ਟਰ ਨਿਰਮਾਣ ਦਾ ਮਜ਼ਬੂਤ ਆਧਾਰ ਦੱਸਿਆ। ਉਨ੍ਹਾਂ ਕਿਹਾ ਕਿ ਅਸਲ ਸਿੱਖਿਆ ਦਾ ਉਦੇਸ਼ ਸਿਰਫ਼ ਗਿਆਨ ਦੇਣਾ ਨਹੀਂ, ਸਗੋਂ ਰਚਨਾਤਮਕਤਾ, ਨੈਤਿਕ ਕਦਰਾਂ-ਕੀਮਤਾਂ, ਆਲੋਚਨਾਤਮਕ ਸੋਚ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਦਾ ਵਿਕਾਸ ਕਰਨਾ ਹੈ। ਉਨ੍ਹਾਂ ਖੋਜ, ਨਵੀਨਤਾ, ਉਦਯੋਗਤਾ, ਅਕਾਦਮਿਕ-ਉਦਯੋਗਿਕ ਸਹਿਯੋਗ ਅਤੇ ਆਰਟੀਫ਼ੀਸ਼ੀਅਲ ਇੰਟੈਲੀਜੈਂਸ, ਮਸ਼ੀਨ ਲਰਨਿੰਗ, ਡਾਟਾ ਸਾਇੰਸ ਅਤੇ ਰੋਬੋਟਿਕਸ ਵਰਗੀਆਂ ਉਭਰਦੀਆਂ ਤਕਨਾਲੋਜੀਆਂ ਨੂੰ ਸਿੱਖਿਆ ਨਾਲ ਜੋੜਨ ਦੀ ਲੋੜ ’ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਭਾਰਤੀ ਗਿਆਨ ਪ੍ਰਣਾਲੀ ਨੂੰ ਆਧੁਨਿਕ ਵਿਗਿਆਨ ਨਾਲ ਜੋੜ ਕੇ ਹੀ ਵਿਕਸਿਤ ਭਾਰਤ-2047 ਦੇ ਟੀਚੇ ਨੂੰ ਹਾਸਲ ਕੀਤਾ ਜਾ ਸਕਦਾ ਹੈ। ਡੀਨ ਡਾ. ਸਤੀਸ਼ ਕੁਮਾਰ ਨੇ ਮੁੱਖ ਵਕਤਾ ਅਤੇ ਹਾਜ਼ਰ ਸਰੋਤਿਆਂ ਦਾ ਸਵਾਗਤ ਕਰਦਿਆਂ ਕਿਹਾ ਕਿ ਐੱਨ.ਈ.ਪੀ.-2020 ਵਿਦਿਆਰਥੀ-ਕੇਂਦਰਿਤ, ਬਹੁ-ਵਿਸ਼ਾਗਤ, ਲਚਕਦਾਰ ਅਤੇ ਸਮਾਵੇਸ਼ੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਵਾਲੀ ਮਹੱਤਵਪੂਰਨ ਨੀਤੀ ਹੈ। ਉਨ੍ਹਾਂ ਕਿਹਾ ਕਿ ਨਵੀਂ ਸਿੱਖਿਆ ਨੀਤੀ ਨੂੰ ਲਾਗੂ ਕਰਕੇ ਵਿਦਿਆਰਥੀਆਂ ਨੂੰ 21ਵੀਂ ਸਦੀ ਦੀਆਂ ਚੁਣੌਤੀਆਂ ਲਈ ਸਮਰੱਥ ਬਣਾਇਆ ਜਾ ਸਕਦਾ ਹੈ। ਡਾ. ਕਵਿਤਾ ਰਾਣੀ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ, ਜਦਕਿ ਸਮਾਗਮ ਦੀ ਮੰਚ ਸੰਚਾਲਨਾ ਡਾ. ਸ਼ਿਆਮ ਸੁੰਦਰ ਨੇ ਬਾਖ਼ੂਬੀ ਕੀਤੀ।

# ਸਫਾਈ ਕਰਮਚਾਰੀਆਂ ਦੀ ਜਿੱਤ ਸੰਘਰਸ਼ ਦੀ ਜਿੱਤ ਹੈ: ਰੁਸਤਮ ਸ਼ੇਖ



ਪੰਜਾਬ ਵਿੱਚ ਲੰਬੇ ਸਮੇਂ ਤੋਂ ਚੱਲ ਰਹੇ ਸਫਾਈ ਕਰਮਚਾਰੀਆਂ ਦੇ ਸੰਘਰਸ਼ ਨੂੰ ਵੱਡੀ ਕਾਮਯਾਬੀ ਮਿਲੀ ਹੈ। ਮਿਊਂਸਿਪਲ ਕਾਰਪੋਰੇਸ਼ਨਾਂ ਅਧੀਨ ਕੰਮ ਕਰ ਰਹੇ ਸਫਾਈ ਕਰਮਚਾਰੀਆਂ ਅਤੇ ਸੀਵਰੇਜ ਸਫਾਈ ਕਰਮਚਾਰੀਆਂ ਦੀ ਤਨਖਾਹ ਲਗਭਗ 10,000 ਤੋਂ ਵਧਾ ਕੇ 20,500 ਕਰ ਦਿੱਤੀ ਗਈ ਹੈ। ਪੀਐਫ ਆਦਿ ਦੀ ਕਟੌਤੀ ਤੋਂ ਬਾਅਦ ਕਰਮਚਾਰੀਆਂ ਨੂੰ ਕਰੀਬ 17,500 ਦੇ ਕਰੀਬ ਹੱਥ ਵਿੱਚ ਮਿਲਣਗੇ। ਬਾਕੀ ਸ਼੍ਰੇਣੀਆਂ ਦੇ ਕਰਮਚਾਰੀਆਂ ਦੀਆਂ ਮੰਗਾਂ ’ਤੇ ਵੀ ਸਰਕਾਰ ਵੱਲੋਂ ਵਿਚਾਰ ਕੀਤਾ ਜਾ ਰਿਹਾ ਹੈ। ਇਸ ਮੌਕੇ ’ਤੇ ਭਾਰਤੀ ਕਿਸਾਨ ਯੂਨੀਅਨ ਪੁਆਧ ਦੇ ਆਗੂ ਰੁਸਤਮ ਸ਼ੇਖ ਨੇ ਸਾਰੇ ਸਫਾਈ ਕਰਮਚਾਰੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਜਿੱਤ ਸਾਬਤ ਕਰਦੀ ਹੈ ਕਿ ਆਪਣੇ ਹੱਕਾਂ ਲਈ ਸ਼ਾਂਤਮਈ ਅਤੇ ਇਕਜੁੱਟ ਸੰਘਰਸ਼ ਕਰਨ ਨਾਲ ਨਤੀਜੇ ਜ਼ਰੂਰ ਮਿਲਦੇ ਹਨ। ਉਨ੍ਹਾਂ ਕਿਹਾ ਕਿ ਜੇਕਰ ਸਫਾਈ ਕਰਮਚਾਰੀਆਂ ਦੀ ਆਵਾਜ਼ ਨੂੰ ਆਮ ਲੋਕਾਂ ਦਾ ਸਾਥ ਨਾ ਮਿਲਦਾ, ਤਾਂ ਇਹ ਸੰਭਵ ਨਹੀਂ ਸੀ। ਰੁਸਤਮ ਸ਼ੇਖ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਸਫਾਈ ਕਰਮਚਾਰੀਆਂ ਅਤੇ ਮਿਹਨਤਕਸ਼ ਮਜ਼ਦੂਰਾਂ ਨੂੰ ਉਨ੍ਹਾਂ ਦੀ ਸਖ਼ਤ ਮਿਹਨਤ ਦੇ ਅਨੁਸਾਰ ਵਧੀਆ ਤਨਖਾਹ ਦੇ ਨਾਲ-ਨਾਲ ਸਮਾਜ ਵਿੱਚ ਪੂਰਾ ਮਾਣ-ਸਤਿਕਾਰ ਵੀ ਮਿਲਦਾ ਹੈ। ਪਰ ਭਾਰਤ ਵਿੱਚ ਅੱਜ ਵੀ ਕਈ ਵਾਰ ਸਭ ਤੋਂ ਔਖਾ ਅਤੇ ਜ਼ਰੂਰੀ ਕੰਮ ਕਰਨ ਵਾਲੇ ਮਜ਼ਦੂਰਾਂ ਨੂੰ ਉਹ ਸਨਮਾਨ ਨਹੀਂ ਮਿਲਦਾ, ਜਿਸ ਦੇ ਉਹ ਹੱਕਦਾਰ ਹਨ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਜੋ ਲੋਕ ਹਰ ਰੋਜ਼ ਸਾਡੇ ਸ਼ਹਿਰਾਂ ਅਤੇ ਮੁਹੱਲਿਆਂ ਨੂੰ ਸਾਫ਼-ਸੁਥਰਾ ਰੱਖਣ ਲਈ ਮਿਹਨਤ ਕਰਦੇ ਹਨ, ਉਨ੍ਹਾਂ ਦਾ ਸਤਿਕਾਰ ਕਰਨਾ ਹਰ ਨਾਗਰਿਕ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਪਿਛਲੇ ਦਿਨਾਂ ਦੌਰਾਨ ਹੜਤਾਲ ਸਮੇਂ ਸੜਕਾਂ ’ਤੇ ਕੂੜੇ ਦੇ ਢੇਰ ਲੱਗ ਜਾਣ ਨਾਲ ਇਹ ਗੱਲ ਸਾਫ਼ ਹੋ ਗਈ ਕਿ ਸਫਾਈ ਕਰਮਚਾਰੀ ਆਪਣੀ ਡਿਊਟੀ ਪ੍ਰਤੀ ਪੂਰੀ ਇਮਾਨਦਾਰੀ ਅਤੇ ਵਫ਼ਾਦਾਰੀ ਨਾਲ ਕੰਮ ਕਰਦੇ ਹਨ। ਜੇ ਉਹ ਪਹਿਲਾਂ ਵੀ ਕੰਮ ਨਾ ਕਰਦੇ ਹੁੰਦੇ ਤਾਂ ਹੜਤਾਲ ਦੌਰਾਨ ਇਹ ਅੰਤਰ ਸਪੱਸ਼ਟ ਨਾ ਦਿਖਾਈ ਦਿੰਦਾ। ਮਜਬੂਰੀ ਵਿੱਚ ਹੀ ਉਨ੍ਹਾਂ ਨੂੰ ਸੰਘਰਸ਼ ਦਾ ਰਾਹ ਅਪਣਾਉਣਾ ਪਿਆ। ਅੰਤ ਵਿੱਚ ਰੁਸਤਮ ਸ਼ੇਖ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਬਾਕੀ ਰਹਿ ਗਈਆਂ ਸ਼੍ਰੇਣੀਆਂ ਦੇ ਕਰਮਚਾਰੀਆਂ ਦੀਆਂ ਮੰਗਾਂ ਵੀ ਜਲਦੀ ਪੂਰੀਆਂ ਕੀਤੀਆਂ ਜਾਣ ਅਤੇ ਪੰਜਾਬ ਦੇ ਹਰ ਮਿਹਨਤਕਸ਼ ਮਜ਼ਦੂਰ ਨੂੰ ਉਸ ਦੀ ਮਿਹਨਤ ਦੇ ਅਨੁਸਾਰ ਸਨਮਾਨ ਅਤੇ ਯੋਗ ਮਜ਼ਦੂਰੀ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬੀਆਂ ਨੂੰ ਹਮੇਸ਼ਾ ਹਰ ਲੋੜਵੰਦ ਅਤੇ ਹੱਕਾਂ ਲਈ ਸੰਘਰਸ਼ ਕਰ ਰਹੇ ਵਿਅਕਤੀ ਦਾ ਸਾਥ ਦੇਣਾ ਚਾਹੀਦਾ ਹੈ।

**- ਪਰਗਟ ਸਿੰਘ ਬਲਬੇੜਾ, 9022000070**

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਸ਼ਹੀਦ ਕਿਰਨਜੀਤ ਕੌਰ ਮਹਿਲਕਲਾਂ ਦੀ ਬਰਸੀ ਸਮਾਗਮ ਸਬੰਧੀ

# ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਜ਼ਿਲਾ ਪੱਧਰੀ ਮੀਟਿੰਗ:ਹਰਨੇਕ ਸਿੰਘ ਮਹਿਮਾ



**ਫਿਰੋਜ਼ਪੁਰ, 5 ਅਗਸਤ (ਮਨੋਹਰ ਲਾਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲਾ ਫਿਰੋਜ਼ਪੁਰ ਦੀ ਮਹੀਨਾ ਵਾਰੀ ਮੀਟਿੰਗ ਜ਼ਿਲਾ ਜਨਰਲ ਸਕੱਤਰ ਗੁਲਜ਼ਾਰ ਸਿੰਘ ਕੱਬਰ ਵੱਛਾ ਅਤੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਦੀ ਅਗਵਾਈ ਹੇਠ ਗਾਂ ਦੀ ਗਾਰਡਨ ਪਾਰਕ ਫਿਰੋਜ਼ਪੁਰ ਕੈਂਟ ਵਿਖੇ ਕੀਤੀ ਗਈ ਜਿਸ ਵਿਚ ਸਾਰੇ ਹੀ ਬਲਾਕਾਂ ਦੇ ਆਗੂਆਂ ਨੇ ਭਾਗ ਲਿਆ ਇਸ ਮੌਕੇ ਬੁਲਾਰਿਆਂ ਨੇ ਬੋਲਦੀਆਂ ਹੋਇਆ ਕਿਹਾ ਕਿ ਆਉਣ ਵਾਲੀ 10 ਅਗਸਤ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉਪਰ ਕਾਰਪੋਰੇਟੋ ਭਾਰਤ ਛੱਡੋ ਦਿਵਸ ਵਜੋਂ ਮਨਾਇਆ ਜਾਵੇਗਾ ਜਿਸ ਵਿੱਚ ਜ਼ਿਲਾ ਪੱਧਰ ਅਤੇ ਤਹਿਸੀਲ ਪੱਧਰ ਤੇ ਧਰਨੇ ਪ੍ਰਦਸ਼ਨ ਕੀਤੇ ਜਾਣਗੇ ਜਿਸ ਵਿੱਚ ਸਾਰੀਆਂ ਫਸਲਾਂ ਉਪਰ ਐਮ ਐਸ ਪੀ ਦਾ ਗਰੰਟੀ ਕਾਨੂੰਨ ਕਿਸਾਨਾਂ ਅਤੇ ਮਜ਼ਦੂਰਾਂ ਦੀ ਕਰਜ਼ਾ ਮੁਕਤੀ ਚਾਰ ਲੇਬਰ ਕੋਡ ਦਾ ਖਾਤਮਾ ਮਨਰੇਗਾ ਦੀ ਬਹਾਲੀ ਬਿਜਲੀ ਸੋਧ ਬਿੱਲ ਬੀਜ ਸੋਧ ਬਿੱਲ ਅਤੇ ਲੈਂਡ ਪੂਲਿੰਗ ਪਾਲਿਸੀ ਰੱਦ ਕਰਾਉਣ ਦੀਆਂ ਮੰਗਾਂ ਨੂੰ ਰੱਖਿਆ ਜਾਵੇਗਾ ਜਿਸ ਵਿਚ ਜਥੇਬੰਦੀ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ ਆਉਣ ਵਾਲੀ ਵਾਲੀ 12 ਅਗਸਤ ਨੂੰ ਸ਼ਹੀਦ ਕਿਰਨਜੀਤ ਕੌਰ ਦੀ 29 ਵੀਂ ਬਰਸੀ ਮਹਿਲ ਕਲਾਂ ਦਾਣਾ ਮੰਡੀ ਵਿੱਚ ਮਨਾਈ ਜਾ ਰਹੀ ਹੈ ਜਿਸ ਵਿੱਚ ਜ਼ਿਲਾ ਫਿਰੋਜ਼ਪੁਰ ਵੱਲੋਂ ਔਰਤਾਂ ਸਮੇਤ ਭਾਰੀ ਗਿਣਤੀ ਵਿੱਚ ਸ਼ਾਮਿਲ ਹੋਇਆ ਜਾਵੇਗਾ ਸ਼ਹੀਦ ਕਿਰਨਜੀਤ ਕੌਰ ਮਹਿਲਕਲਾਂ ਦੀ ਸ਼ਹਾਦਤ ਇਸ ਗੱਲ ਦੀ ਤਸਦੀਕ ਕਰਦੀ ਹੈ ਕਿ ਔਰਤ ਜ਼ੁਲਮ ਨਾਲ ਕਦੇ ਵੀ ਦਬਾਈ ਨਹੀਂ ਜਾ ਸਕਦੀ ਉਹਨਾਂ ਕਿਹਾ ਕਿ ਇਸ ਸ਼ਹਾਦਤ ਦੇ ਤਿੰਨ ਦਹਾਕਿਆਂ ਬਾਅਦ ਵੀ ਦੇਸ਼ ਭਰ ਵਿੱਚ ਔਰਤਾਂ ਦੇ ਸ਼ੋਸ਼ਣ ਕੀਤੇ ਜਾ ਰਹੇ ਹਨ ਜਿਸ ਦੇ ਟਾਕਰੇ ਲਈ ਔਰਤਾਂ ਨੂੰ ਇਕੱਠੇ ਹੋ ਕੇ ਅੱਗੇ ਆਉਣਾ ਪਵੇਗਾ ਇਹੀ ਕਿਰਨਜੀਤ ਕੌਰ ਨੂੰ ਸੱਚੀ ਸੁੱਚੀ ਸ਼ਰਧਾਂਜਲੀ ਹੋਵੇਗੀ ਇਸ ਮੌਕੇ ਥਾਣਾ ਗੁਰੂ ਹਰ ਸਹਾਇ ਮੁਕਦਮਾ ਨੰਬਰ 209 ਰਾਜਨ ਪੁੱਤਰ ਪੱਪੂ ਵਾਸੀ ਵਸਤੀ ਡੇਰਿਆਂ ਵਾਲੀ ਖਿਲਾਫ ਹੋਇਆ ਓਹਨਾ ਦੋਸ਼ੀਆਂ ਅਤੇ ਓਹਨਾ ਦੇ ਸਾਥੀਆਂ ਨੂੰ ਗ੍ਰਿਫਤਾਰ ਕੀਤਾ ਜਾਏ ਪਿਛਲੇ ਦਿਨੀਂ ਮਮਦੋਟ ਵਿਖੇ ਜੌ ਦੁਕਾਨਦਾਰਾਂ ਅਤੇ ਕਿਸਾਨਾਂ ਵਿਚ ਲੜਾਈ ਝਗੜਾ ਹੋਇਆ ਸੀ ਉਸ ਵਿੱਚ ਪਿੰਡ ਮਹਿਮਾ ਦੀ ਪੰਚਾਇਤ ਅਤੇ ਇਲਾਕੇ ਦੇ ਮੋਹਤਵਾਰ ਬੰਦਿਆਂ ਵੱਲੋਂ ਇਸ ਸਾਰੇ ਮਸਲੇ ਦੀ ਜਾਂਚ ਕੀਤੇ ਜਾਣ ਤੋਂ ਬਾਦ ਵਿੱਚ ਜੌ ਦੋਸ਼ ਹਰਨੇਕ ਸਿੰਘ ਮਹਿਮਾ ਅਤੇ ਜਥੇਬੰਦੀ ਉਪਰ ਲੱਗੇ ਸਨ ਉਹ ਸਾਰੇ ਦੋਸ਼ ਬੇਬੁਨਿਆਦ ਸਨ ਜੁਲਾਈ 2025 ਨੂੰ ਇਕ ਕਿਸਾਨ ਗੁਰਬਚਨ ਸਿੰਘ ਵਾਸੀ ਪਿੰਡ ਮੱਲੇਵਾਲਾ ਜੌ ਕੇ ਬੈਂਕ ਦੇ ਕਰਜੇ ਤੋਂ ਦੁਖੀ ਹੋ ਕੇ ਆਤਮਹੱਤਿਆ ਕਰ ਗਿਆ ਸੀ ਜਿਸ ਦੀ ਬਣਦੀ ਮੁਆਵਜਾ ਰਾਸ਼ੀ ਲੈਣ ਲਈ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਨੂੰ ਕਈ ਵਾਰ ਮੰਗ ਪੱਤਰ ਦੇਣ ਤੋਂ ਬਾਅਦ ਵੀ ਹਾਲੇ ਤਕ ਪਰਿਵਾਰ ਨੂੰ ਬਣਦੀ ਰਾਸ਼ੀ ਨਹੀਂ ਮਿਲੀ ਇਸ ਦੇ ਸਬੰਧ ਵਿੱਚ ਆਉਣ ਵਾਲੇ ਦਿਨਾਂ ਵਿਚ ਵੱਡਾ ਸੰਘਰਸ਼ ਉਲੀਕਿਆ ਜਾਏਗਾ ਇਸ ਮੌਕੇ ਜ਼ਿਲਾ ਪ੍ਰੈਸ ਸਕੱਤਰ ਲਖਵੀਰ ਸਿੰਘ ਮਮਦੋਟ ਬਲਾਕ ਪ੍ਰਧਾਨ ਬਲਕਾਰ ਸਿੰਘ ਜੋਧਪੁਰ ਗੁਰੂ ਹਰ ਸਹਾਇ ਦੋ ਬਲਾਕ ਪ੍ਰਧਾਨ ਸੁਖਦੇਵ ਕੁਮਾਰ ਢੋਟ ਮਖੂ ਬਲਾਕ ਪ੍ਰਧਾਨ ਮੁਨਸ਼ਾ ਸਿੰਘ ਘਲ ਬਲਾਕ ਪ੍ਰਧਾਨ ਬਲਵੰਤ ਸਿੰਘ ਜੀਰਾ ਬਲਾਕ ਜਨਰਲ ਸਕੱਤਰ ਗੁਰਚਰਨ ਸਿੰਘ ਨਾਜੂ ਸ਼ਾਹ ਵਾਲਾ ਗੁਰੂ ਹਰਸਾਏ ਬਲਾਕ ਸੰਦੀਪ ਕੁਮਾਰ ਹਰਬੰਸ ਸਿੰਘ ਜੋਧਪੁਰ ਮੇਜਰ ਸਿੰਘ ਚੰਦੀ ਜਸਪਾਲ ਸਿੰਘ ਸੋਨੂ ਡਾਕਟਰ ਗੁਰਦੀਪ ਸਿੰਘ ਲੱਖਾ ਸਿੰਘ ਵਾਲਾ ਜਸਵਿੰਦਰ ਸਿੰਘ ਪੱਪੂ ਸਿੰਦਰ ਸਿੰਘ ਸਰਪੰਚ ਬਿੱਲਾ ਮਲਵਾਲ ਜੋਗਿੰਦਰ ਸਿੰਘ ਸਤਨਾਮ ਸਿੰਘ ਗੁਰਨਾਮ ਸਿੰਘ ਜਗਤਾਰ ਸਿੰਘ ਭੱਟੀਆਂ ਸਤਨਾਮ ਚੰਦ ਅੰਗਰੇਜ਼ ਸ਼ਾਮ ਲਾਲ ਗੁਰਦੀਪ ਮੋਨੀ ਆਦਿ ਹਾਜ਼ਰ ਸਨ।

### ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਕੀਤੀ ਵਾਅਦਾ ਖਿਲਾਫੀ ਦਾ

# 7 ਅਗਸਤ ਦੀ ਮਹਾਂ ਰੈਲੀ ਵਿੱਚ ਦਿੱਤਾ ਜਾਵੇਗਾ ਮੂੰਹ ਤੋੜਵਾਂ ਜਵਾਬ: ਰਵਿੰਦਰ ਲੂਥਰਾ, ਰਮਨ ਅੱਤਰੀ




ਫਿਰੋਜ਼ਪੁਰ 5 ਅਗਸਤ (ਮਨੋਹਰ ਲਾਲ):ਅੱਜ ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਰਮਨ ਅੱਤਰੀ ਦੀ ਅਗਵਾਈ ਹੇਠ ਵਿਸ਼ਾਲ ਰੈਲੀ 7 ਅਗਸਤ ਦੀ ਚੰਡੀਗੜ੍ਹ ਵਿਖੇ ਹੋਣ ਵਾਲੀ ਮਹਾਂ ਰੈਲੀ ਦੀਆਂ ਤਿਆਰੀਆਂ ਸਬੰਧੀ ਵਿਸ਼ਾਲ ਰੋਸ ਰੈਲੀ ਕੀਤੀ ਗਈ ਜਿਸ ਵਿੱਚ ਇਸਤਰੀ ਮੁਲਾਜ਼ਮਾਂ ਨੇ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ।ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦਿਆਂ ਰਵਿੰਦਰ ਲੂਥਰਾ ਨੇ ਦੱਸਿਆ ਕਿ ਮਾਨਯੋਗ ਹਾਈਕੋਰਟ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਡੀ ਏ ਦਾ ਫੈਸਲਾ ਮੁਲਾਜ਼ਮਾਂ ਦੇ ਹੱਕ ਵਿੱਚ ਆਇਆ ਹੈ, ਸਰਕਾਰ ਵੱਲੋਂ ਪਹਿਲਾਂ ਇਸ ਦਾ ਮਾਨਯੋਗ ਹਾਈਕੋਰਟ ਵਿਚ ਵੱਡੇ ਵੱਡੇ ਵਕੀਲਾਂ ਦੀ ਫੋਜ਼ ਖੜੀ ਕਰਕੇ ਇਸ ਦਾ ਵਿਰੋਧ ਕੀਤਾ ਗਿਆ ਤੇ ਹੁਣ ਫ਼ੈਸਲੇ ਨੂੰ ਲਾਗੂ ਕਰਨ ਦੀ ਬਜਾਏ ਵਿੱਤ ਮੰਤਰੀ ਪੰਜਾਬ ਵੱਲੋਂ ਪ੍ਰੈਸ ਕਾਨਫਰੰਸ ਕਰਕੇ ਇਸ ਗੱਲ ਦਾ ਝੂਠ ਫੈਲਾਇਆ ਜਾ ਰਿਹਾ ਹੈ ਕਿ ਪੰਜਾਬ ਦੇ ਮੁਲਾਜ਼ਮ ਸੇਂਟਰ ਦੇ ਮੁਲਾਜ਼ਮਾਂ ਨਾਲੋਂ ਵੱਧ ਤਨਖਾਹ ਲੈ ਰਹੇ ਹਨ। ਇਸ ਗੱਲ ਤੋਂ ਸਰਕਾਰ ਦਾ ਮੁਲਾਜ਼ਮ ਅਤੇ ਪੈਨਸ਼ਨਰਜ਼ ਵਿਰੋਧੀ ਚਿਹਰਾ ਬੇ ਨਿਕਾਬ ਹੋਇਆ ਹੈ।ਸਰਕਾਰ ਪੁਰਾਣੀ ਪੈਨਸ਼ਨ, ਕੱਚੇ ਮੁਲਾਜ਼ਮਾਂ ਨੂੰ ਰੈਗੂਲਰ ਕਰਨਾ, ਖ਼ਾਲੀ ਪਈਆ ਅਸਾਮੀਆਂ ਨੂੰ ਰੈਗੂਲਰ ਤੋਰ ਤੇ ਭਰਨਾਂ, ਆਂਗਣਵਾੜੀ ਵਰਕਰਾਂ ਨੂੰ ਘੱਟੋ ਘੱਟ ਉਜਰਤ 26000 ਦੇਣ ਤੋਂ ਭੱਜ ਰਹੀ ਹੈ। ਜਿਸ ਕਰਕੇ ਮੁਲਾਜ਼ਮ ਸਫ਼ਾ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਅਤੇ 7 ਅਗਸਤ ਦੀ ਚੰਡੀਗੜ੍ਹ ਮਹਾਂ ਰੈਲੀ ਵਿੱਚ ਫਿਰੋਜ਼ਪੁਰ ਤੋ ਵੱਡੀ ਗਿਣਤੀ ਵਿਚ ਮੁਲਾਜ਼ਮ ਸ਼ਮੂਲੀਅਤ ਕਰਨਗੇ।ਇਸ ਰੈਲੀ ਨੂੰ ਰਾਜ ਕੁਮਾਰ ਕੁੱਕੜ, ਦਵਿੰਦਰ ਸਿੰਘ ਬਜਾਦੀਪੁਰੀ, ਰਾਕੇਸ਼ ਗਿੱਲ, ਗੁਰਪ੍ਰੀਤ ਸਿੰਘ, ਸੁਤੰਤਰ ਸਿੰਘ,ਅਸੈਲੀ ਸ਼ਰਮਾ, ਰਵਿੰਦਰ ਸ਼ਰਮਾ,ਰਾਕੇਸ਼ ਕੰਬੋਜ, ਹਰਪ੍ਰੀਤ ਸਿੰਘ ਸੋਢੀ, ਵਿਸ਼ਾਲ ਗੁਪਤਾ, ਪ੍ਰੀਤਮ ਸਿੰਘ, ਨਿਰਮਲ ਸਿੰਘ, ਬੇਅੰਤ ਸਿੰਘ, ਅਰੁਣ ਕੁਮਾਰ, ਸੰਦੀਪ ਸਿੰਘ, ਹਰਜੀਤ ਸਿੰਘ, ਅਮਰਿੰਦਰ ਸਿੰਘ,ਅਮਰੀਕ ਸਿੰਘ, ਸ਼ਾਮ ਲਾਲ ਸਚਦੇਵਾ, ਹਰਜੀਤ ਕੁਮਾਰ,ਮੰਗਤ ਰਾਮ, ਗੁਰਮੀਤ ਸਿੰਘ,ਰਜਤ ਲੁਹੇਰਾ, ਕੁਲਦੀਪ ਬਜਾਜ, ਰਾਜਨ ਹਾਡਾ, ਦਰਸ਼ਨ ਬੱਬਰ, ਨਰਿੰਦਰ ਨਾਥ, ਜਗਰੂਪ ਮਸੀਹ,ਵਿਕਟਰ ਦਿਆਲ,ਜੱਜਬੀਰ ਸਿੰਘ, ਕੁਲਦੀਪ ਸਿੰਘ ਖੁੰਗਰ, ਮਨਜਿੰਦਰ ਸਿੰਘ, ਤਰਸੇਮ ਪਾਲ, ਸੁਰਿੰਦਰ ਸੋਢੀ,ਮੰਜੁਲਾ ਰਾਣੀ,ਸਰੇਸਟਾ ਸ਼ਰਮਾ, ਪਰਮਜੀਤ ਕੌਰ, ਕਾਂਤਾ ਰਾਣੀ, ਜਸਪਾਲ ਕੌਰ,ਸਮਕੀਸਾ ਰਾਣੀ, ਭੁਪਿੰਦਰ ਕੌਰ, ਵੀਰਪਾਲ ਕੌਰ, ਪਰਮਪਾਲ ਕੌਰ, ਬੰਦਨਾ ਪੋਲ, ਸ਼ਿਵਾਨੀ ਸ਼ੁਕਲਾ, ਇੰਦਰਜੀਤ ਕੌਰ, ਪਿੰਕੀ ਗਿੱਲ,ਸਮਤਾਜ ਕੋਰ, ਆਸ਼ੂ ਸ਼ਰਮਾ, ਰਜਨੀਸ਼ ਸ਼ਰਮਾ, ਰਾਜਵੰਤ ਕੌਰ, ਆਦਿ ਨੇ ਸਰਕਾਰ ਨੂੰ ਸਖ਼ਤ ਸ਼ਬਦਾਂ ਵਿੱਚ ਚੇਤਾਵਨੀ ਦਿੱਤੀ ਕਿ ਜੇਕਰ ਉਪਰੋਕਤ ਮੰਗਾਂ ਦਾ ਨਿਪਟਾਰਾ ਨਾਂ ਕੀਤਾ ਗਿਆ ਤਾਂ ਆਉਣ ਵਾਲੀਆਂ 2027 ਵਿਧਾਨ ਸਭਾ ਚੋਣਾਂ ਵਿੱਚ ਸਰਕਾਰ ਨੂੰ ਇਸ ਦਾ ਖਮਿਆਜ਼ਾ ਭੁਗਤਣਾ ਪਵੇਗਾ।

## ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸੰਪੂਰਨਤਾ ਦਿਵਸ ਅਤੇ ਦਮਦਮੀ ਟਕਸਾਲ ਦੇ 320ਵੇਂ ਸਥਾਪਨਾ ਦਿਵਸ ਉਪਲਬਧ 'ਚ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਮਹਾਨ ਗੁਰਮਤਿ ਸਮਾਗਮ 7 ਅਗਸਤ ਨੂੰ: ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾ ਵਾਲੇ



ਫਿਰੋਜ਼ਪੁਰ 5 ਅਗਸਤ (ਮਨੋਹਰ ਲਾਲ): ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਪਵਿੱਤਰ ਸੰਪੂਰਨਤਾ ਦਿਵਸ ਅਤੇ ਦਮਦਮੀ ਟਕਸਾਲ ਜਥੇਬੰਦੀ ਦੇ 320ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਤਖ਼ਤ ਸ੍ਰੀ ਦਮਦਮਾ ਸਾਹਿਬ (ਗੁਰੂ ਕੀ ਕਾਂਸ਼ੀ), ਤਲਵੰਡੀ ਸਾਬੋ (ਬਠਿੰਡਾ) ਵਿਖੇ ਮਿਤੀ 7 ਅਗਸਤ 2026 (23 ਸਾਵਣ) ਨੂੰ ਕਰਵਾਏ ਜਾ ਰਹੇ ਹਨ।ਇਹ ਸਮਾਗਮ ਸਵੇਰੇ 10 ਵਜੇ ਤੋਂ ਦੁਪਹਿਰ 2 ਵਜੇ ਤੱਕ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਆਯੋਜਿਤ ਕੀਤੇ ਜਾਣਗੇ। ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ, ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ ਨੇ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਅਪੀਲ ਕਰਦਿਆਂ ਬੇਨਤੀ ਕੀਤੀ ਹੈ ਕਿ ਉਹ ਇਹਨਾਂ ਮਹਾਨ ਗੁਰਮਤਿ ਸਮਾਗਮਾਂ ਵਿੱਚ ਵੱਧ-ਚੜ੍ਹ ਕੇ ਹਾਜ਼ਰੀਆਂ ਭਰਨ ਅਤੇ ਗੁਰੂ ਘਰ ਦੀਆਂ ਖ਼ੁਸ਼ੀਆਂ ਤੇ ਲਾਹਾ ਪ੍ਰਾਪਤ ਕਰਨ।

## ਪੰਜਾਬ ਸਰਕਾਰ ਵਲੋਂ ਫੀਸਾਂ ਤੇ ਲਿਆਂਦੇ ਆਰਡੀਨੈਂਸ ਤੇ ਮਾਨਯੋਗ ਹਾਈਕੋਰਟ ਨੇ ਸਕੂਲਾਂ ਦੇ ਹੱਕ ਵਿੱਚ ਦਿੱਤਾ ਫੈਸਲਾ

ਫਿਰੋਜ਼ਪੁਰ 5 ਅਗਸਤ (ਮਨੋਹਰ ਲਾਲ) ਪ੍ਰਾਈਵੇਟ ਸਕੂਲ ਜਥੇਬੰਦੀ ਰੈਕਿਗਨਾਈਜਡ ਐਂਡ ਐਫੀਲੀਏਟਿਡ ਸਕੂਲ ਐਸੋਸੀਏਸ਼ਨ (ਰਾਸਾ) ਪੰਜਾਬ ਦੀ ਇੱਕ ਹੰਗਾਮੀ ਮੀਟਿੰਗ ਵੀਡੀਓ ਕਾਨਫਰੰਸਿੰਗ ਰਾਹੀਂ ਕੀਤੀ ਗਈ ਜਿਸ ਵਿੱਚ ਸਟੇਟ ਬਾਡੀ ਦੇ ਆਹੁਦੇਦਾਰ ਨੇ ਸ਼ਮੂਲੀਅਤ ਕੀਤੀ ਤੇ ਪੰਜਾਬ ਸਰਕਾਰ ਵਲੋਂ ਫੀਸਾਂ ਪ੍ਰਤੀ ਕੀਤੇ ਗਏ ਆਰਡੀਨੈਂਸ ਦੇ ਵਿਰੁੱਧ ਰਾਸਾ ਪੰਜਾਬ ਤੇ ਹੋਰ ਸਹਿਯੋਗੀ ਸਕੂਲ ਜਥੇਬੰਦੀਆਂ ਵਲੋਂ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਗਈ ਸੀ,ਜਿਸ ਤੇ ਮਾਨਯੋਗ ਹਾਈ ਕੋਰਟ ਵਲੋਂ ਅੱਜ ਸੁਣਵਾਈ ਕਰਦਿਆਂ ਇਸ ਆਰਡੀਨੈਂਸ ਤੇ ਸਟੇਅ ਆਰਡਰ ਜਾਰੀ ਕਰ ਦਿੱਤਾ ਗਿਆ ਤੇ ਅਗਲੀ ਸੁਣਵਾਈ ਲਈ 22 ਸਤੰਬਰ ਦਿੱਤੀ ਗਈ ਹੈ। ਸਕੂਲਾਂ ਦੀ ਇਸ ਜਿੱਤ ਵਿੱਚ ਰਾਸਾ ਪੰਜਾਬ ਦੇ ਨਾਲ ਨਾਲ ਭਰਾਤਰੀ ਜਥੇਬੰਦੀਆਂ ਪੂਸਾ ਬਠਿੰਡਾ, ਰਾਸਾ ਯੂ ਕੇ , ਕਾਸਾ ਜਲੰਧਰ, ਸਕੂਲ ਐਸੋਸੀਏਸ਼ਨ ਮੋਹਾਲੀ ਤੇ ਫੈਡਰੇਸ਼ਨ ਦੀ ਬਹੁਤ ਵੱਡੀ ਭੂਮਿਕਾ ਹੈ।ਹਾਈ ਕੋਰਟ ਦੇ ਅੱਜ ਦੇ ਇਸ ਫੈਸਲੇ ਬਾਬਤ ਰਾਸਾ ਪੰਜਾਬ ਪ੍ਰਧਾਨ ਪ੍ਰਿੰਸੀਪਲ ਸਕੱਤਰ ਸਿੰਘ ਸੰਧੂ ਵਲੋਂ ਜਾਰੀ ਕੀਤੇ ਬਿਆਨ ਰਾਹੀਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਫੀਸਾਂ ਆਦਿ ਦੇ ਵਾਧੇ ਕੀਤੇ ਨਾਦਰਸ਼ਾਹੀ ਫੁਰਮਾਨ ਨੂੰ ਸਕੂਲ ਜਥੇਬੰਦੀਆਂ ਨੇ ਹਾਈਕੋਰਟ ਵਿਚ ਚੈਲਿੰਜ ਕਰਨ ਉਪਰੰਤ ਕੋਰਟ ਵਲੋਂ ਆਏ ਫੈਸਲੇ ਤੇ ਸੰਤੁਸ਼ਟੀ ਜ਼ਾਹਰ ਕਰਦਿਆਂ ਕਿਹਾ ਕਿ ਸਰਕਾਰ ਵਲੋਂ ਮੀਡੀਆ ਰਾਹੀਂ ਡੀਂਗਾਂ ਮਾਰਦਿਆਂ ਪ੍ਰਾਈਵੇਟ ਸਕੂਲ ਸੰਚਾਲਕਾਂ ਪ੍ਰਤੀ ਬਹੁਤ ਤਰਾਂ ਦੇ ਘਟੀਆ ਸ਼ਬਦ ਵੀ ਵਰਤੇ ਗਏ ਸਨ। ਸਿੱਖਿਆ ਅਧਿਕਾਰੀਆਂ ਵਲੋਂ ਸਕੂਲਾਂ ਨੂੰ ਬਹੁਤ ਪ੍ਰੇਸ਼ਾਨ ਕੀਤਾ ਜਾ ਰਿਹਾ ਸੀ।ਕੋਰਟ ਵਲੋਂ ਇਸ ਫੈਸਲੇ ਨਾਲ ਮਿਲੀ ਨਿਜ਼ਾਤ ਦੇ ਤੁਰੰਤ ਰਾਸਾ ਪੰਜਾਬ ਦੀ ਸਟੇਟ ਬਾਡੀ ਦੀ ਇੱਕ ਵੀਡੀਓ ਕਾਨਫਰੰਸਿੰਗ ਰਾਹੀਂ ਮੀਟਿੰਗ ਕੀਤੀ ਗਈ ਜਿਸ ਵਿੱਚ ਉਚੇਚੇ ਤੌਰ ਭਰਾਤਰੀ ਸਕੂਲ ਜਥੇਬੰਦੀਆਂ ਪੂਸਾ ਬਠਿੰਡਾ ਦੇ ਪ੍ਰਧਾਨ ਵਿਨੋਦ ਕੁਮਾਰ, ਜਨਰਲ ਸਕੱਤਰ ਸਰਦਾਰ ਮਹਿੰਦਰ ਸਿੰਘ ਭੋਲਾ, ਰਾਸਾ ਯੂ ਕੇ ਦੇ ਚੇਅਰਮੈਨ ਸਰਦਾਰ ਹਰਪਾਲ ਸਿੰਘ ਯੂ ਕੇ, ਗੁਰਮੁਖ ਸਿੰਘ ਅਰਜਨ ਮਾਂਗਾ, ਕਾਸਾ ਜਲੰਧਰ ਦੇ ਪ੍ਰਧਾਨ ਸ੍ਰੀ ਰਾਜੇਸ਼ ਮੇਆਰ ਆਦਿ ਦਾ ਉਚੇਚਾ ਧੰਨਵਾਦ ਕੀਤਾ ਗਿਆ ਜਿਹਨਾਂ ਸਾਡੀ ਜਥੇਬੰਦੀ ਨਾਲ ਇੱਕ ਜੁੱਟ ਹੋ ਕੇ ਇਸ ਲੜਾਈ ਵਿੱਚ ਮੋਹਰੀ ਰੋਲ ਅਦਾ ਕੀਤਾ।ਇਸ ਤੋਂ ਇਲਾਵਾ ਰਾਸਾ ਨਾਲ ਸਬੰਧਤ ਸਮੂਹ ਸਕੂਲ ਸੰਚਾਲਕਾਂ ਵਲੋਂ ਮਿਲੇ ਸਹਿਯੋਗ ਤੇ ਉਨ੍ਹਾਂ ਵਲੋਂ ਦਿੱਤੀ ਹੱਲਾਸ਼ੇਰੀ ਲਈ ਵੀ ਉਨ੍ਹਾਂ ਦਾ ਧੰਨਵਾਦ ਕੀਤਾ ਗਿਆ। ਇਸ ਹੰਗਾਮੀ ਮੀਟਿੰਗ ਵਿੱਚ ਪ੍ਰਿੰਸੀਪਲ ਸੁਚੇਤ ਸਿੱਘ ਬੇਦੀ ਨਾਭਾ, ਰਵਿੰਦਰ ਕੁਮਾਰ ਸ਼ਰਮਾ ਫਿਰੋਜਪੁਰ, ਨਰਿੰਦਰ ਸਿੰਘ ਕੇਸਰ ਫਿਰੋਜ਼ਪੁਰ, ਰਜਨੀਸ਼ ਕੁਮਾਰ ਮੋਹਾਲੀ, ਆਲੋਕ ਮੁਖੀਜਾ ਨਾਭਾ, ਤਸਵਿੰਦਰ ਸਿੰਘ ਮਾਨ ਬਠਿੰਡਾ, ਹਰਜੀਤ ਸਿੰਘ ਬਰਾੜ ਮੁਕਤਸਰ, ਹਰਦੀਪ ਸਿੰਘ ਜਟਾਣਾਂ ਮਾਨਸਾ, ਸੁਖਮੰਦਰ ਸਿੰਘ ਮੋਗਾ, ਰਾਜ ਥਾਪੜ ਫਰੀਦਕੋਟ,ਸਵਰਾਜ ਕੁਮਾਰ ਜਲੰਧਰ, ਪ੍ਰੋਫੈਸਰ ਜਸਬੀਰ ਸਿੰਘ ਕਪੂਰਥਲਾ, ਹਰਦੇਵ ਸਿੰਘ ਸੋਹਲ ਗੁਰਦਾਸਪੁਰ, ਗੁਰਸੇਵਕ ਸਿੰਘ ਬਠਿੰਡਾ, ਨਵਦੀਪ ਸਿੰਘ ਵਿਰਕ ਦਸੂਹਾ, ਸ਼ਾਮ ਲਾਲ ਅਰੋੜਾ ਅਬੋਹਰ ਤੇ ਸੁਖਜਿੰਦਰ ਸਿੰਘ ਗਿੱਲ ਤਰਨ ਤਾਰਨ ਆਦਿ ਸ਼ਾਮਿਲ ਹੋਏ।



## ਡਾਈਟ ਫਿਰੋਜ਼ਪੁਰ ਦੀਆਂ ਵਿਦਿਆਰਥਣਾਂ ਨੇ ਮਾਰੀ ਬਾਜੀ

ਫਿਰੋਜ਼ਪੁਰ 5 ਅਗਸਤ (ਮਨੋਹਰ ਲਾਲ): ਰਾਜ ਵਿੱਦਿਅਕ ਸਿਖਲਾਈ ਅਤੇ ਖੋਜ ਪਰਿਸ਼ਦ ਮੋਹਾਲੀ , ਪੰਜਾਬ ਵੱਲੋਂ ਕਿੱਤਾ-ਮੁਖੀ ਸਿਖਲਾਈ ਕੋਰਸ ਡੀ.ਐਲ. ਐਡ. ਸੈਸ਼ਨ 2023-25 ਦੇ ਦੂਜੇ ਸਾਲ ਲਈ ਲਈਆਂ ਗਈਆਂ ਪ੍ਰੀਖਿਆਵਾਂ ਵਿੱਚ ਡਾਇਟ ਫਿਰੋਜ਼ਪੁਰ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਹੋਇਆਂ ਨਾ ਸਿਰਫ ਡਾਇਟ ਫਿਰੋਜ਼ਪੁਰ ਦਾ ਨਾਮ ਰੋਸ਼ਨ ਕੀਤਾ ਸਗੋਂ ਆਪਣੇ ਮਾਪਿਆਂ ਦਾ ਨਾਮ ਵੀ ਚਮਕਾਇਆ।ਬੀਤੇ ਦਿਨੀਂ ਐਲਾਨੇ ਗਏ ਨਤੀਜਿਆਂ ਵਿੱਚ ਸੰਸਥਾ ਦੀਆਂ ਵਿਦਿਆਰਥਣਾਂ ਮਨਪ੍ਰੀਤ ਕੌਰ ਪੁੱਤਰੀ ਲੇਖਰਾਜ ਪਹਿਲੇ ਸਥਾਨ(840/950) ਤੇ,ਸਿਮਰਨ ਪੁੱਤਰੀ ਰਾਕੇਸ਼ ਕੁਮਾਰ ਦੂਜੇ ਸਥਾਨ(838/950) ਤੇ, ਨੇਹਾ ਧੂੜੀਆ ਪੁੱਤਰੀ ਸ਼ਾਮ ਲਾਲ ਤੀਜੇ ਸਥਾਨ ਤੇ(836/950), ਪ੍ਰਿਅੰਕਾ ਪੁੱਤਰੀ ਧਰਮਪਾਲ ਚੌਥੇ ਸਥਾਨ ਤੇ(832/950), ਸਲੋਨੀ ਪੁੱਤਰੀ ਦਰਸ਼ਨ ਲਾਲ ਚਾਵਲਾ ਚੌਥੇ ਸਥਾਨ ਤੇ(832/950) ਅਤੇ ਸਿਮਰਨ ਪੁੱਤਰੀ ਸੁਰਿੰਦਰ ਮੋਹਨ ਕਰਮਵਾਰ ਪੰਜਵੇਂ ਸਥਾਨ ਤੇ(830/950) ਰਹੀਆਂ।ਇੱਥੇ ਜ਼ਿਕਰਯੋਗ ਹੈ ਕਿ ਪਹਿਲੀਆਂ ਪੰਜ ਪੁਜ਼ੀਸ਼ਨਾਂ ਲੜਕੀਆਂ ਵੱਲੋਂ ਹੀ ਹਾਸਿਲ ਕੀਤੀਆਂ ਗਈਆਂ ਹਨ ਜੋ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਜੇਕਰ ਲੜਕੀਆਂ ਦੀ ਸ਼੍ਰੇਸ਼ਟ ਪਰਵਰਿਸ਼ ਅਤੇ ਢੁਕਵੇਂ ਮੌਕੇ ਮਿਲਣ ਤਾਂ ਲੜਕੀਆਂ ਨੂੰ ਅੱਗੇ ਵਧਣ ਤੋਂ ਕੋਈ ਨਹੀਂ ਰੋਕ ਸਕਦਾ। ਡਾਇਟ ਦੇ ਬਾਕੀ ਵਿਦਿਆਰਥੀਆਂ ਨੇ ਵੀ ਵਧੀਆ ਅੰਕ ਹਾਸਿਲ ਕਰਕੇ ਮਾਪਿਆ ਦਾ ਨਾਮ ਰੌਸ਼ਨ ਕੀਤਾ। ਵਿਦਿਆਰਥੀਆਂ ਦੀ ਇਸ ਪ੍ਰਾਪਤੀ ਲਈ ਡਾਇਟ ਪ੍ਰਿੰਸੀਪਲ ਸ੍ਰੀਮਤੀ ਸੀਮਾ, ਜਮਾਤ ਇੰਚਾਰਜ ਸ਼੍ਰੀ ਗਗਨਦੀਪ ਗੱਖੜ,ਡਾਇਟ ਫੈਕਲਟੀ ਸ਼੍ਰੀਮਤੀ ਆਰਤੀ ਸਚਦੇਵਾ,ਸ਼੍ਰੀਮਤੀ ਅਮਰਜੋਤੀ ਮਾਂਗਟ,ਸ੍ਰੀ ਸਰਬ ਸ਼ਕਤੀਮਾਨ ਸਿੰਘ,ਸ੍ਰੀ ਗੌਰਵ ਮੁੰਜਾਲ, ਸ਼੍ਰੀਮਤੀ ਪਰਮਜੀਤ ਕੌਰ,ਸ੍ਰੀ ਰਾਜੀਵ ਜਿੰਦਲ,ਸ੍ਰੀ ਕਮਲ ਸ਼ਰਮਾ,ਸ਼੍ਰੀ ਗੌਰਵ ਤ੍ਰਿਖਾ, ਸ.ਹਰਿੰਦਰ ਸਿੰਘ,ਸ੍ਰੀਮਤੀ ਸੁਮਨ ਕੁਮਾਰੀ ਅਤੇ ਸ੍ਰੀ ਆਕਾਸ਼ਵੀਰ ਦਾ ਸਲਾਘਾਯੋਗ ਯੋਗਦਾਨ ਰਿਹਾ ਹੈ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਧੰਨ ਧੰਨ ਸਾਹਿਬ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਸਾਹਿਬ ਜੀ ਦੇ ਸੰਪੂਰਨਤਾ ਦਿਵਸ ਅਤੇ ਦਮਦਮੀ ਟਕਸਾਲ ਜਥੇਬੰਦੀ ਦੇ 320ਵੇਂ ਸਥਾਪਨਾ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਤਖਤ ਸ਼੍ਰੀ ਦਮਦਮਾ ਸਾਹਿਬ ( ਗੁਰੂ ਕੀ ਕਾਂਸ਼ੀ ) ਤਲਵੰਡੀ ਸਾਬੋ ( ਬਠਿੰਡਾ ) ਵਿਖੇ ਮਿਤੀ 7 ਅਗਸਤ 2026 ( 23 ਸਾਵਣ) ਸਵੇਰੇ 10 ਵਜੇ ਤੋਂ 2 ਵਜੇ ਤੱਕ ਕਰਵਾਏ ਜਾ ਰਹੇ ਹਨ ।

**ਸਮੂਹ ਸੰਗਤਾਂ ਨੂੰ ਬੇਨਤੀ ਹੈ ਇਹਨਾਂ ਸਮਾਗਮਾਂ 'ਚ ਹਾਜ਼ਰੀਆਂ ਭਰਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।**

✶ ਬੇਨਤੀ ਕਰਤਾ ✶

## ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ
## ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ

## ਸੇਂਟ ਸੋਲਜਰ ਸਕੂਲ ਵਿੱਚ

# ਇਨਵੈਸਟੀਚਰ ਸੈਰੇਮਨੀ ਸਮਾਰੋਹ ਦਾ ਆਯੋਜਨ ਕੀਤਾ ਗਿਆ



**ਜੰਡਿਆਲਾ ਗੁਰੂ 5 ਅਗਸਤ ( ਕੁਲਵੰਤ ਸਿੰਘ ਵਿਰਦੀ )**-ਕੱਲ੍ਹ ਦੇ ਨੌਜਵਾਨਾਂ ਨੂੰ ਸ਼ਕਤੀ ਪ੍ਰਦਾਨ ਕਰਨ ਲਈ ਅਤੇ ਲੀਡਰਸ਼ਿਪ ਕੁਆਲਿਟੀ ਪੈਦਾ ਕਰਨ ਲਈ ਸੇਂਟ ਸੋਲਜਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਵਿਚ ਇਨਵੈਸਟੀਚਰ ਸੈਰੇਮਨੀ ਦਾ ਆਯੋਜਨ ਕੀਤਾ ਗਿਆ। ਇਹ ਪ੍ਰੋਗਰਾਮ ਸਕੂਲ ਦੇ ਸ਼ਾਨਦਾਰ ਆਡੋਟੋਰੀਅਮ ਵਿੱਚ ਬੜੇ ਜੋਸ਼ੋ ਖਰੋਸ਼ ਅਤੇ ਉਤਸ਼ਾਹ ਨਾਲ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਬੱਚਿਆਂ ਦੇ ਮਾਤਾ ਪਿਤਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਸਮਾਗਮ ਵਿੱਚ ਸਕੂਲ ਦੇ ਗਤੀਸ਼ੀਲ ਵਿਦਿਆਰਥੀਆਂ ਨੂੰ ਉਨਾਂ ਦੀਆਂ ਲੀਡਰਸ਼ਿਪ ਭੂਮਿਕਾਵਾਂ ਸੌਂਪੀਆਂ ਗਈਆਂ। ਉਹਨਾਂ ਨੂੰ ਸੌਂਪੀਆਂ ਗਈਆਂ ਜਿੰਮੇਦਾਰੀਆਂ ਤੇ ਕਦਰਾਂ ਕੀਮਤਾਂ ਨੂੰ ਬਰਕਰਾਰ ਰੱਖਣ ਦਾ ਵਾਅਦਾ ਲਿਆ ਗਿਆ। ਨੌਜਵਾਨ ਆਗੂਆਂ ਨੂੰ ਰਸਮੀ ਤੌਰ ਤੇ ਵੱਖ-ਵੱਖ ਜਿੰਮੇਦਾਰੀਆਂ ਜਿਵੇਂ, ਹੈਡ ਬੋਏ,ਹੈਡ ਗਰਲ,ਡਿਪਟੀ ਹੈਡ ਬੋਏ ਡਿਪਟੀ ਹੈਡ ਗਰਲ,ਸਪੀਕਰ ,ਵੈਲਨੈਸ ਕੈਪਟਨ, ਕੈਂਪਸ ਰਿਸਪੋਂਸੀਬਿਲਿਟੀ ਅਮਬੈਸਡਰ, ਅਮਬੈਸਡਰ ਹਾਊਸ ਕੈਪਟਨ,ਵਾਈਸ ਹਾਊਸ ਕੈਪਟਨ ਅਤੇ ਪ੍ਰੀਫੈਕਟਸ ਦੇ ਬੈਜ ਅਤੇ ਸੈਸ਼ੇ ਨਾਲ ਸਨਮਾਨਿਤ ਕੀਤਾ ਗਿਆ। ਜੋ ਕਿ ਲੀਡਰਸ਼ਿਪ, ਅਨੁਸ਼ਾਸਨ ਅਤੇ ਜ਼ਿੰਮੇਵਾਰੀ ਅਤੇ ਸੇਵਾ ਦੇ ਮੁੱਲਾਂ ਨੂੰ ਬਰਕਰਾਰ ਰੱਖਣ ਦੀ ਉਨਾਂ ਦੀ ਵਚਨਬੱਧਤਾ ਦਾ ਪ੍ਰਤੀਕ ਹੈ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਕਰਨਲ ਕਰਨੈਲ ਸਿੰਘ (ਕਮਾਂਡਿੰਗ ਆਫਿਸਰ ਸੀ. ਓ) 11 ਪੰਜਾਬ ਬਟਾਲੀਅਨ ਐਨ.ਸੀ.ਸੀ ਅਤੇ ਉਨਾਂ ਦੀ ਧਰਮ ਪਤਨੀ ਸ਼੍ਰੀਮਤੀ ਪਰਮਿੰਦਰ ਕੌਰ ਜੀ ਉਚੇਚੇ ਤੌਰ ਤੇ ਸ਼ਾਮਿਲ ਹੋਏ। ਉਨਾਂ ਨੇ ਆਪਣੇ ਸ਼ਬਦਾਂ ਨਾਲ ਬੱਚਿਆਂ ਨੂੰ ਸਖਤ ਮਿਹਨਤ, ਲਗਨ ਅਤੇ ਇਮਾਨਦਾਰੀ ਨਾਲ ਆਪਣੇ ਮੰਜ਼ਿਲ ਨੂੰ ਪ੍ਰਾਪਤ ਕਰਨ ਦੀ ਪ੍ਰੇਰਨਾ ਦਿੱਤੀ। ਉਹਨਾਂ ਕਿਹਾ ਕਿ ਅਗਰ ਤੁਸੀਂ ਸਖਤ ਮਿਹਨਤ ਨਾਲ ਆਪਣੀ ਮੰਜ਼ਿਲ ਵੱਲ ਵਧਦੇ ਹੋ ਤਾਂ ਸਫਲਤਾ ਤੁਹਾਡੇ ਜਰੂਰ ਪੈਰ ਚੁੰਮਦੀ ਹੈ। ਇਸ ਲਈ ਆਪਣੀ ਜ਼ਿੰਦਗੀ ਨੂੰ ਬਿਹਤਰ ਬਣਾਉਣ ਲਈ ਇੱਕ ਟਾਰਗੇਟ ਰੱਖੋ ਅਤੇ ਉਸ ਟਾਰਗੇਟ ਨੂੰ ਹਾਸਲ ਕਰਨ ਲਈ ਸਖਤ ਮਿਹਨਤ ਕਰੋ। ਨਵੇਂ ਚੁਣੇ ਗਏ ਨੌਜਵਾਨ ਆਗੂਆਂ ਨੇ ਆਪਣੇ ਅਹੁਦੇ ਦੀ ਸੋਹ ਚੁੱਕੀ ਅਤੇ ਇਮਾਨਦਾਰੀ ਵਚਨਬੱਤਾ ਅਤੇ ਟੀਮ ਵਰਕ ਦੀ ਭਾਵਨਾ ਨਾਲ ਆਪਣੇ ਫਰਜ਼ ਨਿਭਾਉਣ ਦਾ ਪ੍ਰਣ ਲਿਆ। ਸਕੂਲ ਮੈਨੇਜਮੈਂਟ ਅਤੇ ਮੈਨੇਜਿੰਗ ਡਾਇਰੈਕਟਰ ਡਾ.ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ. ਅਮਰਪ੍ਰੀਤ ਕੌਰ ਜੀ ਨੇ ਨਵੀਂ ਚੁਣੀ ਗਈ ਵਿਦਿਆਰਥੀ ਪ੍ਰੀਸ਼ਦ ਅਤੇ ਹਾਊਸ ਲੀਡਰਾਂ ਨੂੰ ਵਧਾਈ ਦਿੱਤੀ ਅਤੇ ਉਨਾਂ ਨੂੰ ਆਪਣੀਆਂ ਜਿੰਮੇਦਾਰੀਆਂ ਨਿਭਾਉਣ ਵਿੱਚ ਵੱਡੀ ਸਫਲਤਾ ਦੀ ਕਾਮਨਾ ਕੀਤੀ। ਇਹ ਪ੍ਰੋਗਰਾਮ ਇੱਕ ਪ੍ਰੇਰਨਾਦਾਇਕ ਅਤੇ ਸਕੂਲ ਦੇ ਆਤਮ ਵਿਸ਼ਵਾਸੀ, ਦੂਰਦਰਸ਼ੀ ਅਤੇ ਭਵਿੱਖ ਦੇ ਨੇਤਾਵਾਂ ਅਤੇ ਆਪਣੇ ਕੰਮ ਨੂੰ ਮਿਹਨਤ ਲਗਨ ਨਾਲ ਕਰਨ ਦੀ ਭਾਵਨਾ ਨੂੰ ਦਰਸਾਉਂਦਾ ਰਿਹਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸ੍ਰੀ ਸੰਦੀਪ ਸ਼ਰਮਾ ਵਾਈਸ ਪ੍ਰਿੰਸੀਪਲ ਸ੍ਰੀਮਤੀ ਸ਼ਿਲਪਾ ਸ਼ਰਮਾ, ਕੋਆਰਡੀਨੇਟਰ ਨੀਲਾਕਸ਼ੀ ਗੁਪਤਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

**ਸਕੂਲ ਦੇ ਗਤੀਸ਼ੀਲ ਵਿਦਿਆਰਥੀਆਂ ਨੂੰ ਉਨਾਂ ਦੀਆਂ ਲੀਡਰਸ਼ਿਪ ਭੂਮਿਕਾਵਾਂ ਸੌਂਪੀਆਂ ਗਈਆਂ**

## ਵਿਦੇਸ਼ਾਂ ਵਿੱਚ ਸਖ਼ਤ ਹੋ ਰਹੇ ਸਿਆਸੀ ਕਾਨੂੰਨਾਂ ਵਿਚਕਾਰ

# ਦੋਹਰੀ ਨਾਗਰਿਕਤਾ ਦੀ ਮੰਗ ਤੇਜ਼, ਇੰਡਸ ਕੈਨੇਡਾ ਫਾਊਂਡੇਸ਼ਨ ਨੇ ਤੋੜੀ ਚੁੱਪੀ



ਚੌਕ ਮਹਿਤਾ 5 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ), ਭਾਰਤੀ ਪ੍ਰਵਾਸੀਆਂ ਅਤੇ ਐਨਆਰਆਈ ਭਾਈਚਾਰੇ ਦੀ ਨੁਮਾਇੰਦਗੀ ਕਰਨ ਵਾਲੀ ਪ੍ਰਮੁੱਖ ਸੰਸਥਾ ਇੰਡਸ ਕੈਨੇਡਾ ਫਾਊਂਡੇਸ਼ਨ (ਆਈਸੀਐੱਫ) ਨੇ ਇੰਡੀਅਨ ਓਵਰਸੀਜ਼ ਕਾਂਗਰਸ (ਆਈਓਸੀ) ਅਤੇ ਓਵਰਸੀਜ਼ ਫ੍ਰੈਂਡਜ਼ ਆਫ਼ ਭਾਜਪਾ (ਓਐੱਫਬੀਜੇਪੀ) ਤੋਂ ਲੰਬੇ ਸਮੇਂ ਤੋਂ ਲੰਬਿਤ ਦੋਹਰੀ ਨਾਗਰਿਕਤਾ ਦੇ ਮੁੱਦੇ ’ਤੇ ਆਪਣਾ ਸਪੱਸ਼ਟ ਰੁਖ ਜਨਤਕ ਕਰਨ ਦੀ ਮੰਗ ਕੀਤੀ ਹੈ। ਆਈਸੀਐੱਫ ਦੇ ਪ੍ਰਧਾਨ ਵਿਕਰਮ ਬਾਜਵਾ ਨੇ ਕਿਹਾ ਕਿ ਅਮਰੀਕਾ ਅਤੇ ਕੈਨੇਡਾ ਵਿੱਚ ਵਿਦੇਸ਼ੀ ਸਿਆਸੀ ਗਤੀਵਿਧੀਆਂ, ਲਾਬਿੰਗ ਅਤੇ ਸਿਆਸੀ ਫੰਡਿੰਗ ਨਾਲ ਸਬੰਧਤ ਕਾਨੂੰਨਾਂ ਦੇ ਸਖ਼ਤ ਲਾਗੂ ਹੋਣ ਕਾਰਨ ਵਿਦੇਸ਼ਾਂ ਵਿੱਚ ਰਹਿੰਦੇ ਭਾਰਤੀਆਂ ਦੀ ਸਿਆਸੀ ਭਾਗੀਦਾਰੀ ਦਾ ਸਰੂਪ ਬਦਲ ਰਿਹਾ ਹੈ। ਅਜਿਹੇ ਹਾਲਾਤਾਂ ਵਿੱਚ ਭਾਰਤ ਨੂੰ ਦੋਹਰੀ ਨਾਗਰਿਕਤਾ ਦੇ ਮੁੱਦੇ ’ਤੇ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ, ਤਾਂ ਜੋ ਪ੍ਰਵਾਸੀ ਭਾਰਤੀ ਆਪਣੇ ਨਿਵਾਸ ਵਾਲੇ ਦੇਸ਼ਾਂ ਦੇ ਕਾਨੂੰਨਾਂ ਦੀ ਪੂਰੀ ਪਾਲਣਾ ਕਰਦੇ ਹੋਏ ਭਾਰਤ ਨਾਲ ਆਪਣਾ ਸੰਵਿਧਾਨਕ ਅਤੇ ਲੋਕਤੰਤਰੀ ਰਿਸ਼ਤਾ ਕਾਇਮ ਰੱਖ ਸਕਣ। ਬਾਜਵਾ ਨੇ ਕਿਹਾ ਕਿ ਅਮਰੀਕਾ ਵਿੱਚ ਫਾਰਨ ਏਜੰਟਸ ਰਜਿਸਟ੍ਰੇਸ਼ਨ ਐਕਟ ਦੇ ਸਖ਼ਤ ਲਾਗੂ ਹੋਣ ਅਤੇ ਕੈਨੇਡਾ ਵਿੱਚ ਵਿਦੇਸ਼ੀ ਸਿਆਸੀ ਗਤੀਵਿਧੀਆਂ ਉੱਤੇ ਵਧ ਰਹੀ ਨਿਗਰਾਨੀ ਕਾਰਨ ਹੁਣ ਪ੍ਰਵਾਸੀ ਭਾਰਤੀਆਂ ਅਤੇ ਭਾਰਤੀ ਸਿਆਸੀ ਪਾਰਟੀਆਂ ਨਾਲ ਜੁੜੀਆਂ ਵਿਦੇਸ਼ੀ ਸੰਸਥਾਵਾਂ ਨੂੰ ਪੂਰੀ ਪਾਰਦਰਸ਼ਤਾ ਅਤੇ ਕਾਨੂੰਨੀ ਜ਼ਿੰਮੇਵਾਰੀਆਂ ਦੇ ਦਾਇਰੇ ਵਿੱਚ ਰਹਿ ਕੇ ਕੰਮ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਇਹ ਕੋਈ ਅਸਥਾਈ ਤਬਦੀਲੀ ਨਹੀਂ, ਸਗੋਂ ਵਿਸ਼ਵ ਪੱਧਰੀ ਲੋਕਤੰਤਰੀ ਪ੍ਰਣਾਲੀ ਵਿੱਚ ਆਇਆ ਸਥਾਈ ਬਦਲਾਅ ਹੈ। ਆਈਸੀਐੱਫ ਦਾ ਮੰਨਣਾ ਹੈ ਕਿ ਇਨ੍ਹਾਂ ਹਾਲਾਤਾਂ ਦਾ ਅਸਰ ਸਾਲ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਪ੍ਰਵਾਸੀ ਭਾਰਤੀਆਂ ਦੀ ਭਾਗੀਦਾਰੀ ’ਤੇ ਵੀ ਪੈ ਸਕਦਾ ਹੈ, ਕਿਉਂਕਿ ਹੁਣ ਉਨ੍ਹਾਂ ਨੂੰ ਵਿਦੇਸ਼ੀ ਦੇਸ਼ਾਂ ਦੇ ਕਾਨੂੰਨਾਂ ਦੇ ਦਾਇਰੇ ਵਿੱਚ ਰਹਿ ਕੇ ਹੀ ਸਿਆਸੀ ਗਤੀਵਿਧੀਆਂ ਕਰਨੀ ਪੈਣਗੀਆਂ। ਬਾਜਵਾ ਨੇ ਸਵਾਲ ਉਠਾਇਆ ਕਿ ਭਾਰਤ ਦੀਆਂ ਦੋ ਪ੍ਰਮੁੱਖ ਸਿਆਸੀ ਪਾਰਟੀਆਂ ਦੇ ਵਿਦੇਸ਼ੀ ਸੰਗਠਨ ਇੰਡੀਅਨ ਓਵਰਸੀਜ਼ ਕਾਂਗਰਸ ਅਤੇ ਓਵਰਸੀਜ਼ ਫ੍ਰੈਂਡਜ਼ ਆਫ਼ ਭਾਜਪਾ ਨੇ ਹੁਣ ਤੱਕ ਦੋਹਰੀ ਨਾਗਰਿਕਤਾ ਵਰਗੇ ਮਹੱਤਵਪੂਰਨ ਮੁੱਦੇ ’ਤੇ ਆਪਣਾ ਰੁਖ ਸਪੱਸ਼ਟ ਕਿਉਂ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਜੇਕਰ ਇਹ ਸੰਗਠਨ ਸੱਚਮੁੱਚ ਵਿਦੇਸ਼ਾਂ ਵਿੱਚ ਰਹਿੰਦੇ ਭਾਰਤੀਆਂ ਦੀ ਨੁਮਾਇੰਦਗੀ ਕਰਦੇ ਹਨ ਤਾਂ ਉਨ੍ਹਾਂ ਨੂੰ ਸਪੱਸ਼ਟ ਤੌਰ ’ਤੇ ਦੱਸਣਾ ਚਾਹੀਦਾ ਹੈ ਕਿ ਉਹ ਦੋਹਰੀ ਨਾਗਰਿਕਤਾ ਦੇ ਹੱਕ ਵਿੱਚ ਹਨ ਜਾਂ ਇਸ ਦੇ ਵਿਰੋਧ ਵਿੱਚ। ਕਰੋੜਾਂ ਐਨਆਰਆਈ ਇਹ ਜਾਣਨ ਦੇ ਹੱਕਦਾਰ ਹਨ ਕਿ ਇਸ ਮਹੱਤਵਪੂਰਨ ਮੁੱਦੇ ’ਤੇ ਉਨ੍ਹਾਂ ਦਾ ਅਧਿਕਾਰਤ ਰੁਖ ਕੀ ਹੈ। ਬਾਜਵਾ ਨੇ ਖ਼ਾਸ ਤੌਰ ’ਤੇ ਆਈਓਸੀ ਦੇ ਚੇਅਰਮੈਨ ਸੈਮ ਪਿਤਰੋਦਾ, ਭਾਗ ਚੰਦ ਗਰਗ, ਆਰਤੀ ਕ੍ਰਿਸ਼ਨਾ ਅਤੇ ਓਐੱਫਬੀਜੇਪੀ ਦੇ ਚੇਅਰਮੈਨ ਵਿਜੈ ਚੌਥਾਈਵਾਲੇ ਨੂੰ ਅਪੀਲ ਕੀਤੀ ਕਿ ਉਹ ਦੋਹਰੀ ਨਾਗਰਿਕਤਾ ਦੇ ਮੁੱਦੇ ’ਤੇ ਆਪਣੀਆਂ ਸੰਸਥਾਵਾਂ ਦਾ ਰੁਖ ਜਨਤਕ ਕਰਨ ਅਤੇ ਇਸ ਸਬੰਧੀ ਭਾਰਤ ਸਰਕਾਰ ਅੱਗੇ ਸਕਾਰਾਤਮਕ ਪਹਿਲ ਕਰਨ। ਉਨ੍ਹਾਂ ਕਿਹਾ ਕਿ ਜੇ ਉਹ ਦੋਹਰੀ ਨਾਗਰਿਕਤਾ ਦੇ ਹੱਕ ਵਿੱਚ ਹਨ ਤਾਂ ਖੁੱਲ੍ਹ ਕੇ ਇਸ ਦੀ ਵਕਾਲਤ ਕਰਨ ਅਤੇ ਜੇ ਵਿਰੋਧ ਵਿੱਚ ਹਨ ਤਾਂ ਵਿਸ਼ਵ ਭਰ ਦੇ ਭਾਰਤੀ ਭਾਈਚਾਰੇ ਨੂੰ ਇਸ ਦੇ ਕਾਰਨ ਵੀ ਦੱਸਣ। ਉਨ੍ਹਾਂ ਕਿਹਾ ਕਿ ਇੰਨੇ ਮਹੱਤਵਪੂਰਨ ਮੁੱਦੇ ’ਤੇ ਲਗਾਤਾਰ ਚੁੱਪੀ ਪ੍ਰਵਾਸੀ ਭਾਰਤੀਆਂ ਵਿੱਚ ਕਈ ਸਵਾਲ ਖੜ੍ਹੇ ਕਰ ਰਹੀ ਹੈ। ਆਈਸੀਐੱਫ ਨੇ ਸਪੱਸ਼ਟ ਕੀਤਾ ਕਿ ਦੋਹਰੀ ਨਾਗਰਿਕਤਾ ਦੀ ਮੰਗ ਦਾ ਮਕਸਦ ਕਿਸੇ ਵੀ ਦੇਸ਼ ਦੇ ਕਾਨੂੰਨਾਂ ਤੋਂ ਬਚਣਾ ਨਹੀਂ ਹੈ, ਸਗੋਂ ਵਿਦੇਸ਼ਾਂ ਵਿੱਚ ਰਹਿੰਦੇ ਭਾਰਤੀਆਂ ਨੂੰ ਭਾਰਤ ਨਾਲ ਹੋਰ ਮਜ਼ਬੂਤ ਸੰਵਿਧਾਨਕ ਅਤੇ ਲੋਕਤੰਤਰੀ ਰਿਸ਼ਤਾ ਪ੍ਰਦਾਨ ਕਰਨਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## 7 ਅਗਸਤ ਦੀ ਮਹਾਂ ਰੈਲੀ ’ਚ ਸਮੁੱਚੇ ਪੰਜਾਬ ਚੋਂ ਵੱਡੀ ਗਿਣਤੀ ’ਚ ਚੰਡੀਗੜ੍ਹ ਪੁੱਜਣਗੇ ਸੇਵਾ ਮੁਕਤ ਪਟਵਾਰੀ, ਕਾਨੂੰਗੋ, ਨਾਇਬ ਤਹਿਸੀਲਦਾਰ ਨਿਰਮਲਜੀਤ ਸਿੰਘ ਬਾਜਵਾ, ਕੁਲਵੰਤ ਸਿੰਘ ਡੇਹਰੀਵਾਲ



ਜੰਡਿਆਲਾ ਗੁਰੂ 5 ਅਗਸਤ ( ਕੁਲਵੰਤ ਸਿੰਘ ਵਿਰਦੀ )ਸਾਝਾਂ ਮੁਲਾਜ਼ਮ ਮੰਚ ਪੰਜਾਬ ਵਾ ਮੁਲਾਜਮ ਤੇ ਪੈਨਸ਼ਨਰਜ ਫਰੰਟ ਪੰਜਾਬ ਦੇ ਸੱਦੇ ਤੇ ਸਮੁੱਚਾ ਮੁਲਾਜ਼ਮ ਵਰਗ ਆਪਣੇ ਬੁਨਿਆਦੀ ਹੱਕਾਂ ਦੀ ਪ੍ਰਾਪਤੀ ਲਈ 7 ਅਗਸਤ ਨੂੰ 39 ਸੈਕਟਰ ਦਾਣਾ ਮੰਡੀ ਚੰਡੀਗੜ੍ਹ ਵਿੱਖੇ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਦੇ ਵਿਰੁੱਧ ਇੱਕ ਮਹਾਂ ਰੈਲੀ ਕਰ ਰਿਹਾ ਹੈ, ਜੋ ਕਿ ਸੰਨ 1947 ਤੋਂ ਲੈ ਕੇ ਹੁਣ ਤੱਕ ਦੀ ਸਭ ਤੋਂ ਵੱਡੀ ਇਤਿਹਾਸਕ ਮੁਲਾਜ਼ਮ ਰੈਲੀ ਹੋ ਨਿਬੜੇਗੀ । ਜਿਸ ਵਿੱਚ ਸਾਰੇ ਪੰਜਾਬ ਭਰ ਤੋਂ ਸੇਵਾ ਮੁਕਤ ਪਟਵਾਰੀ, ਕਾਨੂੰਗੋ ਸਹਿਬਾਨ, ਨਾਇਬ ਤਹਿਸੀਲਦਾਰ ਸਹਿਬਾਨ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਣਗੇ । ਇਸ ਸਬੰਧੀ ਸਮੁੱਚੇ ਪੰਜਾਬ ਵਿੱਚ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ । ਸੇਵਾ ਮੁਕਤ ਸਾਥੀਆਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ । ਅਗਰ ਇਸ ਮਹਾਂ ਰੈਲੀ ਉਪਰੰਤ ਵੀ ਸਰਕਾਰ ਦੇ ਕੰਨਾਂ ਤੇ ਜੂੰ ਨਾਂ ਸਰਕੀ ਤਾਂ ਸਰਕਾਰ ਵਿਰੁੱਧ ਸਖ਼ਤ ਤੋਂ ਸਖਤ ਐਕਸ਼ਨ ਉਲੀਕੇ ਜਾਣਗੇ ਅਹਿਮ ਮੰਗਾਂ ਵਿੱਚ ਸਾਝਾਂ ਮੁਲਾਜਮ ਵਰਗ ਮੰਗ ਕਰਦਾ ਹੈ ,ਕਿ ਸਾਝੇਂ ਮੁਲਾਜ਼ਮ ਵਰਗ ਦੀਆਂ ਹੇਠ ਲਿਖੀਆਂ ਮੰਗਾਂ ਤੁਰੰਤ ਮੰਨ ਕੇ ਲਾਗੂ ਕੀਤੀਆਂ ਜਾਣ ।( ੳ ) ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ। ( ਅ )2.59 ਦੇ ਗੁਣਾਂਕ ਨਾਲ ਪੈਅ ਕਮਿਸ਼ਨ ਦੇ ਬਕਾਏ ਯੱਕ ਮੁਸ਼ਤ ਜਾਰੀ ਕੀਤੇ ਜਾਣ ।( ੲ ) ਮੁਲਾਜ਼ਮਾਂ ਤੇ 200/- ਰੁਪੈ ਪ੍ਰਤੀ ਮਹੀਨਾ ਲਾਇਆ ਜਜ਼ੀਆ ਟੈਕਸ ਬੰਦ ਕੀਤਾ ਜਾਵੇ ।( ਸ ) 18% ਮਹਿੰਗਾਈ ਭੱਤਾ ਜਾਰੀ ਕੀਤਾ ਜਾਵੇ ।( ਹ ) ਪ੍ਰੋਬੇਸ਼ਨ ਪ੍ਰੀਅਡ ਬੰਦ ਕੀਤਾ ਜਾਵੇ ।( ਕ ) ਕੇਂਦਰੀ ਸਕੇਲ ਰੱਦ ਕਰਕੇ ਪੰਜਾਬ ਸਕੇਲ ਲਾਗੂ ਕੀਤੇ ਜਾਣ ।( ਖ ) ਹਰ ਤਰ੍ਹਾਂ ਦੇ ਕੱਚੇ, ਠੇਕਾ ਅਧਾਰਿਤ, ਆਊਟਸੋਰਸ ਮੁਲਾਜ਼ਮਾਂ ਨੂੰ ਪੱਕਿਆਂ ਕੀਤਾ ਜਾਵੇ ।ਇਸ ਓਹਨਾਂ ਨਾਲ ਬਹੁਤ ਸਾਰੇ ਰਿਟਾਇਰਡ ਸਾਥੀ ਸਹਿਬਾਨ ਵੀ ਹਾਜ਼ਰ ਸਨ।।

# ਵੇਰਕਾ ਦੁੱਧ ਉਤਪਾਦਕਾਂ ਅਤੇ ਸੈਕਟਰੀਆਂ ਦੀਆਂ ਮੰਗਾਂ ਨੂੰ ਪਹਿਲ ਦੇ ਆਧਾਰ ’ਤੇ ਹੱਲ ਕੀਤਾ ਜਾਵੇਗਾ: ਓਐਸਡੀ ਸੁਖਵੀਰ ਸਿੰਘ ਸੁੱਖੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਵੇਰਕਾ ਮਿਲਕ ਪਲਾਂਟ ਸੰਗਰੂਰ ਦੇ ਦੁੱਧ ਉਤਪਾਦਕਾਂ ਅਤੇ ਸੈਕਟਰੀਆਂ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਨੂੰ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ ਦੀ ਅਗਵਾਈ ਹੇਠ ਇਕ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਕਿਹਾ ਹੈ ਕਿ ਵੇਰਕਾ ਮਿਲਕ ਪਲਾਂਟ ਦੇ ਦੁੱਧ ਉਤਪਾਦਕਾਂ ਅਤੇ ਡਾਇਰੀਆਂ ਦੇ ਸੈਕਟਰੀਆਂ ਦੀਆਂ ਜੋ ਵੀ ਮੰਗਾਂ ਹਨ ਉਹਾਂ ਨੂੰ ਪਹਿਲ ਦੇ ਆਧਾਰ ਤੇ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਸਾਬ ਨਾਲ ਗੱਲ ਕਰਕੇ ਹੱਲ ਕੀਤਾ ਜਾਵੇਗਾ। ਇਸ ਮੌਕੇ ਉੱਘੇ ਸਮਾਜ ਸੇਵੀ ਹਰਜਿੰਦਰ ਸਿੰਘ ਕਾਂਝਲਾ ਮੈਂਬਰ ਜਿਲ੍ਹਾ ਪ੍ਰੀਸ਼ਦ ਡਾਇਰੈਕਟਰ ਵੇਰਕਾ ਮਿਲਕ ਪਲਾਂਟ ਸੰਗਰੂਰ ਵੇਰਕਾ ਮਿਲਕ ਪਲਾਂਟ ਅਤੇ ਦੁੱਧ ਉਤਪਾਦਕ ਪਿੰਡਾਂ ਵਿੱਚ ਚੱਲ ਰਹੀਆਂ ਵੇਰਕਾ ਡਾਇਰੀਆਂ ਦੇ ਸੈਕਟਰੀ ਹਮੇਸ਼ਾ ਹੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੇ ਹਨ, ਆਉਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਇਹ ਪਿੰਡਾਂ ਚ ਦੁੱਧ ਉਤਪਾਦਕ ਅਤੇ ਸੈਕਟਰੀ ਇਕੱਠੇ ਹੋ ਕੇ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਵੱਧ ਤੋਂ ਵੱਧ ਵੋਟਾਂ ਪਵਾ ਕੇ ਆਪ ਦੇ ਉਮੀਦਵਾਰਾਂ ਨੂੰ ਕਾਮਯਾਬ ਬਣਾਉਣ ਵਿੱਚ ਆਪਣਾ ਅਹਿਮ ਯੋਗਦਾਨ ਪਾਉਣਗੇ ।

## ਡੈਂਗੂ ,ਚਿਕਨਗੁਨੀਆ, ਮਲੇਰੀਆ ਬੁਖਾਰ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ



ਧੂਰੀ ( ਰਣਜੀਤ ਸਿੰਘ ਪੇਧਨੀ ) ਸਿਵਲ ਸਰਜਨ ਡਾ. ਅਮਰਜੀਤ ਕੌਰ ਜੀ ਦੇ ਦਿਸ਼ਾ ਨਿਰਦੇਸ਼ਾ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਰਮਨਦੀਪ ਕੌਰ ਜੀ ਅਤੇ ਐਸ ਐਮ ਓ ਡਾਕਟਰ ਜਸਦੀਪ ਸਿੰਘ ਜੀ ਦੀ ਯੋਗ ਅਗਵਾਈ ਅਤੇ ਅਸ਼ੋਕ ਕੁਮਾਰ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਆਧੀਨ ਆਉਂਦੇ ਪਿੰਡ ਧੰਦੀਵਾਲ ਵਿਖੇ ਟੀਮ ਮੈਬਰ ਗੁਰਵਿੰਦਰ ਸਿੰਘ ਮ,ਪ,ਹ,ਵ(ਮ) ਵੱਲੋਂ ਗਰਮੀ ਦੇ ਬਚਾਓ ਅਤੇ ਬਿਮਾਰੀਆਂ ਡੈਂਗੂ,ਚਿਕਨਗੁਨੀਆ,ਮਲੇਰੀਆ ਬੁਖਾਰ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਅਤੇ ਡੇਂਗੂ ਦਾ ਲਾਰਵਾ ਲੱਭਣ ਤੇ ਨਸ਼ਟ ਕਰਨ ਲਈ ਗਠਿਤ ਸਿਹਤ ਵਿਭਾਗ ਦੀਆਂ ਟੀਮ ਵੱਲੋਂ ਵੈਕਟਰ ਬੌਰਨ ਡਜ਼ੀਜ ਐਕਟੀਵਿਟੀ ਕੀਤੀ ਗਈ ਅਤੇ ਡੈਂਗੂ ਦੇ ਖ਼ਾਤਮੇ ਲਈ ਲਾਰਵੀਸਾਈਡ ਦੀ ਸਪਰੇਅ ਕਰਵਾਈ ਗਈ ਟੀਮ ਮੈਂਬਰ ਲਖਵਿੰਦਰ ਸਿੰਘ ਬਰੀਡ ਚੈਕਰ ਹਾਜਰ ਸਨ।

ਭਗਤ ਪੂਰਨ ਸਿੰਘ ਜੀ ਦੀ ਯਾਦ ਵਿੱਚ ਸ਼ਰਧਾਂਜਲੀ ਸਮਾਗਮ

# ਮਨੁੱਖਤਾ ਅਤੇ ਵਾਤਾਵਰਨ ਸੰਭਾਲ ਦਾ ਦਿੱਤਾ ਸੰਦੇਸ਼










**ਅੰਮ੍ਰਿਤਸਰ, 5 ਅਗਸਤ (ਆਵਾਜ਼ਿ ਕੌਮ ਬਿਊਰੋ)**-ਪਿੰਗਲਵਾੜਾ ਵਿਖੇ ਭਾਈ ਸਾਹਿਬ ਭਗਤ ਪੂਰਨ ਸਿੰਘ ਜੀ ਦੀ 34ਵੀਂ ਬਰਸੀ ਮੌਕੇ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। ਸਮਾਗਮ ਦੌਰਾਨ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਸਾਹਿਤਕ ਸ਼ਖ਼ਸੀਅਤਾਂ ਨੇ ਸ਼ਿਰਕਤ ਕਰਦਿਆਂ ਭਗਤ ਪੂਰਨ ਸਿੰਘ ਜੀ ਦੇ ਜੀਵਨ, ਵਿਚਾਰਾਂ ਅਤੇ ਮਨੁੱਖਤਾ ਲਈ ਪਾਏ ਅਮੁੱਲੇ ਯੋਗਦਾਨ ਨੂੰ ਯਾਦ ਕੀਤਾ। ਇਸ ਮੌਕੇ ਸਿੱਖ ਚਿੰਤਕ ਅਤੇ ਵਿਦਵਾਨ ਸਰਦਾਰ ਭਗਵਾਨ ਸਿੰਘ ਜੋਹਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਭਗਤ ਪੂਰਨ ਸਿੰਘ ਜੀ ਦਾ ਸਮੁੱਚਾ ਜੀਵਨ ਮਨੁੱਖਤਾ ਦੀ ਨਿਰਸਵਾਰਥ ਸੇਵਾ, ਬੇਸਹਾਰਿਆਂ ਦੀ ਸੰਭਾਲ ਅਤੇ ਵਾਤਾਵਰਨ ਦੀ ਰੱਖਿਆ ਲਈ ਸਮਰਪਿਤ ਰਿਹਾ। ਉਨ੍ਹਾਂ ਕਿਹਾ ਕਿ ਭਗਤ ਪੂਰਨ ਸਿੰਘ ਜੀ ਪਾਣੀ, ਹਵਾ ਅਤੇ ਧਰਤੀ ਨੂੰ ਜੀਵਨ ਦਾ ਅਨਮੋਲ ਆਧਾਰ ਮੰਨਦੇ ਸਨ ਅਤੇ ਸਮਾਜ ਨੂੰ ਕੁਦਰਤ ਨਾਲ ਪਿਆਰ ਕਰਨ ਦਾ ਸੰਦੇਸ਼ ਦਿੰਦੇ ਰਹੇ। ਉਨ੍ਹਾਂ ਕਿਹਾ ਕਿ ਭਗਤ ਪੂਰਨ ਸਿੰਘ ਜੀ ਵੀਹਵੀਂ ਸਦੀ ਦੇ ਮਹਾਨ ਚਿੰਤਕ, ਵਾਤਾਵਰਨ ਪ੍ਰੇਮੀ ਅਤੇ ਸੱਚੇ ਸਮਾਜ ਸੇਵਕ ਸਨ, ਜਿਨ੍ਹਾਂ ਦਾ ਜੀਵਨ ਅੱਜ ਵੀ ਸਮਾਜ ਲਈ ਪ੍ਰੇਰਣਾ ਦਾ ਸਰੋਤ ਹੈ ਅਤੇ ਉਨ੍ਹਾਂ ਦੇ ਵਿਚਾਰ ਆਉਣ ਵਾਲੀਆਂ ਪੀੜ੍ਹੀਆਂ ਨੂੰ ਸੇਵਾ, ਦਇਆ ਅਤੇ ਮਨੁੱਖਤਾ ਦੇ ਰਾਹ 'ਤੇ ਚੱਲਣ ਲਈ ਪ੍ਰੇਰਿਤ ਕਰਦੇ ਰਹਿਣਗੇ। ਸਮਾਗਮ ਦੌਰਾਨ ਭਗਤ ਪੂਰਨ ਸਿੰਘ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਿਤ ਦੋ ਪੁਸਤਕਾਂ ਵੀ ਲੋਕ ਅਰਪਣ ਕੀਤੀਆਂ ਗਈਆਂ, ਜਿਨ੍ਹਾਂ ਨੂੰ ਵੱਖ-ਵੱਖ ਲੇਖਕਾਂ ਵੱਲੋਂ ਲਿਖਿਆ ਗਿਆ ਹੈ। ਸਮਾਗਮ ਵਿੱਚ ਪਿੰਗਲਵਾੜਾ ਦੇ ਪ੍ਰਬੰਧਕ, ਧਾਰਮਿਕ ਆਗੂ, ਸਾਹਿਤਕਾਰ ਅਤੇ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਿਰਕਤ ਕਰਕੇ ਭਗਤ ਪੂਰਨ ਸਿੰਘ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।

**ਭਗਤ ਪੂਰਨ ਸਿੰਘ ਜੀ ਦਾ ਸਮੁੱਚਾ ਜੀਵਨ ਮਨੁੱਖਤਾ ਦੀ ਨਿਰਸਵਾਰਥ ਸੇਵਾ, ਬੇਸਹਾਰਿਆਂ ਦੀ ਸੰਭਾਲ ਅਤੇ ਵਾਤਾਵਰਨ ਦੀ ਰੱਖਿਆ ਲਈ ਸਮਰਪਿਤ ਰਿਹਾ : ਸਿੱਖ ਚਿੰਤਕ ਅਤੇ ਵਿਦਵਾਨ ਸਰਦਾਰ ਭਗਵਾਨ ਸਿੰਘ ਜੋਹਲ**

# ਝਾੜ ਸਾਹਿਬ ਕਾਲਜ ਦੇ ਨਵੇਂ ਸੈਸ਼ਨ ਦੀ ਸ਼ੁਰੂਆਤ, ਧਾਰਮਿਕ ਸਮਾਗਮ ਦਾ ਆਯੋਜਨ

ਮਾਛੀਵਾੜਾ ਸਾਹਿਬ, 5 ਅਗਸਤ (ਆਵਾਜ਼ਿ ਕੌਮ ਬਿਊਰੋ)-ਇਲਾਕੇ ਵਿੱਚ ਕੇਵਲ ਲੜਕੀਆਂ ਲਈ ਸਫ਼ਲਤਾਪੂਰਵਕ ਚੱਲ ਰਹੀ ਵਿੱਦਿਅਕ ਸੰਸਥਾ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫ਼ਾਰ ਵਿਮੈਨ, ਝਾੜ ਸਾਹਿਬ ਵੱਲੋਂ ਨਵੇਂ ਵਿੱਦਿਅਕ ਸੈਸ਼ਨ 2026-27 ਦੀ ਆਰੰਭਤਾ ਕਾਲਜ ਪ੍ਰਿੰਸੀਪਲ ਡਾ.ਰਜਿੰਦਰ ਕੌਰ ਅਤੇ ਬੀਬੀ ਬਲਜਿੰਦਰ ਕੌਰ, ਧਾਰਮਿਕ ਅਧਿਆਪਕ ਦੀ ਅਗਵਾਈ ਹੇਠ ਸ੍ਰੀ ਸਹਿਜ ਪਾਠ ਜੀ ਦੇ ਭੋਗ ਪਾ ਕੇ ਕੀਤੀ ਗਈ। ਗੁਰਦੁਆਰਾ ਸ੍ਰੀ ਝਾੜ ਸਾਹਿਬ ਵਿਖੇ ਕਰਵਾਏ ਗਏ ਸਮਾਗਮ ਵਿੱਚ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਉਪਰੰਤ ਕਾਲਜ ਦੇ ਸੰਗੀਤ ਵਿਭਾਗ ਦੇ ਪ੍ਰੋਫੈਸਰ ਡਾ.ਅਮਨਪ੍ਰੀਤ ਕੌਰ ਕੰਗ ਅਤੇ ਵਿਭਾਗ ਦੀਆਂ ਵਿਦਿਆਰਥਣਾਂ ਵੱਲੋਂ ਗੁਰਬਾਣੀ ਦਾ ਰਸ ਭਿੰਨਾ ਕੀਰਤਨ ਕੀਤਾ ਗਿਆ। ਕਾਲਜ ਪ੍ਰਿੰਸੀਪਲ ਡਾ.ਰਜਿੰਦਰ ਕੌਰ ਨੇ ਦਾਖਲਾ ਲੈਣ ਵਾਲੀਆਂ ਸਾਰੀਆਂ ਵਿਦਿਆਰਥਣਾਂ ਨੂੰ ਮੁਬਾਰਕਬਾਦ ਦਿੱਤੀ ਤੇ ਅਕਾਦਮਿਕ ਖੇਤਰ ਵਿੱਚ ਨਾਮਣਾ ਖੱਟਣ ਵਾਲੀਆਂ ਵਿਦਿਆਰਥਣਾਂ ਦੀ ਪ੍ਰਸ਼ੰਸਾ ਕਰਦੇ ਹੋਏ ਹੋਣਹਾਰ ਵਿਦਿਆਰਥਣਾਂ ਦਾ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਪਟਿਆਲਾ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਵਿਸ਼ੇਸ਼ ਸਨਮਾਨ ਕਰਨ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ।ਉਹਨਾਂ ਕਿਹਾ ਕਿ ਵਿਦਿਆਰਥੀ ਜੀਵਨ ਵਿੱਚ ਸਖ਼ਤ ਮਿਹਨਤ ਕਰਦਿਆਂ ਹੀ ਮੰਜ਼ਿਲਾਂ ਨੂੰ ਹਾਸਲ ਕੀਤਾ ਜਾ ਸਕਦਾ ਹੈ ਜਿਸ ਦੀ ਸ਼ੁਰੂਆਤ ਸਕੂਲੀ ਪੜ੍ਹਾਈ ਤੋਂ ਹੁੰਦੀ ਹੈ ਪਰ ਸੁਪਨਿਆਂ ਨੂੰ ਖੰਭ ਕਾਲਜ ਵਿੱਚ ਆ ਕੇ ਲਗਦੇ ਹਨ।ਉਹਨਾਂ ਅੰਦਰਲੇ ਵਿਕਾਰਾਂ ਨੂੰ ਤਿਆਗ ਕੇ ਸਦਗੁਣ ਅਪਨਾਉਣ ਦਾ ਸੁਨੇਹਾ ਵੀ ਦਿੱਤਾ। ਇਸ ਮੌਕੇ ਵਿਸ਼ੇਸ ਤੌਰ 'ਤੇ ਪੁੱਜੇ ਸ.ਪਰਮਜੀਤ ਸਿੰਘ ਢਿੱਲੋਂ ਹਲਕਾ ਇੰਚਾਰਜ ਸਮਰਾਲਾ ਸ਼੍ਰੋਮਣੀ ਅਕਾਲੀ ਦਲ ਅਤੇ ਮੈਂਬਰ ਕਾਲਜ ਲੋਕਲ ਮੈਨੇਜਮੈਂਟ ਕਮੇਟੀ ਨੇ ਵਿਦਿਆਰਥਣਾਂ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕਰਦੇ ਹੋਏ ਉਹਨਾਂ ਨੂੰ ਹਰ ਖੇਤਰ ਵਿੱਚ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ।ਉਹਨਾਂ ਕਿਹਾ ਕਿ ਸਿੱਖਿਆ ਸਿਰਫ਼ ਡਿਗਰੀ ਪ੍ਰਾਪਤ ਕਰਨ ਦਾ ਸਾਧਨ ਨਹੀ ਸਗੋਂ ਚੰਗੇ ਚਰਿੱਤਰ ਨਿਰਮਾਣ, ਸੋਚ ਅਤੇ ਸਮਾਜ ਸੇਵਾ ਦਾ ਆਧਾਰ ਹੈ।ਉਹਨਾਂ ਇਮਾਨਦਾਰੀ, ਨਿਮਰਤਾ,ਸਤਿਕਾਰ ਅਤੇ ਜ਼ਿੰਮੇਵਾਰੀ ਵਰਗੇ ਗੁਣਾਂ ਨੂੰ ਜੀਵਨ ਵਿੱਚ ਅਪਣਾਉਣ ਦੀ ਪ੍ਰੇਰਨਾ ਦਿੱਤੀ।ਬੀਬੀ ਪਰਮਜੀਤ ਕੌਰ ਕੰਗ ਸਾਬਕਾ ਕੌਂਸਲਰ ਸਮਰਾਲਾ ਵੱਲੋਂ ਕਾਲਜ ਦੀਆਂ ਮਾਣਮੱਤੀਆਂ ਪ੍ਰਾਪਤੀਆਂ ਦੀ ਸ਼ਲਾਘਾ ਕਰਦੇ ਹੋਏ ਕਾਲਜ ਵਿਦਿਆਰਥਣਾਂ, ਪ੍ਰਿੰਸੀਪਲ, ਸਟਾਫ਼ ਅਤੇ ਮੈਨੇਜਮੈਂਟ ਦੇ ਅਣਥੱਕ ਯਤਨਾਂ ਨੂੰ ਵਡਿਆਇਆ ਗਿਆ।ਸਾਹਰ ਕੌਰ ਸਿੱਧੂ ਪ੍ਰਧਾਨ, ਇਸਤਰੀ ਵਿੰਗ ਸ਼੍ਰੋਮਣੀ ਅਕਾਲੀ ਦਲ, ਸਮਰਾਲਾ ਨੇ ਵਿਦਿਆਰਥਣਾਂ ਨੂੰ ਜੀਵਨ ਵਿੱਚ ਚੰਗੇ ਮੁਕਾਮ ਹਾਸਲ ਕਰਕੇ ਆਪਣੇ ਪੈਰਾਂ 'ਤੇ ਖੜ੍ਹੇ ਹੋ ਕੇ ਕਾਲਜ, ਮਾਪਿਆਂ ਅਤੇ ਇਲਾਕੇ ਦਾ ਨਾਮ ਰੌਸ਼ਨ ਕਰਨ ਲਈ ਹੱਲਾਸ਼ੇਰੀ ਦਿੱਤੀ।ਕਾਲਜ ਦੀ ਲੋਕਲ ਕਮੇਟੀ ਦੇ ਆਨਰੇਰੀ ਐਡੀਸ਼ਨਲ ਸਕੱਤਰ ਸ. ਹਰਜਤਿੰਦਰ ਸਿੰਘ ਬਾਜਵਾ ਨੇ ਸਮਾਗਮ ਵਿੱਚ ਪੁੱਜੀਆਂ ਸਖ਼ਸ਼ੀਅਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਕਾਲਜ ਵਿਖੇ ਕਿਸੇ ਵੀ ਕਾਰਜ ਦਾ ਆਰੰਭ ਗੁਰੂ ਸਾਹਿਬ ਦਾ ਓਟ ਆਸਰਾ ਲੈ ਕੇ ਕੀਤਾ ਜਾਂਦਾ ਹੈ 'ਤੇ ਅੱਜ ਦੇ ਸਮਾਗਮ ਵੀ ਨਵੇਂ ਸੈਸ਼ਨ ਦੀ ਆਰੰਭਤਾ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਸ਼ੀਰਵਾਦ ਪ੍ਰਾਪਤ ਕਰਨ ਤੇ ਕਾਲਜ ਦੀ ਚੜ੍ਹਦੀ ਕਲਾ ਲਈ ਆਯੋਜਿਤ ਕੀਤੇ ਗਏ ਹਨ।ਇਸ ਮੌਕੇ ਸ.ਅਵਤਾਰ ਸਿੰਘ ਰਿਆ ਸਾਬਕਾ ਜੂਨੀਅਰ ਪ੍ਰਧਾਨ ਅਤੇ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਕਾਲਜ ਦੀ ਲੋਕਲ ਮੈਨੇਜਮੈਂਟ ਕਮੇਟੀ ਦੇ ਮੀਤ ਪ੍ਰਧਾਨ ਸ.ਹਰਦੀਪ ਸਿੰਘ ਬਹਿਲੋਲਪੁਰ, ਸ.ਅਮਰੀਕ ਸਿੰਘ ਹੇੜੀਆਂ, ਸ.ਚਰਨਜੀਤ ਸਿੰਘ ਲੱਖੋਵਾਲ ਮੈਂਬਰ ਲੋਕਲ ਮੈਨੇਜਮੈਂਟ ਕਮੇਟੀ ਬੀਬੀ ਸੁਰਿੰਦਰ ਕੌਰ, ਬੀਬੀ ਪ੍ਰਕਾਸ਼ ਕੌਰ(ਸਾਬਕਾ ਕੌਂਸਲਰ ਸਮਰਾਲਾ) ਬੀਬੀ ਤੇਜਿੰਦਰ ਕੌਰ ਢਿੱਲੋਂ, ਸ.ਅਮਨਦੀਪ ਸਿੰਘ ਰਾਜੂ ਕੌਂਲਸਰ ਸਮਰਾਲਾ ਅਤੇ ਇਲਾਕੇ ਵਿੱਚੋਂ ਹੋਰ ਪਤਵੰਤੇ ਸੱਜਣਾਂ ਨੇ ਸ਼ਮੂਲੀਅਤ ਕੀਤੀ।ਗੁਰਦੁਆਰਾ ਸ੍ਰੀ ਝਾੜ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਜਗਤਾਰ ਸਿੰਘ, ਕਾਲਜ ਸਟਾਫ਼ ਅਤੇ ਵਿਦਿਆਰਥਣਾਂ ਵੀ ਇਸ ਸਮਾਗਮ ਵਿੱਚ ਸ਼ਾਮਿਲ ਹੋਈਆਂ।ਡਾ.ਮਨਦੀਪ ਕੌਰ ਵੱਲੋਂ ਮੰਚ ਸੰਚਾਲਨ ਦੀ ਭੂਮਿਕਾ ਨਿਭਾਈ ਗਈ।

# ਜ਼ਿਲ੍ਹਾ ਅੰਮ੍ਰਿਤਸਰ ਦੀਆਂ ਅਦਾਲਤਾਂ ਵਿੱਚ 12 ਸਤੰਬਰ ਨੂੰ ਲੱਗੇਗੀ ਕੌਮੀ ਲੋਕ ਅਦਾਲਤ

## ਲੋਕ ਅਦਾਲਤ ਰਾਹੀਂ ਕੇਸਾਂ ਦਾ ਨਿਪਟਾਰਾ ਕਰਵਾਉਣ ਲਈ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਦੇ ਦਫ਼ਤਰ ਨਾਲ ਕੀਤਾ ਜਾ ਸਕਦਾ ਹੈ ਸੰਪਰਕ : ਸਕੱਤਰ



ਜੰਡਿਆਲਾ ਗੁਰੂ 5 ਅਗਸਤ (ਕੁਲਵੰਤ ਸਿੰਘ ਵਿਰਦੀ ) - ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਿਟੀ ਅਤੇ ਕਾਰਜਕਾਰੀ ਚੇਅਰਮੈਨ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਿਟੀ, ਐੱਸ.ਏ.ਐੱਸ.ਨਗਰ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਕੌਮੀ ਲੋਕ ਅਦਾਲਤ 12 ਸਤੰਬਰ, 2026 ਨੂੰ ਲਗਾਈ ਜਾਵੇਗੀ।ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਦੇ ਸਕੱਤਰ-ਕਮ-ਸੀ.ਜੇ.ਐੱਮ. ਅੰਮ੍ਰਿਤਸਰ ਸ੍ਰੀ ਅਮਰਦੀਪ ਸਿੰਘ ਬੈਂਸ ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ ਵੱਖ-ਵੱਖ ਕਿਸਮ ਦੇ ਕੇਸਾਂ ਦਾ ਆਪਸੀ ਰਜ਼ਾਮੰਦੀ ਨਾਲ ਨਿਪਟਾਰਾ ਕੀਤਾ ਜਾਵੇਗਾ। ਇਨ੍ਹਾਂ ਵਿੱਚ 138 ਐੱਨ.ਆਈ. ਐਕਟ, ਬੈਂਕ ਰਿਕਵਰੀ ਕੇਸ, ਲੇਬਰ ਕੇਸ, ਬਿਜਲੀ, ਪਾਣੀ ਅਤੇ ਕਮੇਟੀ ਘਰ ਨਾਲ ਸਬੰਧਤ ਮਾਮਲੇ, ਸੀਵਰੇਜ, ਵਾਟਰ ਸਪਲਾਈ, ਹਾਊਸ ਟੈਕਸ, ਸਾਈਟ ਪਲਾਨ, ਹਰ ਤਰ੍ਹਾਂ ਦੇ ਸਿਵਲ ਕੇਸ, ਘੱਟ ਸਜ਼ਾ ਵਾਲੇ ਅਪਰਾਧਿਕ ਮਾਮਲੇ, ਵਿਆਹੁਤਾ ਝਗੜੇ, ਮੋਟਰ ਐਕਸੀਡੈਂਟ ਕਲੇਮ ਟ੍ਰਿਬਿਊਨਲ ਕੇਸ ਅਤੇ ਇੰਸ਼ੋਰੈਂਸ ਕਲੇਮ ਆਦਿ ਸ਼ਾਮਲ ਹਨ। ਸ੍ਰੀ ਅਮਰਦੀਪ ਸਿੰਘ ਬੈਂਸ ਨੇ ਦੱਸਿਆ ਕਿ ਲੋਕ ਅਦਾਲਤ ਰਾਹੀਂ ਨਿਪਟਾਏ ਗਏ ਕੇਸਾਂ ਦਾ ਫੈਸਲਾ ਅੰਤਿਮ ਹੁੰਦਾ ਹੈ ਅਤੇ ਇਨ੍ਹਾਂ ਮਾਮਲਿਆਂ ਵਿੱਚ ਕਿਸੇ ਹੋਰ ਅਦਾਲਤ ਵਿੱਚ ਅਪੀਲ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਲੋਕ ਅਦਾਲਤ ਰਾਹੀਂ ਕੇਸਾਂ ਦਾ ਨਿਪਟਾਰਾ ਕਰਵਾਉਣ ਨਾਲ ਲੋਕਾਂ ਦੇ ਸਮੇਂ ਅਤੇ ਪੈਸੇ ਦੀ ਬਚਤ ਹੁੰਦੀ ਹੈ। ਇਸ ਤੋਂ ਇਲਾਵਾ ਦੋਵਾਂ ਧਿਰਾਂ ਵਿਚਕਾਰ ਆਪਸੀ ਸਦਭਾਵਨਾ ਵੀ ਬਣੀ ਰਹਿੰਦੀ ਹੈ ਅਤੇ ਕੋਈ ਵੀ ਧਿਰ ਆਪਣੇ ਆਪ ਨੂੰ ਜਿੱਤੀ ਜਾਂ ਹਾਰੀ ਮਹਿਸੂਸ ਨਹੀਂ ਕਰਦੀ। ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਕੇਸ ਦਾ ਨਿਪਟਾਰਾ ਲੋਕ ਅਦਾਲਤ ਵਿੱਚ ਹੋ ਜਾਂਦਾ ਹੈ ਤਾਂ ਉਸ ਕੇਸ ਨਾਲ ਸਬੰਧਤ ਅਦਾ ਕੀਤੀ ਗਈ ਕੋਰਟ ਫੀਸ ਵੀ ਵਾਪਸ ਕਰ ਦਿੱਤੀ ਜਾਂਦੀ ਹੈ। ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਵਿਅਕਤੀ ਆਪਣੇ ਝਗੜੇ ਦਾ ਨਿਪਟਾਰਾ ਆਪਸੀ ਸਹਿਮਤੀ ਨਾਲ ਕੌਮੀ ਲੋਕ ਅਦਾਲਤ ਰਾਹੀਂ ਕਰਵਾਉਣਾ ਚਾਹੁੰਦਾ ਹੈ ਤਾਂ ਉਹ ਆਪਣੀ ਅਰਜ਼ੀ ਸਬੰਧਤ ਅਦਾਲਤ ਜਾਂ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਅੰਮ੍ਰਿਤਸਰ ਦੇ ਦਫ਼ਤਰ ਵਿਖੇ ਜਮ੍ਹਾਂ ਕਰਵਾ ਸਕਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕੌਮੀ ਲੋਕ ਅਦਾਲਤ ਦਾ ਵੱਧ ਤੋਂ ਵੱਧ ਲਾਭ ਉਠਾਉਂਦੇ ਹੋਏ ਆਪਣੇ ਲੰਬਿਤ ਕੇਸਾਂ ਦਾ ਛੇਤੀ ਅਤੇ ਸੁਖਾਵੇਂ ਢੰਗ ਨਾਲ ਨਿਪਟਾਰਾ ਕਰਵਾਉਣ।

# ਪਿੰਡ ਸੰਗਤਪੁਰ ਦੇ ਰਹਿਣ ਵਾਲੇ ਬਲਵਿੰਦਰ ਸਿੰਘ ਸੰਗਤਪੁਰ ਬਣੇ ਸੂਬੇਦਾਰ ਮੇਜਰ ਪਿੰਡ ਵਾਸੀਆਂ ਵੱਲੋਂ ਬਲਵਿੰਦਰ ਸਿੰਘ ਸੰਗਤਪੁਰ ਦਾ ਕੀਤਾ ਗਿਆ ਨਿੱਘਾ ਸਵਾਗਤ





ਚੋਹਲਾ ਸਾਹਿਬ , 5 ਅਗਸਤ (ਆਵਾਜ਼ਿ ਕੌਮ ਬਿਊਰੋ)- ਇਥੋਂ ਨੇੜਲੇ ਪਿੰਡ ਸੰਗਤਪੁਰ ਦੇ ਰਹਿਣ ਵਾਲੇ ਬਲਵਿੰਦਰ ਸਿੰਘ ਬਣੇ ਸੂਬੇਦਾਰ ਮੇਜਰ। ਇਸ ਮੌਕੇ ਉਹਨਾਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਮੈਂ ਆਪਣੇ ਪਿੰਡ ਸਰਕਾਰੀ ਸਕੂਲ ਵਿੱਚ ਹੀ ਪੜਾਈ ਕੀਤੀ ਹੈ ਸਾਡੇ ਪਿਤਾ ਸਰਦਾਰ ਅਮਰੀਕ ਸਿੰਘ ਨੇ ਸਾਨੂੰ ਬਹੁਤ ਹੀ ਮਿਹਨਤ ਨਾਲ ਪੜ੍ਹਾਇਆ ਘਰ ਵਿੱਚ ਗਰੀਬੀ ਬਹੁਤ ਸੀ ਆਪਣੇ ਬਾਪੂ ਦੀ ਮਿਹਨਤ ਸਦਕਾ ਹੀ ਮੈਂ ਇਸ ਅਹੁਦੇ ਤੇ ਪਹੁੰਚਿਆ ਹਾਂ। ਅੱਜ ਮੈਂ ਆਪਣੇ ਪਿੰਡ ਸੰਗਤਪੁਰ ਵਿਖੇ ਸਕੂਲ ਵਿੱਚ ਬੱਚਿਆਂ ਨੂੰ ਮਿਲਣ ਲਈ ਆਇਆ ਹਾਂ। ਇਸ ਮੌਕੇ ਸਰਪੰਚ ਗੁਰਤੇਜ ਸਿੰਘ ਨੇ ਉੱਥੇ ਪਹੁੰਚਣ ਤੇ ਉਹਨਾਂ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕੀਤਾ ਅਤੇ ਉਹਨਾਂ ਨੇ ਬੱਚਿਆਂ ਨੂੰ ਕਿਹਾ ਕਿ ਤੁਸੀਂ ਵੀ ਵੱਧ ਤੋਂ ਵੱਧ ਪੜ੍ਹਾਈ ਕਰੋ ਅਤੇ ਇਹਨਾਂ ਦੀ ਤਰ੍ਹਾਂ ਹੀ ਅਫਸਰ ਬਣ ਕੇ ਪਿੰਡ ਦਾ ਨਾਮ ਰੌਸ਼ਨ ਕਰੋ।ਸਰਪੰਚ ਸਾਹਿਬ ਨੇ ਦੱਸਿਆ ਕਿ ਇਹਨਾਂ ਦੇ ਪਿਤਾ ਸਰਦਾਰ ਅਮਰੀਕ ਸਿੰਘ ਇਕ ਨੇਕ ਇਨਸਾਨ ਸਨ ਉਹਨਾਂ ਦੀ ਮਿਹਨਤ ਅੱਜ ਰੰਗ ਲੈ ਆਈ।ਇਸ ਮੌਕੇ ਸਕੂਲ ਦੇ ਅਧਿਆਪਕਾਂ ਵੱਲੋਂ ਵੀ ਸੂਬੇਦਾਰ ਮੇਜਰ ਨੂੰ ਵਧਾਈਆਂ ਦਿੱਤੀਆਂ ਗਈਆਂ।ਇਸ ਮੌਕੇ ਉਹਨਾਂ ਦੇ ਨਾਲ ਉਹਨਾਂ ਦਾ ਬੇਟਾ ਅਰਸ਼ਦੀਪ ਸਿੰਘ ਅਤੇ ਪਤਨੀ ਗੁਰਮੀਤ ਕੌਰ ਵੀ ਪਹੁੰਚੇ ਉਹਨਾਂ ਨੂੰ ਵੀ ਸਨਮਾਨਿਤ ਕੀਤਾ ਗਿਆ! ਇਸ ਮੌਕੇ ਉਹਨਾਂ ਨੇ ਕਿਹਾ ਕਿ ਮੈਂ ਹਰ ਸਾਲ ਹੀ ਸਕੂਲ ਵਿੱਚ ਕੁਝ ਨਾ ਕੁਝ ਯੋਗਦਾਨ ਜ਼ਰੂਰ ਦਿਆ ਕਰਾਂਗਾ।ਜੋ ਸਾਡੇ ਬੱਚੇ ਪੜ੍ਹ ਕੇ ਵੱਡੇ ਅਫਸਰ ਬਣ ਸਕਣ ਅਤੇ ਪਿੰਡ ਦਾ ਨਾਮ ਰੋਸ਼ਨ ਕਰਨ।ਇਸ ਮੌਕੇ ਮੈਂਬਰ ਬਲਜੀਤ ਸਿੰਘ, ਮੈਂਬਰ ਸਵਿੰਦਰ ਸਿੰਘ, ਮੈਂਬਰ ਸੁਖਦੇਵ ਸਿੰਘ, ਮੈਡਮ ਸਿਮਰਨਜੀਤ ਕੌਰ , ਅਧਿਆਪਕ ਰਿਪਨਜੀਤ ਸਿੰਘ ਮੌਜੂਦ ਸਨ।

ਆਵਾਜ਼ਿ ਕੌਮ AWAZE QAUM WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243